@Qpatrika
@qaumipatrika punjabi
instagram.com/qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

ਦਿੱਲੀ, ਹਿਮਾਚਲ, ਹਰਿਆਣਾ, ਪੰਜਾਬ, उत्तर प्रदेश, उत्तराखण्ड से प्रसारित।

Thursday, 16 May 2024

VISIT: www.qaumipatrika.org
Email: qpatrika@gmail.com

Punjabi National Daily

ਨਵੀਂ ਦਿੱਲੀ: ਵੀਰਵਾਰ 16 ਮਈ 2024, 2 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 176, qpatrika@gmail.com ਫੋਨ : 9971359517 www.qaumipatrika.org

## ਨਹੀਂ ਦੇਖ ਸਕੋਗੇ ਟੋਲ ਪਲਾਜਾ ‘ਤੇ ਹਾਦਸੇ ਦੀ ਖੌਫਨਾਕ ਵੀਡੀਓ ਵਾਇਰਲ

ਨੈਸ਼ਨਲ ਡੈਸਕ 15 ਮਈ। ਪਰਤਾਪੁਰ ਇਲਾਕੇ ‘ਚ ਦਿੱਲੀ-ਮੇਰਠ ਐਕਸਪ੍ਰੈੱਸ ਵੇਅ ‘ਤੇ ਸਥਿਤ ਕਾਸੀ ਟੋਲ ਪਲਾਜਾ ਦੇ ਕਰਮਚਾਰੀ ਨੂੰ ਅਣਪਛਾਤੇ ਕਾਰ ਚਾਲਕ ਨੇ ਟੱਕਰ ਮਾਰ ਕੇ ਕੁਚਲ ਦਿੱਤਾ। ਘਟਨਾ ਦੀ ਇੱਕ ਵੀਡੀਓ ਵਾਇਰਲ ਹੋਈ ਹੈ, ਜਿਸ ਵਿਚ ਡਰਾਈਵਰ ਮਹਿਲਾ ਟੋਲ ਸੁਪਰਵਾਈਜਰ ਨਾਲ ਕੁਝ ਦੇਰ ਤੱਕ ਬਹਿਸ ਕਰਦਾ ਹੈ ਅਤੇ ਫਿਰ ਅਚਾਨਕ ਆਪਣੀ ਕਾਰ ਤੇਜ ਕਰ ਕੇ ਮੌਕੇ ਤੋਂ ਫਰਾਰ ਹੋ ਜਾਂਦਾ ਹੈ। ਇਸ ਕੋਸਿ?ਸ ‘ਚ ਮਹਿਲਾ ਟੋਲ ਕਰਮਚਾਰੀ ਕਾਰ ਦੇ ਬੋਨਟ ‘ਤੇ ਜਾ ਡਿੱਗੀ ਅਤੇ ਫਿਰ ਕਾਰ ਤੋਂ ਤਿਲਕ ਕੇ ਹੇਠਾਂ ਜਾ ਡਿੱਗੀ, ਜਿਸ ਕਾਰਨ ਕਾਰ ਮੌਕੇ ਤੋਂ ਭੱਜ ਗਈ। ਪੁਲਸ ਨੂੰ ਇਸ ਘਟਨਾ ਦੀ ਸ?ਿਕਾਇਤ ਦਰਜ ਕਰਵਾਈ ਗਈ ਹੈ ਅਤੇ ਦੋਸੀਆਂ ਦੀ ਪਛਾਣ ਕਰਨ ਲਈ ਟੋਲ ਬੂਥ ‘ਤੇ ਲੱਗੇ ਸੀ.ਸੀ.ਟੀ.ਵੀ ਕੈਮਰੇ ਖਗਾਲੇ ਜਾ ਰਹੇ ਹਨ। ਕਾਸ਼ੀ ਟੋਲ ਪਲਾਜਾ ਦੇ ਮੈਨੇਜਰ ਅਨਿਲ ਸ਼ਰਮਾ ਨੇ ਕਿਹਾ ਕਿ ਦਿੱਲੀ ਤੋਂ ਆ ਰਹੀ ਕਾਰ ਨੇ ਸਾਡੇ ਸਟਾਫ ਮੈਂਬਰ ਦੇ ਨਾਲ ਦੁਰਵਿਹਾਰ ਕੀਤਾ। ਟੋਲ ਮੰਗਣ ਤੇ ਸਾਡੇ ਸਟਾਫ ਉੱਪਰ ਕਾਰ ਚੱੜ੍ਹਾ ਦਿੱਤੀ। ਜਿਸ ਕਾਰਨ ਉਹ ਗੰਭੀਰ ਜਖਮੀ ਹੋ ਗਈ। ਉਨ੍ਹਾਂ ਨੇ ਕਿਹਾ ਕਿ ਇਹ ਇਕ ਗੰਭੀਰ ਘਟਨਾ ਹੈ, ਇਸ ਉੱਪਰ ਪੂਰੀ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਕਿ ਇਹ ਘਟਨਾ ਦੌਬਾਰਾ ਨਾ ਹੋਵੇ।

## ਹੁਣ ਦਿੱਲੀ ਦੀ ਤਿਹਾੜ ਜੇਲ੍ਹ ਨੂੰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ

ਨਵੀਂ ਦਿੱਲੀ 15 ਮਈ। ਰਾਸਟਰੀ ਰਾਜਧਾਨੀ ਦੇ ਚਾਰ ਹਸਪਤਾਲਾਂ ਨੂੰ ਬੰਬ ਦੀ ਧਮਕੀ ਮਿਲਣ ਤੋਂ ਕੁਝ ਘੰਟਿਆਂ ਬਾਅਦ ਨਵੀਂ ਦਿੱਲੀ ਦੀ ਤਿਹਾੜ ਜੇਲ੍ਹ ਨੂੰ ਵੀ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਜੇਲ੍ਹ ਅਧਿਕਾਰੀਆਂ ਨੇ ਦੱਸਿਆ ਕਿ ਪ੍ਰਸਾਸਨ ਨੇ ਦਿੱਲੀ ਪੁਲਸ ਨੂੰ ਚਿਤਾਵਨੀ ਕਾਲ ਦੀ ਸੂਚਨਾ ਦਿੱਤੀ ਸੀ। ਇਕ ਨਿਊਜ ਏਜੰਸੀ ਦੀ ਰਿਪੋਰਟ ਮੁਤਾਬਕ ਜੇਲ੍ਹ ਪ੍ਰਸਾਸਨ ਨੂੰ ਇਕ ਈਮੇਲ ਵੀ ਮਿਲਿਆ ਹੈ। ਦਿੱਲੀ ਪੁਲਸ ਨੇ ਜਾਂਚ ਸੁਰੂ ਕਰ ਦਿੱਤੀ ਹੈ ਪਰ ਅਜੇ ਤੱਕ ਕੁਝ ਵੀ ਸਾਹਮਣੇ ਨਹੀਂ ਆਇਆ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਧਮਕੀ ਭਰੀ ਈਮੇਲ ‘ਚ ਰਾਸਟਰੀ ਰਾਜਧਾਨੀ ਦੇ ਚਾਰ ਹਸਪਤਾਲਾਂ - ਦੀਪ ਚੰਦ ਬੰਧੂ ਹਸਪਤਾਲ, ਜੀਟੀਬੀ ਹਸਪਤਾਲ, ਦਾਦਾ ਦੇਵ ਹਸਪਤਾਲ ਅਤੇ ਹੇਡਗੇਵਾਰ ਹਸਪਤਾਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਸੀ। ਪੁਲਸ ਇਸ ਧਮਕੀ ਭਰੀ ਈਮੇਲ ਮਗਰੋਂ ਹਸਪਤਾਲਾਂ ਦੀ ਜਾਂਚ ਕਰ ਰਹੀ ਹੈ।

## ਦਿੱਲੀ ‘ਚ ਮੁੜ ਫੈਲੀ ਦਹਿਸ਼ਤ ! 4 ਹਸਪਤਾਲਾਂ ਨੂੰ ਈਮੇਲ ਜਰੀਏ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ

ਨਵੀਂ ਦਿੱਲੀ 15 ਮਈ। ਰਾਸ਼ਟਰੀ ਰਾਜਧਾਨੀ ਦੇ 4 ਹਸਪਤਾਲਾਂ ਨੂੰ ਮੰਗਲਵਾਰ ਯਾਨੀ ਕਿ ਅੱਜ ਈਮੇਲ ਜਰੀਏ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਦਿੱਲੀ ਫਾਇਰ ਬ੍ਰਿਗੇਡ ਵਿਭਾਗ ਸੇਵਾ ਦੇ ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਜੀਟੀਬੀ ਹਸਪਤਾਲ, ਦਾਦਾ ਦੇਵ ਹਸਪਤਾਲ, ਹੇਡਗੇਵਾਰ ਹਸਪਤਾਲ ਅਤੇ ਦੀਪਚੰਦ ਬੰਧੂ ਹਸਪਤਾਲ ਤੋਂ ਬੰਬ ਦੀ ਧਮਕੀ ਵਾਲੀਆਂ ਈਮੇਲਾਂ ਮਿਲਣ ਦੀ ਜਾਣਕਾਰੀ ਫੋਨ ‘ਤੇ ਮਿਲੀ। ਅਧਿਕਾਰੀਆਂ ਨੇ ਦੱਸਿਆ ਕਿ ਬੰਬ ਰੋਕੂ ਦਸਤਾ, ਬੰਬ ਦਾ ਪਤਾ ਲਾਉਣ ਵਾਲੀ ਟੀਮ, ਫਾਇਰ ਬ੍ਰਿਗੇਡ ਕਰਮੀ ਅਤੇ ਸਥਾਨਕ ਪੁਲਸ ਤਲਾਸ਼ੀ ਲੈਣ ਲਈ ਮੌਕੇ ‘ਤੇ ਪਹੁੰਚੇ। ਪੁਲਸ ਅਤੇ ਬੰਬ ਰੋਕੂ ਦਸਤਿਆਂ ਨੇ ਜਾਂਚ ਕੀਤੀ। ਉਨ੍ਹਾਂ ਕਿਹਾ ਕਿ ਅਸੀਂ ਦੋ ਵਾਰ ਜਾਂਚ ਕੀਤੀ ਹੈ, ਹੁਣ ਤੱਕ ਕੁਝ ਵੀ ਸ਼ੱਕੀ ਨਹੀਂ ਮਿਲਿਆ। ਓਧਰ ਦਿੱਲੀ ਪੁਲਸ ਨੇ ਧਮਕੀ ਭਰੇ ਈਮੇਲ ਦੇ ਸੋਰਸ ਦਾ ਪਤਾ ਲਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਹੈ। ਅਧਿਕਾਰੀਆਂ ਮੁਤਾਬਕ ਪਿਛਲੇ ਇਕ ਮਹੀਨੇ ਵਿਚ ਇਹ ਚੌਥੀ ਵਾਰ ਹੈ, ਜਦੋਂ ਸਕੂਲਾਂ ਸਮੇਤ ਵੱਖ-ਵੱਖ ਥਾਵਾਂ ‘ਤੇ ਇਸ ਤਰ੍ਹਾਂ ਦੀਆਂ ਧਮਕੀਆਂ ਮਿਲੀਆਂ ਹਨ। ਇਸ ਤੋਂ ਦੋ ਦਿਨ ਪਹਿਲਾਂ 20 ਹਸਪਤਾਲਾਂ ਅਤੇ ਹਵਾਈ ਅੱਡੇ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਸੀ। ਦਿੱਲੀ ਦੇ ਚਾਚਾ ਨਹਿਰੂ ਹਸਪਤਾਲ ਨੂੰ 30 ਅਪ੍ਰੈਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਸੀ। 1 ਮਈ ਨੂੰ ਲੱਗਭਗ 150 ਸਕੂਲਾਂ ਨੂੰ ਰੂਸ ਆਧਾਰਿਤ ਮੇਲਿੰਗ ਸੇਵਾ ਕੰਪਨੀ ਤੋਂ ਈਮੇਲ ਜਰੀਏ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਸੀ।

### ਧਾਰਾ 370 ਹਟਾਉਣ ਮਗਰੋਂ ਲੋਕਾਂ ਨੇ ਬਿਨਾ ਕਿਸੇ ਡਰ ਦੇ ਪਾਈ ਵੋਟ, ਇਹੀ ਬਦਲਾਅ ਹੈ: ਡਾ. ਅੰਦਰਾਬੀ

ਨੈਸ਼ਨਲ ਡੈਸਕ 15 ਮਈ। ਜੰਮੂ-ਕਸ਼ਮੀਰ ਵਕਫ ਬੋਰਡ ਦੀ ਚੇਅਰਪਰਸਨ ਤੇ ਭਾਜਪਾ ਆਗੂ ਡਾ. ਦਰਖਸ਼ਾਂ ਅੰਦਰਾਬੀ ਨੇ ਕਿਹਾ ਕਿ ਘਾਟੀ ਵਿਚ ਲੰਬੇ ਸਮੇਂ ਮਗਰੋਂ ਲੋਕਾਂ ਨੇ ਬਿਨਾਂ ਕਿਸੇ ਡਰ ਦੇ ਵੋਟ ਪਾਈ ਹੈ। ਉਨ੍ਹਾਂ ਕਿਹਾ ਕਿ, “ਪਹਿਲਾਂ ਲੋਕਾਂ ਵਿਚ ਇੰਨਾ ਡਰ ਹੁੰਦਾ ਸੀ ਕਿ ਉਹ ਵੋਟ ਪਾਉਣ ਲਈ ਬਾਹਰ ਨਹੀਂ ਆ ਪਾਉਂਦੇ ਸੀ। ਪਰ ਇਸ ਵਾਰ ਲੋਕ ਵੋਟ ਕਰਨ ਲਈ ਘਰਾਂ ਤੋਂ ਬਾਹਰ ਨਿਕਲੇ ਹਨ। ਇਹੀ ਬਦਲਾਅ ਹੈ...।“ ਦੱਸ ਦਈਏ ਕਿ ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ-ਕਸ਼ਮੀਰ ਤੋਂ ਧਾਰਾ-370 ਹਟਾਏ ਜਾਣ ਮਗਰੋਂ ਉੱਥੇ ਪੈ ਰਹੀਆਂ ਵੋਟਾਂ ਨੂੰ ਲੈ ਕੇ ਲੋਕਾਂ ਵਿਚ ਜਬਰਦਸਤ ਉਤਸ਼ਾਹ ਨਜਰ ਆਇਆ। ਕੇਂਦਰ ਦੀ ਮੋਦੀ ਸਰਕਾਰ ਨੇ 5 ਅਗਸਤ, 2019 ‘ਚ ਸੂਬੇ ਵਿਚ ਧਾਰਾ-370 ਖਤਮ ਕਰ ਦਿੱਤੀ ਸੀ। ਇਸ ਦੇ ਨਾਲ ਹੀ ਸੂਬੇ ਨੂੰ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਜੰਮੂ-ਕਸ਼ਮੀਰ ਅਤੇ ਲੱਦਾਖ ਵਿਚ ਵੰਡ ਦਿੱਤਾ ਗਿਆ ਸੀ। ਇਸ ਦੇ ਨਾਲ ਹੀ ਸੂਬੇ ਦੀ ਵਿਧਾਨ ਸਭਾ ਨੂੰ ਵੀ ਮੁਲਤਵੀ ਕਰ ਦਿੱਤਾ ਗਿਆ ਸੀ। ਕੇਂਦਰ ਸ਼ਾਸਿਤ ਪ੍ਰਦੇਸ਼ ਵਿਚ ਹੋਏ ਇਨ੍ਹਾਂ ਬਦਲਾਵਾਂ ਮਗਰੋਂ ਇੱਥੇ ਪਹਿਲੀ ਵਾਰ ਚੋਣਾਂ ਹੋਈਆਂ। ਤਿੰਨ ਦਹਾਕਿਆਂ ਤੋਂ ਵੱਧ ਸਮੇਂ ਤੋਂ ਅੱਤਵਾਦ ਤੋਂ ਪ੍ਰਭਾਵਿਤ ਜੰਮੂ-ਕਸ਼ਮੀਰ ਦੇ ਸ਼੍ਰੀਨਗਰ ਵਿਚ 2024 ਵਿਚ ਪਹਿਲੀ ਵਾਰ ਜਬਰਦਸਤ ਵੋਟਿੰਗ ਹੋਈ।

# ‘ਕਾਂਗਰਸ ਦੀ ਕਮਜੋਰ ਸਰਕਾਰ ਨੇ ਦੇਸ਼ ਨੂੰ ਨਕਸਲਵਾਦ ਦੀ ਅੱਗ ‘ਚ ਸੁੱਟ ਦਿੱਤਾ’: ਮੋਦੀ

**ਸਿੰਮੀ ਕੌਰ ਬੱਬਰ**

ਕੋਡਰਮਾ 15 ਮਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਯਾਨੀ ਮੰਗਲਵਾਰ ਨੂੰ ਝਾਰਖੰਡ ਦੇ ਕੋਡਰਮਾ ‘ਚ ਇਕ ਜਨ ਸਭਾ ਨੂੰ ਸੰਬੋਧਨ ਕਰਦੇ ਹੋਏ ਕਾਂਗਰਸ ‘ਤੇ ਤਿੱਖਾ ਹਮਲਾ ਕੀਤਾ। ਉਨ੍ਹਾਂ ਕਿਹਾ ਕਿ ਕੋਡਰਮਾ ਅਤੇ ਖੇਤਰ ਦੇ ਲੋਕਾਂ ਨੇ ਦਹਾਕਿਆਂ ਤੋਂ ਕਮਜੋਰ ਸਰਕਾਰ ਦਾ ਰਵੱਈਆ ਦੇਖਿਆ ਹੈ। ਕਾਂਗਰਸ ਦੀ ਕਮਜੋਰ ਸਰਕਾਰ ਨੇ ਦੇਸ ਨੂੰ ਨਕਸਲਵਾਦ ਦੀ ਅੱਗ ਵਿੱਚ ਸੁੱਟ ਦਿੱਤਾ। ਨਕਸਲਵਾਦ ਨੇ ਦੇਸ ਦਾ ਨੁਕਸਾਨ ਕੀਤਾ ਅਤੇ ਦੇਸ ਦੀਆਂ ਕਈ ਮਾਵਾਂ ਦੇ ਸੁਪਨਿਆਂ ਨੂੰ ਕੁਚਲ ਦਿੱਤਾ। ਪੀ.ਐੱਮ. ਮੋਦੀ ਨੇ ਕਿਹਾ ਕਿ ਜਿਹੜੇ ਪੁੱਤਰ ਨਕਸਲਵਾਦ ਦੇ ਰਾਹ ‘ਤੇ ਚੱਲ ਰਹੇ ਸਨ ਅਤੇ ਬੰਦੂਕ ਚੁੱਕ ਰਹੇ ਸਨ, ਉਨ੍ਹਾਂ ਨੇ ਮਾਂ ਨੂੰ ਸਾਰੀ ਉਮਰ ਰੋਣ ਲਈ ਮਜਬੂਰ ਕੀਤਾ। ਮੈਂ ਕੋਡਰਮਾ ਦੀ ਧਰਤੀ ਤੋਂ ਇਹ ਗਾਰੰਟੀ ਦੇ ਰਿਹਾ ਹਾਂ, ਚਾਹੇ ਉਹ ਅੱਤਵਾਦ ਹੋਵੇ ਜਾਂ ਨਕਸਲਵਾਦ, ਮੋਦੀ ਨੇ ਆਪਣੇ ਤੀਜੇ ਕਾਰਜਕਾਲ ਵਿੱਚ ਉਨ੍ਹਾਂ ‘ਤੇ ਵੱਡਾ ਹਮਲਾ ਕਰਨ ਦਾ ਸੰਕਲਪ ਲਿਆ ਹੈ। ਮੋਦੀ ਝਾਰਖੰਡ ਨੂੰ ਮੁੜ ਨਕਸਲਵਾਦ ਦਾ ਗੜ੍ਹ ਨਹੀਂ ਬਣਨ ਦੇਣਗੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸ੍ਰੀਨਗਰ ਵਿੱਚ ਕੱਲ੍ਹ ਹੋਈ ਵੋਟਿੰਗ ਵਿੱਚ




ਲੋਕਤੰਤਰ ਪ੍ਰਤੀ ਸਨਮਾਨ ਪ੍ਰਗਟ ਕੀਤਾ ਗਿਆ। ਜਿਸ ‘ਤੇ ਭਾਰਤ ਦੇ ਸੰਵਿਧਾਨ ‘ਤੇ ਮੋਹਰ ਲੱਗੀ ਹੋਈ ਹੈ। ਦਹਾਕਿਆਂ ਬਾਅਦ ਸ੍ਰੀਨਗਰ ਵਿੱਚ ਚੋਣ ਦਾ ਜਸਨ ਸੀ। ਲੋਕਾਂ ਵਿੱਚ ਭਾਰੀ ਉਤਸਾਹ ਸੀ। ਲੋਕ ਕਹਿ ਰਹੇ ਸਨ ਕਿ ਇਹ 370 ਦੇ ਹਟਣ ਤੋਂ ਬਾਅਦ ਅਤੇ ਮੋਦੀ ਦੇ ਆਉਣ ਤੋਂ ਬਾਅਦ ਸੰਭਵ ਹੋਇਆ। ਅੱਗੇ ਪ੍ਰਧਾਨ ਮੰਤਰੀ ਨੇ ਕਿਹਾ ਕਿ ਝਾਮੁਮੋ, ਕਾਂਗਰਸ ਅਤੇ ਆਰ.ਜੇ.ਡੀ. ਦੇ ਲੋਕ ਦਹਿਸਤ ਵਿੱਚ ਹਨ। ਕੋਡਰਮਾ ਵਿੱਚ, ‘ਇੰਡੀਆ’ ਗਠਜੋੜ ਦੇ ਇੱਕ ਨੇਤਾ ਨੇ ਮੈਨੂੰ ਗੋਲੀ ਮਾਰਨ ਦੀ ਗੱਲ ਕੀਤੀ ਸੀ। ਜਿਹੜੇ ਲੋਕ ਮੋਦੀ ਦੀ ਕਬਰ ਖੋਦਣ ਦੇ ਸੁਪਨੇ ਦੇਖ ਰਹੇ ਹਨ, ਉਹ ਇੱਥੇ ਆ ਕੇ ਇਹ ਨਜਾਰਾ ਦੇਖਣ। ਇਹ ਗੋਲੀ ਮਾਰਨ ਵਾਲਿਆਂ ਵਿਰੁੱਧ ਮੇਰੀ ਸੁਰੱਖਿਆ ਢਾਲ ਹੈ। ਉਨ੍ਹਾਂ ਕਿਹਾ ਕਿ ਇਕ ਕਾਂਗਰਸੀ ਮੰਤਰੀ, ਮੰਤਰੀ ਦੇ ਮੁਲਾਜਮ ਅਤੇ ਮੁਲਾਜਮ ਦੇ ਨੌਕਰ ਦੇ ਘਰੋਂ ਕਰੰਸੀ ਨੋਟਾਂ ਦੇ ਪਹਾੜ ਨਿਕਲ ਰਹੇ ਹਨ। ਨੋਟਾਂ ਦੇ ਇਹ ਪਹਾੜ ਇੰਨੇ ਵੱਡੇ ਹਨ ਕਿ ਗਿਣਦੇ ਸਮੇਂ ਮਸੀਨ ਵੀ ਥੱਕ ਜਾਂਦੀ ਹੈ... ਕਾਂਗਰਸੀ ਸੰਸਦ ਮੈਂਬਰ ਦੇ ਘਰੋਂ ਨਿਕਲੇ ਨੋਟਾਂ ਦੇ ਪਹਾੜ... ਇਨ੍ਹਾਂ ਦੇ ਸਿਰ ‘ਤੇ ਕਿਸ ਦਾ ਹੱਥ ਹੈ? ਉਹ ਜੋ ਵੀ ਕਰਦੇ ਹਨ, ਉਹ ਸਾਹੀ ਪਰਿਵਾਰ ਦੇ ਕਹਿਣ ‘ਤੇ ਕਰਦੇ ਹਨ... ਇਹ ਤਾਂ ਸੁਰੂਆਤ ਹੈ, ਮੈਂ ਹੋਰ ਖਜਾਨੇ ਲੱਭਣ ਵਾਲਾਂ ਹਾਂ।

## ਦੇਸ਼ ‘ਚ ਕੋਵਿਡ ਟੀਕਾਕਰਨ ਦਾ ਅੰਕੜਾ 220.68 ਕਰੋੜ ਤੋਂ ਪਾਰ

ਜੈਤੋ, 15 ਮਈ। ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ ਨੇ ਅੱਜ ਯਾਨੀ ਬੁੱਧਵਾਰ ਨੂੰ ਕਿਹਾ ਕਿ ਦੇਸ ਵਿੱਚ ਬੀਤੇ 24 ਘੰਟਿਆਂ ਵਿੱਚ ਕੋਵਿਡ -19 ਦੇ ਸਰਗਰਮ ਮਾਮਲਿਆਂ ਵਿੱਚ 12 ਦੀ ਕਮੀ ਆਈ ਹੈ ਅਤੇ ਹੁਣ ਸਿਰਫ 667 ਮਰੀਜ ਸਰਗਰਮ ਹਨ। ਇਲਾਜ ਅਧੀਨ 113 ਮਰੀਜਾਂ ਨੂੰ ਛੁੱਟੀ ਦੇ ਦਿੱਤੀ ਗਈ। ਪੂਰੇ ਦੇਸ ਵਿੱਚ ਉੱਤਰ ਪ੍ਰਦੇਸ ਸੂਬੇ ਵਿੱਚ ਸਭ ਤੋਂ ਵੱਧ 7 ਸਰਗਰਮ ਮਰੀਜ ਹਨ। ਬੁੱਧਵਾਰ ਸਵੇਰੇ 8 ਵਜੇ ਤੱਕ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ ਦੁਆਰਾ ਜਾਰੀ ਕੀਤੇ ਗਏ ਅੰਕੜਿਆਂ ਅਨੁਸਾਰ, ਬੀਤੇ 24 ਘੰਟਿਆਂ ਵਿੱਚ ਕਰੋਨਾ ਵਾਇਰਸ ਦੀ ਲਾਗ ਕਾਰਨ 2 ਮਰੀਜਾਂ ਦੀ ਮੌਤ ਹੋ ਗਈ ਹੈ, ਜਿਨ੍ਹਾਂ ਵਿੱਚੋਂ 1 ਮਰੀਜ ਕੇਰਲ ਅਤੇ 1 ਦਿੱਲੀ ਦਾ ਹੈ। ਬੀਤੇ 24 ਘੰਟਿਆਂ ਵਿੱਚ, 113 ਮਰੀਜ ਠੀਕ ਹੋ ਗਏ ਹਨ, ਜਿਸ ਨਾਲ ਠੀਕ ਹੋਏ ਮਰੀਜਾਂ ਦੀ ਕੁੱਲ ਗਿਣਤੀ 4,45,04,492 ਹੋ ਗਈ ਹੈ, ਜਦੋਂ ਕਿ 2 ਲੋਕਾਂ ਦੀ ਮੌਤ ਦੇ ਨਾਲ, ਕੁੱਲ ਗਿਣਤੀ 5,33,602 ਹੋ ਗਈ ਹੈ। ਸਿਹਤ ਮੰਤਰਾਲਾ ਦੇ ਅਨੁਸਾਰ, ਬੀਤੇ 24 ਘੰਟਿਆਂ ਵਿੱਚ ਦੇਸ ਵਿੱਚ ਹੁਣ ਤੱਕ ਕੋਵਿਡ -19 ਲਈ 220,68,94,241 ਟੀਕੇ ਪੂਰੇ ਕੀਤੇ ਜਾ ਚੁੱਕੇ ਹਨ।

## ਕੇਂਦਰ ਸਰਕਾਰ ਦਾ ਵੱਡਾ ਫੈਸਲਾ, ਲਿੱਟੇ ‘ਤੇ 5 ਸਾਲਾਂ ਲਈ ਹੋਰ ਵਧਾਈ ਪਾਬੰਦੀ

ਨਵੀਂ ਦਿੱਲੀ 15 ਮਈ। ਕੇਂਦਰ ਸਰਕਾਰ ਨੇ ਮੰਗਲਵਾਰ ਨੂੰ ਲਿਬਰੇਸਨ ਟਾਈਗਰਜ ਆਫ ਤਾਮਿਲ ਈਲਮ () ‘ਤੇ ਪਾਬੰਦੀ ਨੂੰ 5 ਸਾਲ ਲਈ ਵਧਾ ਦਿੱਤਾ ਹੈ। ਕਿਉਂਕਿ ਇਹ ਸੰਗਠਨ ਲਗਾਤਾਰ ਲੋਕਾਂ ‘ਚ ਵੱਖਵਾਦ ਨੂੰ ਹੱਲਾਸ਼ੇਰੀ ਦੇ ਰਿਹਾ ਹੈ ਅਤੇ ਭਾਰਤ ‘ਚ ਖਾਸ ਤੌਰ ‘ਤੇ ਤਾਮਿਲਨਾਡੂ ‘ਚ ਆਪਣਾ ਸਮਰਥਨ ਵਧਾ ਰਿਹਾ ਹੈ। ਕੇਂਦਰੀ ਗ੍ਰਹਿ ਮੰਤਰਾਲੇ ਨੇ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ, 1967 ਦੀ ਧਾਰਾ 3 ਦੀਆਂ ਉਪ ਧਾਰਾਵਾਂ (1) ਅਤੇ (3) ਨੂੰ ਲਾਗੂ ਕਰਨ ‘ਤੇ ਪਾਬੰਦੀ ਲਗਾਈ ਸੀ। ਗ੍ਰਹਿ ਮੰਤਰਾਲੇ ਨੇ ਇਕ ਨੋਟੀਫਿਕੇਸਨ ‘ਚ ਕਿਹਾ ਕਿ ਕੇਂਦਰ ਸਰਕਾਰ ਦਾ ਵਿਚਾਰ ਹੈ ਕਿ ਲਿੱਟੇ ਅਜੇ ਵੀ ਅਜਿਹੀਆਂ ਗਤੀਵਿਧੀਆਂ ‘ਚ ਸ਼ਾਮਲ ਹੈ, ਜੋ ਦੇਸ ਦੀ ਅਖੰਡਤਾ ਅਤੇ ਸੁਰੱਖਿਆ ਲਈ ਨੁਕਸਾਨਦੇਹ ਹਨ। ਕਿਹਾ ਗਿਆ ਹੈ ਕਿ ਮਈ 2009 ਵਿਚ ਸ੍ਰੀਲੰਕਾ ‘ਚ ਆਪਣੀ ਹਾਰ ਤੋਂ ਬਾਅਦ ਵੀ ਲਿੱਟੇ ਨੇ ‘ਈਲਮ’ (ਤਾਮਿਲਾਂ ਲਈ ਇਕ ਵੱਖਰਾ ਦੇਸ) ਦਾ ਸੰਕਲਪ ਨਹੀਂ ਛੱਡਿਆ ਹੈ ਅਤੇ ਗੁਪਤ ਤੌਰ ‘ਤੇ ‘ਪ੍ਰਚਾਰ ਗਤੀਵਿਧੀਆਂ ਅਤੇ ਫੰਡ ਇਕੱਠਾ ਕਰਨ’ ਜਰੀਏ ‘ਈਲਮ’ ਲਈ ਕੰਮ ਕਰ ਰਿਹਾ ਹੈ। ਨੋਟੀਫਿਕੇਸਨ ਮੁਤਾਬਕ ਬਾਕੀ ਬਚੇ ਲਿੱਟੇ ਨੇਤਾਵਾਂ ਜਾਂ ਕੈਡਰਾਂ ਨੇ ਵੀ ਬਿਖਰੇ ਹੋਏ ਵਰਕਰਾਂ ਨੂੰ ਮੁੜ ਸੰਗਠਿਤ ਕਰਨ ਅਤੇ ਸਥਾਨਕ ਅਤੇ ਅੰਤਰਰਾਸਟਰੀ ਪੱਧਰ ‘ਤੇ ਸੰਗਠਨ ਨੂੰ ਮੁੜ ਜੀਵੰਤ ਕਰਨ ਲਈ ਯਤਨ ਸੁਰੂ ਕਰ ਦਿੱਤੇ ਹਨ। ਕੁਝ ਹੋਰ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਨੋਟੀਫਿਕੇਸਨ ਵਿਚ ਕਿਹਾ ਗਿਆ ਹੈ ਕਿ ਸਮਰਥਕ ਸਮੂਹ/ਤੱਤ ਲਗਾਤਾਰ ਜਨਤਾ ਵਿਚ ਵੱਖਵਾਦੀ ਪ੍ਰਵਿਰਤੀਆਂ ਨੂੰ ਹੱਲਾਸ਼ੇਰੀ ਦੇ ਰਹੇ ਹਨ ਅਤੇ ਭਾਰਤ ਵਿਚ ਅਤੇ ਖਾਸ ਕਰਕੇ ਤਾਮਿਲਨਾਡੂ ਵਿੱਚ ਲਿੱਟੇ ਲਈ ਸਮਰਥਨ ਅਧਾਰ ਵਧਾ ਰਹੇ ਹਨ

# ਰਾਏਬਰੇਲੀ ਮੇਰੀਆਂ ਦੋਵਾਂ ਮਾਵਾਂ ਦੀ ਕਰਮਭੂਮੀ, ਇਸ ਲਈ ਇੱਥੋਂ ਚੋਣ ਲੜ ਰਿਹਾ ਹਾਂ : ਰਾਹੁਲ

**ਏਜੰਸੀਆਂ**

ਰਾਏਬਰੇਲੀ, 15 ਮਈ। ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਸੋਮਵਾਰ ਨੂੰ ਰਾਏਬਰੇਲੀ ਦੇ ਨਾਲ ਆਪਣੇ ਪਰਿਵਾਰ ਦੇ ਰਿਸ਼ਤਿਆਂ ਨੂੰ ਯਾਦ ਕਰਦਿਆਂ ਕਿਹਾ ਕਿ ਇਹ ਉਨ੍ਹਾਂ ਦੀ ਦਾਦੀ ਤੇ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਅਤੇ ਉਨ੍ਹਾਂ ਦੀ ਮਾਂ ਸੋਨੀਆ ਗਾਂਧੀ ਦੀ ਵੀ ਕਰਮਭੂਮੀ ਰਹੀ ਹੈ। ਇਸ ਲਈ ਉਹ ਇੱਥੋਂ ਚੋਣ ਲੜਨ ਆਏ ਹਨ। ਰਾਏਬਰੇਲੀ ਸੰਸਦੀ ਹਲਕੇ ਤੋਂ ਕਾਂਗਰਸ ਦੇ ਉਮੀਦਵਾਰ ਰਾਹੁਲ ਗਾਂਧੀ ਇੱਥੋਂ ਦੇ ਮਹਿਰਾਜਗੰਜ ਸਥਿਤ ਮੇਲਾ ਗਰਾਊਂਡ ’ਚ ਆਯੋਜਿਤ ਚੋਣ ਰੈਲੀ ਨੂੰ ਸੰਬੋਧਨ ਕਰ ਰਹੇ ਹਨ। ਉਨ੍ਹਾਂ ਆਪਣੀ ਛੋਟੀ ਭੈਣ ਤੇ ਕਾਂਗਰਸ ਦੀ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਢੇਰਾ ਦੀ ਮੌਜੂਦਗੀ ’ਚ ਲੋਕਾਂ ਨੂੰ ਇਕਦਮ ਪਰਿਵਾਰਕ ਮਾਹੌਲ ਵਿਚ ਸੰਬੋਧਨ ਕਰਦਿਆਂ ਕਿਹਾ,“ਤੁਸੀਂ ਮੇਰਾ ਪਰਿਵਾਰ ਹੋ ਅਤੇ ਰਾਏਬਰੇਲੀ ਨਾਲ ਸਾਡਾ ਰਿਸ਼ਤਾ 100 ਸਾਲ ਪੁਰਾਣਾ ਹੈ। ਸਾਡੇ ਪੜਦਾਦਾ ਪੰਡਿਤ ਜਵਾਹਰ ਲਾਲ ਨਹਿਰੂ ਨੇ ਆਪਣਾ ਸਿਆਸੀ ਜੀਵਨ ਰਾਏਬਰੇਲੀ ’ਚ ਕਿਸਾਨਾਂ ਤੇ ਮਜਦੂਰਾਂ ਨਾਲ ਸ਼ੁਰੂ ਕੀਤਾ ਸੀ।” ਰਾਹੁਲ ਨੇ ਕੁਝ ਸਮਾਂ ਪਹਿਲਾਂ ਸੋਨੀਆ ਗਾਂਧੀ ਨਾਲ ਹੋਈ ਗੱਲਬਾਤ ਸਾਂਝੀ ਕਰਦਿਆਂ ਕਿਹਾ ਕਿ ਮਾਂ ਉਹ ਹੁੰਦੀ ਹੈ, ਜੋ ਰਸਤਾ ਵਿਖਾਉਂਦੀ ਹੈ, ਜੋ ਰਾਖੀ ਕਰਦੀ ਹੈ। ਉਨ੍ਹਾਂ ਨੂੰ ਮਾਂ ਦੇ ਨਾਲ ਹੀ ਇੰਦਰਾ ਗਾਂਧੀ ਨੇ ਵੀ ਰਸਤਾ ਵਿਖਾਇਆ ਅਤੇ ਉਨ੍ਹਾਂ ਦੀ ਰਾਖੀ ਕੀਤੀ। ਇਸ ਲਈ ਉਹ ਕਹਿੰਦੇ ਹਨ ਕਿ ਉਨ੍ਹਾਂ ਦੀਆਂ 2 ਮਾਵਾਂ ਹਨ। ਰਾਹੁਲ ਨੇ ਆਪਣੀ ਗੱਲ ਸਪਸ਼ਟ ਕਰਦਿਆਂ



ਕਿਹਾ,“ਮੈਂ ਤੁਹਾਨੂੰ ਇਹ ਗੱਲ ਇਸ ਲਈ ਕਹਿ ਰਿਹਾ ਹਾਂ ਕਿਉਂਕਿ ਮੇਰੀਆਂ ਦੋਵਾਂ ਮਾਵਾਂ ਦੀ ਇਹ ਕਰਮਭੂਮੀ ਹੈ। ਇਸ ਲਈ ਰਾਏਬਰੇਲੀ ਤੋਂ ਚੋਣ ਲੜਨ ਆਇਆ ਹਾਂ।” 1977 ’ਚ ਹੋਈਆਂ ਚੋਣਾਂ ਵਿਚ ਉਹ ਸਮਾਜਵਾਦੀ ਨੇਤਾ ਰਾਜਨਾਰਾਇਣ ਤੋਂ ਹਾਰ ਗਈ ਸੀ। 1999 ’ਚ ਸੋਨੀਆ ਗਾਂਧੀ ਰਾਏਬਰੇਲੀ ਤੋਂ ਐੱਮ. ਪੀ. ਚੁਣੀ ਗਈ ਸੀ ਅਤੇ 2004, 2009, 2014 ਤੇ 2019 ’ਚ ਵੀ ਉਨ੍ਹਾਂ ਇਹ ਸੀਟ ਬਰਕਰਾਰ ਰੱਖੀ ਸੀ। ਉਨ੍ਹਾਂ ਪ੍ਰਧਾਨ ਮੰਤਰੀ ’ਤੇ ਹਮਲਾ ਬੋਲਦਿਆਂ ਕਿਹਾ ਕਿ ਨਰਿੰਦਰ ਮੋਦੀ ਜਿਨ੍ਹਾਂ ਨੂੰ ਚਾਹੁੰਦੇ ਹਨ, ਉਹ 2-3 ਵਿਅਕਤੀ ਹੀ ਸਰਕਾਰ ਚਲਾਉਣਗੇ ਅਤੇ ਜਿਵੇਂ ਹੀ ਸੰਵਿਧਾਨ ਖਤਮ ਹੋਵੇਗਾ, ਰੋਜਗਾਰ ਖਤਮ ਹੋ ਜਾਵੇਗਾ, ਰਾਖਵਾਂਕਰਨ ਖਤਮ ਹੋ ਜਾਵੇਗਾ ਅਤੇ ਗਰੀਬਾਂ ਲਈ ਸਾਰੇ ਰਸਤੇ ਬੰਦ ਹੋ ਜਾਣਗੇ। ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਰਾਏਬਰੇਲੀ ਲੋਕ ਸਭਾ ਸੀਟ ਤੋਂ ਨਾਮਜਦਗੀ ਭਰਨ ਤੋਂ ਬਾਅਦ ਸੋਮਵਾਰ ਨੂੰ ਜਦੋਂ ਇੱਥੇ ਪਹਿਲੀ ਵਾਰ ਇਕ ਰੈਲੀ ਨੂੰ ਸੰਬੋਧਨ ਕਰ ਰਹੇ ਸਨ ਤਾਂ ਉਨ੍ਹਾਂ ਨੂੰ ਇਸ ਸਵਾਲ ਦਾ ਸਾਹਮਣਾ ਕਰਨਾ ਪਿਆ ਕਿ ਉਹ ਵਿਆਹ ਕਦੋਂ ਕਰਵਾ ਰਹੇ ਹਨ। ਇਸ ਦੇ ਜਵਾਬ ’ਚ ਅਗਲੇ ਮਹੀਨੇ 54 ਸਾਲ ਦੀ ਉਮਰ ਪੂਰੀ ਕਰਨ ਜਾ ਰਹੇ ਰਾਹੁਲ ਨੇ ਕਿਹਾਹੁਣ ਜਲਦ ਕਰਵਾਉਣਾ ਪਵੇਗਾ।

# ਸੀ.ਏ.ਏ. ਤਹਿਤ ਪਹਿਲੀ ਵਾਰ 14 ਲੋਕਾਂ ਨੂੰ ਮਿਲੀ ਭਾਰਤ ਦੀ ਨਾਗਰਿਕਤਾ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 15 ਮਈ। ਨਾਗਰਿਕਤਾ ਸੋਧ ਕਾਨੂੰਨ () ਦੇ ਤਹਿਤ ਬੁੱਧਵਾਰ ਨੂੰ ਨਾਗਰਿਕਤਾ ਸਰਟੀਫਿਕੇਟਾਂ ਦੇ ਪਹਿਲੇ ਸੈੱਟ ਨੂੰ ਜਾਰੀ ਕਰਨ ਦੇ ਨਾਲ 14 ਲੋਕਾਂ ਨੂੰ ਭਾਰਤ ਦੀ ਨਾਗਰਿਕਤਾ ਦਿੱਤੀ ਗਈ। ਇਸ ਨਾਲ ਪਾਕਿਸਤਾਨ, ਅਫਗਾਨਿਸਤਾਨ ਅਤੇ ਬੰਗਲਾਦੇਸ ਵਿਚ ਤਸੱਦਦ ਸਹਿ ਕੇ ਭਾਰਤ ਆਏ ਗੈਰ-ਮੁਸਲਿਮ ਪ੍ਰਵਾਸੀਆਂ ਨੂੰ ਨਾਗਰਿਕਤਾ ਦੇਣ ਦੀ ਪ੍ਰਕਿਰਿਆ ਸੁਰੂ ਹੋ ਗਈ। ਇੱਕ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਕੇਂਦਰੀ ਗ੍ਰਹਿ ਸਕੱਤਰ ਅਜੈ ਕੁਮਾਰ ਭੱਲਾ ਨੇ ਇੱਕ ਮਨੋਨੀਤ ਪੋਰਟਲ ਰਾਹੀਂ ਅਰਜੀਆਂ ਦੀ ਆਨਲਾਈਨ ਪ੍ਰਵਾਨਗੀ ਤੋਂ ਬਾਅਦ 14 ਲੋਕਾਂ ਨੂੰ ਸਰਟੀਫਿਕੇਟ ਸੌਂਪੇ। ਸੀ.ਏ.ਏ. ਨੂੰ 31 ਦਸੰਬਰ, 2014 ਨੂੰ ਜਾਂ ਇਸ ਤੋਂ ਪਹਿਲਾਂ ਭਾਰਤ ਆਏ ਬੰਗਲਾਦੇਸ, ਪਾਕਿਸਤਾਨ ਅਤੇ ਅਫਗਾਨਿਸਤਾਨ ਵਿੱਚ ਸਤਾਏ ਗਏ ਅਤੇ ਗੈਰ-ਮੁਸਲਿਮ ਪ੍ਰਵਾਸੀਆਂ ਨੂੰ ਭਾਰਤ ਦੀ ਨਾਗਰਿਕਤਾ ਪ੍ਰਦਾਨ ਕਰਨ ਲਈ ਦਸੰਬਰ



2019 ਵਿੱਚ ਲਿਆਂਦਾ ਗਿਆ ਸੀ। ਇਨ੍ਹਾਂ ਵਿੱਚ ਹਿੰਦੂ, ਸਿੱਖ, ਜੈਨ, ਬੋਧੀ, ਪਾਰਸੀ ਅਤੇ ਈਸਾਈ ਭਾਈਚਾਰੇ ਦੇ ਲੋਕ ਸਾਮਲ ਹਨ। ਕਾਨੂੰਨ ਬਣਨ ਤੋਂ ਬਾਅਦ, ਸੀ.ਏ.ਏ. ਨੂੰ ਰਾਸਟਰਪਤੀ ਦੀ ਮਨਜੂਰੀ ਮਿਲ ਗਈ ਸੀ ਪਰ ਜਿਨ੍ਹਾਂ ਨਿਯਮਾਂ ਦੇ ਤਹਿਤ ਭਾਰਤੀ ਨਾਗਰਿਕਤਾ ਦਿੱਤੀ ਜਾਣੀ ਸੀ, ਉਹ ਚਾਰ ਸਾਲ ਤੋਂ ਵੱਧ ਦੀ ਦੇਰੀ ਤੋਂ ਬਾਅਦ ਇਸ ਸਾਲ 11 ਮਾਰਚ ਨੂੰ ਜਾਰੀ ਕੀਤਾ ਗਿਆ।

## ਨਹੀਂ ਕਰਨੀ ਪਵੇਗੀ ਜਿਆਦਾ ਉਡੀਕ, ਜੂਨ ਵਿਚ ਆਏਗੀ ਨਵੀਂ ਸਰਕਾਰ

ਨਵੀਂ ਦਿੱਲੀ 15 ਮਈ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਉਮਰ ਨੂੰ ਲੈ ਕੇ ਕੀਤੀ ਗਈ ਟਿੱਪਣੀ ਨੂੰ ਲੈ ਕੇ ਦੇਸ ਦੇ ਸਿਆਸੀ ਖੇਤਰ ਵਿਚ ਨਵੀਂ ਬਹਿਸ ਸੁਰੂ ਹੋ ਗਈ ਹੈ। ਕੇਜਰੀਵਾਲ ਨੇ ਜੇਲ ਤੋਂ ਬਾਹਰ ਆਉਂਦੇ ਹੀ ਕਿਹਾ ਸੀ ਕਿ ਭਾਜਪਾ ਦੇ ਨਿਯਮਾਂ ਅਨੁਸਾਰ ਮੋਦੀ 2025 ਵਿਚ 75 ਸਾਲ ਦੇ ਹੋ ਜਾਣਗੇ ਅਤੇ ਸਿਆਸਤ ਤੋਂ ਸੰਨਿਆਸ ਲੈ ਲੈਣਗੇ। ਇਸ ਤੋਂ ਬਾਅਦ ਉਮਰ ’ਕੇ ਚੱਲੀ ਸਿਆਸਤ ਵਿਚਾਲੇ ਪੀ. ਐੱਮ. ਮੋਦੀ ਨੇ ਕਿਹਾ ਕਿ ਕਾਂਗਰਸ ਨੂੰ ਰਾਹੁਲ ਦੀ ਉਮਰ ਤੋਂ ਵੀ ਘੱਟ ਸੀਟਾਂ ਮਿਲਣਗੀਆਂ। ਹੁਣ ਇਹ ਮਾਮਲਾ ਰੁਕਣ ਦਾ ਨਾਂ ਨਹੀਂ ਲੈ ਰਿਹਾ ਹੈ ਅਤੇ ਕਾਂਗਰਸ ਦੇ ਸੀਨੀਅਰ ਨੇਤਾ ਸਸੀ ਥਰੂਰ ਨੇ ਵੀ ਪ੍ਰਧਾਨ ਮੰਤਰੀ ਦੇ ਬਿਆਨ ’ਤੇ ਪਲਟਵਾਰ ਕੀਤਾ। ਉਨ੍ਹਾਂ ਦਾ ਕਹਿਣਾ ਹੈਂ ਕ ਦੇਸ਼ ਨੂੰ ਨਵਾਂ ਪ੍ਰਧਾਨ ਮੰਤਰੀ ਪਾਉਣ ਲਈ ਸਤੰਬਰ ਤੱਕ ਉਡੀਕ ਨਹੀਂ ਕਰਨੀ ਪਵੇਗੀ। ਥਰੂਰ ਨੇ ਕਿਹਾ ਕਿ ਜੂਨ ਵਿਚ ਕੇਂਦਰ ਵਿਚ ਨਵੀਂ ਸਰਕਾਰ ਬਣੇਗੀ। ਸ਼ਸ਼ੀ ਥਰੂਰ ਨੇ ਕਿਹਾ ਕਿ ਭਾਜਪਾ ਨੂੰ ਪ੍ਰਧਾਨ ਮੰਤਰੀ ਦੀ ਉਮਰ ਨਾਲੋਂ ਜਿ?ਆਦਾ ਸੀਟਾਂ ਨਹੀਂ ਮਿਲਣਗੀਆਂ। ਉਨ੍ਹਾਂ ਨੇ ਕਿਹਾ ਕਿ ਨਰਿੰਦਰ ਮੋਦੀ ਦੀ ਉਮਰ ਹੋਰ ਕਾਰਨਾਂ ਨਾਲ ਦਿਲਚਸਪ ਹੈ ਜਿਸਨੂੰ ਅਮਿਤ ਸ਼ਾਹ ਬਿਹਤਰ ਦਸ ਸਕਦੇ ਹਨ। ਦਰਅਸਲ ਪੀ. ਐੱਮ. ਮੋਦੀ ਨੇ ਕਿਹਾ ਸੀ ਕਿ ਚੋਣਾਂ ਵਿਚ ਕਾਂਗਰਸ ਨੂੰ 53 ਤੋਂ ਘੱਟ ਸੀਟਾਂ ਮਿਲਣਗੀਆਂ ਅਤੇ ਉਨ੍ਹਾਂ ਨੇ ਆਪਣੇ ਇਸ ਬਿਆਨ ਨੂੰ ਪੱਛਮੀ ਬੰਗਾਲ ਵਿਚ ਵੀ ਦੁਹਰਾਇਆ ਸੀ। ਉਨ੍ਹਾਂ ਕਿਹਾ ਸੀ ਕਿ ਸ਼ਹਿਜਾਦੇ ਦੀ ਉਮਰ ਵਧਣ ਕਾਰਨ ਕਾਂਗਰਸ ਨੂੰ ਘੱਟ ਸੀਟਾਂ ਮਿਲਣਗੀਆਂ। ਇਸ ’ਤੇ ਸਸੀ ਥਰੂਰ ਨੇ ਕਿਹਾ ਕਿ ਪੀ. ਐੱਮ. ਪਿਛਲੇ ਕੁਝ ਹਫਤਿਆਂ ਤੋਂ ਜੋ ਬਹੁਤ ਬੁਰਾ ਲੱਗ ਰਿਹਾ ਹੈ। ਉਹ ਇਕ ਭਾਈਚਾਰੇ ਦੇ ਖਿਲਾਫ ਬੋਲ ਰਹੇ ਹਨ। ਪ੍ਰਧਾਨ ਮੰਤਰੀ ਦਾ ਬਿਆਨ ਸਰਮਨਾਕ ਹੈ। ਉਨ੍ਹਾਂ ਨੂੰ ਆਪਣੇ ਅਹੁਦੇ ਦਾ ਸਤਿਕਾਰ ਕਰਨਾ ਚਾਹੀਦਾ ਹੈ। ਖੁੱਲ੍ਹੀ ਬਹਿਤ ਵਾਲੀ ਚਿੱਠੀ ’ਤੇ ਕਾਂਗਰਸ ਨੇਤਾ ਸ਼ਸ਼ੀ ਥਰੂਰ ਨੇ ਕਿਹਾ ਕਿ ਰਿਟਾਇਰਡ ਜੱਜਾਂ ਅਤੇ ਪੱਤਰਕਾਰਾਂ ਨੇ ਚਿੱਠੀ ਲਿਖ ਕੇ ਹਾਂ-ਪੱਖੀ ਚਰਚਾ ਦੀ ਗੱਲ ਕਹੀ ਹੈ। ਇਸ ਚੁਣੌਤੀ ਨੂੰ ਰਾਹੁਲ ਗਾਂਧੀ ਨੇ ਤੁਰੰਤ ਸਵੀਕਾਰ ਕਰ ਲਿਆ, ਪਰ ਪੀ. ਐੱਮ. ਮੋਦੀ ਨੇ ਦਸ ਸਾਲ ਹੋ ਗਏ ਇਕ ਵੀ ਪ੍ਰੈੱਸ ਕਾਨਫਰੰਸ ਨਹੀਂ ਕੀਤੀ ਹੈ। ਉਨ੍ਹਾਂ ਨੇ ਕਿਹਾਂ ਕ ਪੀ. ਐੱਮ. ਮੋਦੀ ਸਕ੍ਰਿਪਟ ਲੈ ਕੇ ਇੰਟਰਵਿਊ ਦਿੰਦੇ ਹਨ।

# ਅਖਿਲੇਸ਼ ਯਾਦਵ, ਓਵੈਸੀ ਸਮੇਤ ਕਈ ਦਿੱਗਜਾਂ ਦੀ ਕਿਸਮਤ ਦਾਅ ‘ਤੇ

**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 15 ਮਈ। ਲੋਕ ਸਭਾ ਚੋਣਾਂ ਦੇ ਚੌਥੇ ਪੜਾਅ ਲਈ ਵੋਟਾਂ ਪੈਣਗੀਆਂ। ਆਂਧਰਾ ਪ੍ਰਦੇਸ਼ ਅਤੇ ਤੇਲੰਗਾਨਾ ਸਮੇਤ 9 ਸੂਬਿਆਂ ਅਤੇ 1 ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ 96 ਲੋਕ ਸਭਾ ਸੀਟਾਂ ‘ਤੇ 13 ਮਈ ਨੂੰ ਚੌਥੇ ਪੜਾਅ ਲਈ ਵੋਟਾਂ ਪੈਣਗੀਆਂ। ਆਂਧਰਾ ਪ੍ਰਦੇਸ਼ ਵਿਚ 25 ਲੋਕ ਸਭਾ ਸੀਟਾਂ ਅਤੇ 175 ਵਿਧਾਨ ਸਭਾ ਸੀਟਾਂ ‘ਤੇ ਚੋਣਾਂ ਹੋਣੀਆਂ ਹਨ। ਵੋਟਾਂ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਪੈਣਗੀਆਂ। ਉੱਥੇ ਹੀ ਕਈ ਵੱਡੇ ਨੇਤਾ ਇਸ ਚੋਣਾਵੀ ਮੈਦਾਨ ਵਿਚ ਹਨ। ਸਮਾਜਵਾਦੀ ਪਾਰਟੀ ਦੇ ਮੁਖੀਆ ਅਖਿਲੇਸ਼ ਯਾਦਵ, ਭਾਜਪਾ ਉਮੀਦਵਾਰ ਗਿਰੀਰਾਜ ਸਿੰਘ ਸਮੇਤ ਕਈ ਦਿੱਗਜ ਚੋਣ ਮੈਦਾਨ ਵਿਚ ਹਨ। ਦੱਸ ਦੇਈਏ ਕਿ 7 ਪੜਾਵਾਂ ਵਿਚ 543 ਸੀਟਾਂ ਲਈ ਵੋਟਿੰਗ ਕਰਵਾਈ ਜਾਣੀ ਹੈ। ਚੋਣ ਨਤੀਜੇ 4 ਜੂਨ ਨੂੰ ਐਲਾਨੇ ਜਾਣਗੇ। ਤੇਲੰਗਾਨਾ ਤੋਂ 17, ਆਂਧਰਾ ਪ੍ਰਦੇਸ ਤੋਂ 25, ਉੱਤਰ ਪ੍ਰਦੇਸ ਤੋਂ 13, ਬਿਹਾਰ ਤੋਂ 5, ਝਾਰਖੰਡ ਤੋਂ 4, ਮੱਧ ਪ੍ਰਦੇਸ ਤੋਂ 8, ਮਹਾਰਾਸਟਰ ਤੋਂ 11, ਓਡੀਸ਼ਾ ਤੋਂ 4, ਪੱਛਮੀ ਬੰਗਾਲ ਤੋਂ 8 ਅਤੇ ਜੰਮੂ-ਕਸਮੀਰ (ਸ੍ਰੀਨਗਰ) ਤੋਂ ਇਕ ਲੋਕ ਸਭਾ ਸੀਟ ‘ਤੇ ਵੋਟਿੰਗ ਹੋਵੇਗੀ। ਭਾਜਪਾ ਦੀ ਅਗਵਾਈ ਵਾਲੀ ਕੋਲ ਇਸ ਵੇਲੇ ਇਨ੍ਹਾਂ 96 ਲੋਕ



ਸਭਾ ਸੀਟਾਂ ਵਿਚੋਂ 40 ਤੋਂ ਵੱਧ ਸੰਸਦ ਮੈਂਬਰ ਹਨ। ਇਸ ਦੇ ਨਾਲ ਹੀ ਆਂਧਰਾ ਪ੍ਰਦੇਸ ਦੀਆਂ 175 ਵਿਧਾਨ ਸਭਾ ਸੀਟਾਂ ‘ਤੇ ਵੀ ਵੋਟਿੰਗ ਹੋਵੇਗੀ। ਸੂਬੇ ਵਿਚ , ਕਾਂਗਰਸ ਦੀ ਅਗਵਾਈ ਵਾਲੇ ‘ਇੰਡੀਆ’ ਗਠਜੋੜ ਅਤੇ ਦਰਮਿਆਨ ਤਿਕੋਣਾ ਮੁਕਾਬਲਾ ਹੈ। ਸੂਬੇ ‘ਚ ਵਿਚ ਭਾਜਪਾ, ਚੰਦਰਬਾਬੂ ਨਾਇਡੂ ਦੀ ਟੀ. ਡੀ.ਪੀ ਅਤੇ ਪਵਨ ਕਲਿਆਣ ਦੀ ਜਨਸੇਨਾ ਪਾਰਟੀ ਸਾਮਲ ਹੈ।

ਅਖਿਲੇਸ ਯਾਦਵ- ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ ਯਾਦਵ ਉੱਤਰ ਪ੍ਰਦੇਸ ਦੀ ਕਨੌਜ ਲੋਕ ਸਭਾ ਸੀਟ ਤੋਂ ਚੋਣ ਲੜ ਰਹੇ ਹਨ। ਜਦਕਿ ਭਾਜਪਾ ਨੇ ਇਸ ਸੀਟ ਤੋਂ ਸੁਬਰਤ ਪਾਠਕ ਨੂੰ ਉਨ੍ਹਾਂ ਦੇ ਖਿਲਾਫ ਉਮੀਦਵਾਰ ਬਣਾਇਆ ਹੈ।

ਗਿਰੀਰਾਜ ਸਿੰਘ- ਕੇਂਦਰੀ ਮੰਤਰੀ ਗਿਰੀਰਾਜ ਸਿੰਘ ਭਾਜਪਾ ਦੀ ਟਿਕਟ ‘ਤੇ ਬਿਹਾਰ ਦੇ ਬੇਗੂਸਰਾਏ ਤੋਂ ਚੋਣ ਲੜ ਰਹੇ ਹਨ। ਸੀ. ਪੀ. ਆਈ. ਦੇ ਅਵਧੇਸ ਕੁਮਾਰ ਰਾਏ ਇੰਡੀਆ ਗਠਜੋੜ ਵੱਲੋਂ ਚੋਣ ਮੈਦਾਨ ‘ਚ ਹਨ।

ਮਹੂਆ ਮੋਇਤਰਾ- ਨੇ ਬੰਗਾਲ ਦੀ ਕ੍ਰਿਸਨਾਨਗਰ ਸੀਟ ਤੋਂ ਮਹੂਆ ਮੋਇਤਰਾ ਨੂੰ ਉਮੀਦਵਾਰ ਬਣਾਇਆ ਹੈ। ਰਾਜਮਾਤਾ ਅੰਮ੍ਰਿਤਾ ਰਾਏ ਭਾਜਪਾ ਵੱਲੋਂ ਚੋਣ ਮੈਦਾਨ ਵਿਚ ਹਨ।

ਯੂਸਫ ਪਠਾਨ ਅਤੇ ਅਧੀਰ ਰੰਜਨ ਚੌਧਰੀ- ਨੇ ਸਾਬਕਾ ਕ੍ਰਿਕਟਰ ਯੂਸਫ ਪਠਾਨ ਨੂੰ ਬਹਿਰਾਮਪੁਰ ਲੋਕ ਸਭਾ ਸੀਟ ਤੋਂ ਆਪਣਾ ਉਮੀਦਵਾਰ ਬਣਾਇਆ ਹੈ। ਅਧੀਰ ਰੰਜਨ ਚੌਧਰੀ ਕਾਂਗਰਸ ਵੱਲੋਂ ਚੋਣ ਮੈਦਾਨ ‘ਚ ਹਨ। ਜਦਕਿ ਭਾਜਪਾ ਨੇ ਇਸ ਸੀਟ ਤੋਂ ਨਿਰਮਲ ਕੁਮਾਰ ਨੂੰ ਉਮੀਦਵਾਰ ਬਣਾਇਆ ਹੈ।

ਵਾਈ. ਐੱਸ ਸਰਮੀਲਾ- ਆਂਧਰਾ ਪ੍ਰਦੇਸ ਦੇ ਮੁੱਖ ਮੰਤਰੀ ਵਾਈ. ਐੱਸ ਜਗਨ ਮੋਹਨ ਰੈਡੀ ਦੀ ਭੈਣ ਵਾਈ. ਐੱਸ ਸਰਮੀਲਾ ਕਾਂਗਰਸ ਦੀ ਟਿਕਟ ‘ਤੇ ਕਡਪਾ ਤੋਂ ਚੋਣ ਲੜ ਰਹੀ ਹੈ। ਨੇ ਵਾਈ. ਐੱਸ ਅਵਿਨਾਸ ਰੈੱਡੀ ਨੂੰ ਉਸ ਦੇ ਵਿਰੁੱਧ ਉਮੀਦਵਾਰ ਵਜੋਂ ਖੜ੍ਹਾ ਕੀਤਾ ਹੈ।

ਅਰਜੁਨ ਮੁੰਡਾ- ਭਾਜਪਾ ਨੇ ਕੇਂਦਰੀ ਮੰਤਰੀ ਅਤੇ ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਅਰਜੁਨ ਮੁੰਡਾ ਨੂੰ ਝਾਰਖੰਡ ਦੀ ਖੁੰਟੀ ਸੀਟ ਤੋਂ ਆਪਣਾ ਉਮੀਦਵਾਰ ਬਣਾਇਆ ਹੈ। ਜਦੋਂਕਿ ਕਾਂਗਰਸ ਨੇ ਇੱਥੋਂ ਕਾਲੀਚਰਨ ਮੁੰਡਾ ਨੂੰ ਆਪਣਾ ਉਮੀਦਵਾਰ ਬਣਾਇਆ ਹੈ।

ਸਤਰੂਘਨ ਸਿਨਹਾ- ਨੇ ਅਭਿਨੇਤਾ-ਰਾਜਨੇਤਾ ਸਤਰੂਘਨ ਸਿਨਹਾ ਨੂੰ ਆਸਨਸੋਲ, ਪੱਛਮੀ ਬੰਗਾਲ ਤੋਂ ਮੈਦਾਨ ਵਿਚ ਉਤਾਰਿਆ ਹੈ। ਉਨ੍ਹਾਂ ਦੇ ਖਿਲਾਫ ਭਾਜਪਾ ਨੇ ਆਹਲੂਵਾਲੀਆ ਨੂੰ ਉਮੀਦਵਾਰ ਬਣਾਇਆ ਹੈ।

ਅਸਦੁਦੀਨ ਓਵੈਸੀ- ਮੁਖੀ ਅਸਦੁਦੀਨ ਓਵੈਸੀ ਹੈਦਰਾਬਾਦ ਤੋਂ ਚੋਣ ਲੜ ਰਹੇ ਹਨ। ਜਦਕਿ ਭਾਜਪਾ ਨੇ ਇੱਥੋਂ ਮਾਧਵੀ ਲਤਾ ਨੂੰ ਆਪਣਾ ਉਮੀਦਵਾਰ ਬਣਾਇਆ ਹੈ। ਜਦੋਂ ਕਿ ਬੀ. ਆਰ. ਐਸ ਨੇ ਗੱਦਾਮ ਸ੍ਰੀਨਿਵਾਸ ਯਾਦਵ ਨੂੰ ਅਤੇ ਕਾਂਗਰਸ ਨੇ ਮੁਹੰਮਦ ਵਲੀਉੱਲ੍ਹਾ ਸਮੀਰ ਨੂੰ ਇਸ ਸੀਟ ਲਈ ਉਮੀਦਵਾਰ ਬਣਾਇਆ ਹੈ।

## ਇਸ ਸੂਬੇ ਦੇ ਸਕੂਲਾਂ ‘ਚ ਗਰਮੀ ਦੀਆਂ ਛੁੱਟੀਆਂ ਦਾ ਐਲਾਨ

ਨਵੀਂ ਦਿੱਲੀ 15 ਮਈ। ਦਿੱਲੀ ਦੇ ਸਾਰੇ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ‘ਚ 2024 ਦੀ ਗਰਮੀ ਦੀਆਂ ਛੁੱਟੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ। ਦਿੱਲੀ ਐੱਨ.ਸੀ.ਆਰ. ਸਮੇਤ ਉੱਤਰ ਭਾਰਤ ਦੇ ਜਿ?ਆਦਾਤਰ ਸੂਬਿਆਂ ‘ਚ ਇਸ ਸਮੇਂ ਕਹਿਰ ਦੀ ਗਰਮੀ ਪੈ ਰਹੀ ਹੈ। ਅਜਿਹੇ ‘ਚ ਜਿ?ਆਦਾਤਰ ਸੂਬਿਆਂ ‘ਚ ਸਕੂਲਾਂ ਦਾ ਸਮਾਂ ਬਦਲ ਦਿੱਤਾ ਗਿਆ ਹੈ ਅਤੇ ਵਿਦਿਆਰਥੀਆਂ ਦੀ ਸਿਹਤ ਦੀ ਸੁਰੱਖਿਆ ਲਈ ਗਰਮੀ ਦੀਆਂ ਛੁੱਟੀਆਂ ਦਾ ਵੀ ਐਲਾਨ ਕਰ ਦਿੱਤਾ ਗਿਆ ਹੈ। ਦਿੱਲੀ ‘ਚ ਸਕੂਲੀ ਵਿਦਿਆਰਥੀਆਂ ਨੂੰ 51 ਦਿਨਾਂ ਲਈ ਗਰਮੀ ਦੀਆਂ ਛੁੱਟੀਆਂ ਹੋਣਗੀਆਂ, ਜੋ ਸ਼ਨੀਵਾਰ 11 ਮਈ ਤੋਂ ਸ਼ੁਰੂ ਹੋ ਕੇ, 30 ਜੂਨ 2024 ਤਕ ਹੋਣਗੀਆਂ। ਅਧਿਆਪਕਾਂ ਨੂੰ ਸਕੂਲ ਨਾਲ ਸਬੰਧਤ ਜਰੂਰੀ ਕੰਮ ਲਈ 28 ਅਤੇ 29 ਜੂਨ 2024 ਨੂੰ ਦੋ ਦਿਨ ਕੰਮ ‘ਤੇ ਆਉਣਾ ਪਵੇਗਾ। ਦਿੱਲੀ ਵਿੱਚ ਸਕੂਲ ਬੰਦ ਕਰਨ ਦਾ ਹੁਕਮ ਸਿਰਫ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਲਈ ਆਇਆ ਹੈ। ਇਸ ਤੋਂ ਪਤਾ ਚੱਲਦਾ ਹੈ ਕਿ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੂੰ ਗਰਮੀਆਂ ਦੀਆਂ ਛੁੱਟੀਆਂ ਦਾ ਇੰਤਜਾਰ ਕਰਨਾ ਪਵੇਗਾ। ਦਿੱਲੀ ਸਿੱਖਿਆ ਡਾਇਰੈਕਟੋਰੇਟ ਦੇ ਅਕਾਦਮਿਕ ਕੈਲੰਡਰ ਦੇ ਅਨੁਸਾਰ, ਸਾਰੇ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ 11 ਮਈ ਤੋਂ 30 ਜੂਨ ਤੱਕ ਗਰਮੀਆਂ ਦੀਆਂ ਛੁੱਟੀਆਂ ਹੋਣਗੀਆਂ। ਹਾਲਾਂਕਿ, ਪ੍ਰਾਈਵੇਟ ਸਕੂਲ ਆਪਣੀਆਂ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ਵੱਖ-ਵੱਖ ਤਰੀਕਾਂ ਨੂੰ ਕਰਨਗੇ। ਫਿਲਹਾਲ ਦਿੱਲੀ ਦੇ ਪ੍ਰਾਈਵੇਟ ਸਕੂਲਾਂ ‘ਚ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ਨਹੀਂ ਕੀਤਾ ਗਿਆ ਹੈ। ਮੰਨਿਆ ਜਾ ਰਿਹਾ ਹੈ ਕਿ ਦਿੱਲੀ ਦੇ ਸਾਰੇ ਪ੍ਰਾਈਵੇਟ ਸਕੂਲਾਂ ਵਿੱਚ 15 ਤੋਂ 21 ਮਈ 2024 ਦਰਮਿਆਨ ਛੁੱਟੀਆਂ ਦਾ ਐਲਾਨ ਕੀਤਾ ਜਾਵੇਗਾ। ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੂੰ ਨੋਟਿਸ ਦਾ ਇੰਤਜਾਰ ਕਰਨਾ ਪਵੇਗਾ।

# ਜਾਅਲੀ ਕਾਗਜਾਂ ਰਾਹੀਂ 40 ਲੱਖ ਦਾ ਹੱਦ ਕਰਜਾ ਲੈਣ ਵਾਲੇ 7 ਵਿਅਕਤੀਆਂ ਵਿਰੁੱਧ ਕੇਸ ਦਰਜ

ਫਿਰੋਜਪੁਰ/ਚੰਡੀਗੜ੍ਹ 15 ਮਈ। ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਮਾਲ ਵਿਭਾਗ ਦੇ ਰਿਕਾਰਡ 'ਚ ਫੇਰਬਦਲ ਕਰ ਕੇ ਜਾਅਲੀ ਜਮਾਂਬੰਦੀਆਂ ਦੇ ਆਧਾਰ 'ਤੇ ਐੱਚ. ਡੀ. ਐੱਫ. ਸੀ. ਬੈਂਕ ਤੋਂ 40 ਲੱਖ ਰੁਪਏ ਦਾ ਖੇਤੀਬਾੜੀ ਹੱਦ ਕਰਜਾ ਹਾਸਲ ਕਰਨ ਦੇ ਦੋਸ 'ਚ 7 ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਹੈ। ਨਾਲ ਹੀ ਉਨ੍ਹਾਂ ਵਿਚੋਂ 3 ਮੁਲਜਮਾਂ ਨੂੰ ਗ੍ਰਿਫਤਾਰ ਕਰ ਲਿਆ ਅਤੇ ਇਸ ਮੁਕੱਦਮੇ ਦੀ ਹੋਰ ਜਾਂਚ ਜਾਰੀ ਹੈ। ਵਿਜੀਲੈਂਸ ਬਿਊਰੋ ਫਿਰੋਜਪੁਰ ਦੇ ਬੁਲਾਰੇ ਨੇ ਦੱਸਿਆ ਕਿ ਇਸ ਕੇਸ 'ਚ ਨਵਦੀਪ ਸਿੰਘ ਵਾਸੀ ਪਿੰਡ ਕੋਹਰ ਸਿੰਘ ਵਾਲਾ, ਤਹਿਸੀਲ ਗੁਰੂਹਰਸਹਾਏ ਜ਼ਿਲ੍ਹਾ ਫਿਰੋਜਪੁਰ, ਵਿਨੋਦ ਕੁਮਾਰ ਤੇ ਅਮਰਜੀਤ ਸਿੰਘ ਦੋਵੇਂ ਮਾਲ ਪਟਵਾਰੀ, ਹਲਕਾ ਬਹਾਦਰ ਕੇ, ਤਹਿਸੀਲ ਗੁਰੂਹਰਸਹਾਏ ਜ਼ਿਲ੍ਹਾ ਫਿਰੋਜਪੁਰ, ਜੋਗਿੰਦਰ ਸਿੰਘ ਉਰਫ ਬਿੱਟੂ, ਸਹਾਇਕ ਮਾਲ ਪਟਵਾਰੀ, ਪਰਮਿੰਦਰ ਸਿੰਘ, ਏ. ਐੱਸ. ਐੱਮ. ਫਰਦ ਕੇਂਦਰ ਗੁਰੂਹਰਸਹਾਏ, ਕੁਲਵਿੰਦਰ ਸਿੰਘ ਰਿਲੇਸ਼ਨਸਿਪ ਮੈਨੇਜਰ, ਐੱਚ. ਡੀ. ਐੱਫ. ਸੀ. ਬੈਂਕ ਬ੍ਰਾਂਚ ਗੁਰੂਹਰਸਹਾਏ, ਜਾਮਨ ਦਵਿੰਦਰ ਸਿੰਘ ਪੁੱਤਰ ਪਿੰਡ ਕੋਹਰ ਸਿੰਘ ਵਾਲਾ, ਜ਼ਿਲ੍ਹਾ ਫਿਰੋਜਪੁਰ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਨ੍ਹਾਂ ਮੁਲਜਮਾਂ 'ਚੋਂ ਜੋਗਿੰਦਰ ਸਿੰਘ ਉਰਫ ਬਿੱਟੂ, ਅਮਰਜੀਤ ਸਿੰਘ ਮਾਲ ਪਟਵਾਰੀ ਅਤੇ ਦਵਿੰਦਰ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ। ਉਕਤ ਮੁਕੱਦਮਾ ਸ਼ਿਕਾਇਤ ਨੰਬਰ 89/19 ਫਿਰੋਜਪੁਰ ਦੀ ਪੜਤਾਲ ਤੋਂ ਬਾਅਦ ਦਰਜ ਕੀਤਾ ਗਿਆ ਹੈ। ਇਸ ਸ਼ਿਕਾਇਤ ਦੀ ਪੜਤਾਲ ਤੋਂ ਪਾਇਆ ਗਿਆ ਕਿ ਉਕਤ ਨਵਦੀਪ ਸਿੰਘ, ਵਿਨੋਦ ਕੁਮਾਰ ਮਾਲ ਪਟਵਾਰੀ, ਜੋਗਿੰਦਰ ਸਿੰਘ ਉਰਫ ਬਿੱਟੂ ਅਤੇ ਪਰਮਿੰਦਰ ਸਿੰਘ ਏ. ਐੱਸ. ਐੱਮ. ਨੇ ਆਪਸ 'ਚ ਸਾਜ-ਬਾਜ ਹੋ ਕੇ ਮਾਲ ਵਿਭਾਗ ਦੇ ਰਿਕਾਰਡ 'ਚ ਜਾਅਲੀ ਇੰਦਰਾਜ ਕਰ ਕੇ ਫਰਜੀ ਜਮਾਂਬੰਦੀਆਂ



ਤਿਆਰ ਕੀਤੀਆਂ। ਜਿਸ ਦੇ ਅਧਾਰ 'ਤੇ ਸਾਲ 2016 'ਚ ਨਵਦੀਪ ਸਿੰਘ ਦੇ ਨਾਂ ਉਪਰ ਐੱਚ. ਡੀ. ਐੱਫ. ਸੀ. ਬੈਂਕ ਦੇ ਕਰਮਚਾਰੀਆਂ ਨਾਲ ਮਿਲੀਭੁਗਤ ਰਾਹੀਂ 40 ਲੱਖ ਰੁਪਏ ਦੇ ਕਰਜੇ ਦੀ ਲਿਮਟ ਹਾਸਲ ਕਰ ਲਈ। ਬਾਅਦ 'ਚ ਇਸ ਘਪਲੇਬਾਜੀ ਸਬੰਧੀ ਪਤਾ ਲੱਗਣ 'ਤੇ ਬੈਂਕ ਤੋਂ ਇਹ ਹਾਸਲ ਕੀਤੀ ਰਕਮ ਸਾਲ 2019 'ਚ ਜਮ੍ਹਾ ਕਰਵਾ ਦਿੱਤੀ। ਇਸੇ ਤਰ੍ਹਾਂ ਇਕ ਹੋਰ ਜੁਰਮ ਕਰਦਿਆਂ ਨਵਦੀਪ ਸਿੰਘ ਪਿੰਡ ਕੋਹਰ ਸਿੰਘ ਵਾਲਾ ਨੇ ਕੇਨਰਾ ਬੈਂਕ ਫਰੀਦਕੋਟ ਤੋਂ ਕਰਜਾ ਲੈਣ ਲਈ ਸਾਲ 2016 'ਚ ਬੈਂਕ ਨੂੰ ਦਰਖਾਸਤ ਦਿੱਤੀ ਪਰ ਇਸ ਕਰਜੇ ਮੌਕੇ ਐੱਚ. ਡੀ. ਐੱਫ. ਸੀ. ਬੈਂਕ ਗੁਰੂਹਰਸਹਾਏ ਦੇ ਪਾਸ ਆੜ-ਰਹਿਣ ਦਿਖਾਏ ਹੋਏ ਜਮੀਨ ਦੇ ਖਸਰਾ ਨੰਬਰਾਂ ਦੇ ਆਧਾਰ 'ਤੇ ਕੇਸ ਅਪਲਾਈ ਕੀਤਾ ਪਰ ਸੁਰਿੰਦਰ ਕੁਮਾਰ ਕੇਨਰਾ ਬੈਂਕ ਫਰੀਦਕੋਟ ਵੱਲੋਂ ਇਸ ਕਰਜਾ ਮਨਜੂਰ ਨਹੀਂ ਕੀਤਾ ਗਿਆ। ਇਸ ਤੋਂ ਇਲਾਵਾ ਉਕਤ ਮੁਲਜਮ ਜੋਗਿੰਦਰ ਸਿੰਘ ਉਰਫ ਬਿੱਟੂ ਨੇ ਆਪਣੇ ਨਾਂ ਉਪਰ 122 ਕਨਾਲ 13 ਮਰਲੇ ਦੀ ਜਾਅਲੀ ਜਮਾਂਬੰਦੀ ਤਿਆਰ ਕਰ ਕੇ ਐਕਸਿਸ ਬੈਂਕ ਜਲਾਲਾਬਾਦ ਜ਼ਿਲ੍ਹਾ ਫਾਜ਼ਿਲਕਾ ਤੋਂ 32 ਲੱਖ ਰੁਪਏ ਦੀ ਲੋਨ ਲਿਮਟ ਹਾਸਲ ਕਰਨ ਲਈ ਕੇਸ ਲਾਇਆ ਸੀ। ਬੈਂਕ ਵੱਲੋਂ ਫਿਜੀਕਲ ਵੈਰੀਫਿਕੇਸ਼ਨ ਮੌਕੇ ਜਾਅਲੀ ਜਮਾਂਬੰਦੀਆਂ ਬਾਰੇ ਪਤਾ ਲੱਗਣ ਪਰ ਇਹ ਹੱਦ ਕਰਜਾ ਪਾਸ ਨਹੀਂ ਕੀਤਾ। ਉਪਰੰਤ ਵਿਨੋਦ ਕੁਮਾਰ ਪਟਵਾਰੀ ਦੀ ਬਦਲੀ ਹੋਣ 'ਤੇ ਅਮਰਜੀਤ ਸਿੰਘ ਪਟਵਾਰੀ ਨੇ ਉਕਤ ਚਾਰੋਂ ਵਿਅਕਤੀਆਂ ਵਿਨੋਦ ਕੁਮਾਰ ਪਟਵਾਰੀ, ਜੋਗਿੰਦਰ ਸਿੰਘ ਪ੍ਰਾਈਵੇਟ ਸਹਾਇਕ ਪਟਵਾਰੀ, ਪਰਮਿੰਦਰ ਸਿੰਘ ਏ. ਐੱਸ. ਐੱਮ. ਵੱਲੋਂ ਤਿਆਰ ਕੀਤੀਆਂ ਜਾਅਲੀ ਜਮਾਂਬੰਦੀਆਂ ਤੇ ਦਸਤਾਵੇਜਾਂ ਦਾ ਪਤਾ ਲੱਗਣ ਉਪਰੰਤ ਵੀ ਕਿਸੇ ਮੁਲਜਮ ਖ਼ਿਲਾਫ ਕਾਨੂੰਨੀ ਕਾਰਵਾਈ ਕਰਵਾਉਣ ਦੀ ਬਜਾਏ ਉਨ੍ਹਾਂ ਜਾਅਲੀ ਜਮਾਂਬੰਦੀਆਂ ਦੇ ਇੰਦਰਾਜਾਂ ਦੀ ਦਰੁਸਤਗੀ ਸਬੰਧੀ ਰਪਟ ਫਰਦ-ਬਦਰ ਤਿਆਰ ਕਰ ਕੇ ਹਲਕਾ ਕਾਨੂੰਨਗੋ ਅਤੇ ਤਹਿਸੀਲਦਾਰ ਗੁਰੂਹਰਸਹਾਏ ਪਾਸੋਂ ਮਨਜੂਰ ਕਰਵਾਈਆਂ। ਇਸ ਤੋਂ ਇਲਾਵਾ ਕੁਲਵਿੰਦਰ ਸਿੰਘ ਰਿਲੇਸ਼ਨਸ਼ਿਪ ਮੈਨੇਜਰ, ਐੱਚ. ਡੀ. ਐੱਫ. ਸੀ. ਬੈਂਕ ਬ੍ਰਾਂਚ ਗੁਰੂਹਰਸਹਾਏ ਨੇ ਜਾਅਲੀ ਜਮਾਂਬੰਦੀਆਂ ਵਾਲੀ ਜਮੀਨ ਦੀ ਫਿਜੀਕਲ ਤਸਦੀਕ ਕਰ ਕੇ ਖੇਤੀਬਾੜੀ ਹੱਦ ਕਰਜਾ ਲਿਮਿਟ ਹਾਸਲ ਕਰਨ 'ਚ ਮੁਲਜਮਾਂ ਦੀ ਮਦਦ ਕੀਤੀ। ਇਸੇ ਤਰ੍ਹਾਂ ਜਾਮਨ (ਗਾਰੰਟਰ) ਦਵਿੰਦਰ ਸਿੰਘ ਪਿੰਡ ਕੋਹਰ ਸਿੰਘ ਵਾਲਾ ਨੇ ਨਵਦੀਪ ਸਿੰਘ ਦੀ ਬੈਂਕ ਦੇ ਦਸਤਾਵੇਜਾਂ ਉਪਰ ਝੂਠੀ ਗਰੰਟੀ/ਗਵਾਹੀ ਪਾਈ। ਬੁਲਾਰੇ ਨੇ ਕਿਹਾ ਕਿ ਅਜਿਹਾ ਕਰ ਕੇ ਉਕਤ ਮੁਲਜਮਾਂ ਵਿਰੁੱਧ ਥਾਣਾ ਫਿਰੋਜਪੁਰ ਰੇਂਜ ਵਿਖੇ ਕੇਸ ਦਰਜ ਕਰ ਲਿਆ ਹੈ।

## ਤਰਨਤਾਰਨ 'ਚ ਵੱਡੀ ਵਾਰਦਾਤ, ਨਜਾਇਜ ਸਬੰਧਾਂ ਦੇ ਸ਼ੱਕ 'ਚ ਦੋ ਭੈਣਾਂ ਦੇ ਇਕਲੌਤੇ ਭਰਾ ਦਾ ਕਤਲ

ਤਰਨਤਾਰਨ 15 ਮਈ। ਤਰਨਤਾਰਨ ਦੇ ਪਿੰਡ ਭੈਣੀ ਮੱਟੂਆਂ ਤੋਂ ਹੈਰਾਨ ਕਰ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ ਨਜਾਇਜ ਸਬੰਧਾਂ ਨੂੰ ਲੈ ਦੋ ਭੈਣਾਂ ਦੇ ਇਕਲੌਤੇ ਭਰਾ ਦਾ ਕਤਲ ਕੀਤਾ ਗਿਆ ਹੈ। ਮ੍ਰਿਤਕ ਦੀ ਪਛਾਣ ਲਵਪ੍ਰੀਤ ਸਿੰਘ ਉਮਰ 20 ਸਾਲ ਪਿੰਡ ਭੈਣੀ ਮੱਟੂਆਂ ਵਜੋਂ ਹੋਈ ਹੈ। ਮ੍ਰਿਤਕ ਦੇ ਪਿੰਡ ਦੇ ਨਿਵਾਸੀ ਗੁਰਜੰਟ ਸਿੰਘ ਨੂੰ ਸ਼ੱਕ ਸੀ ਕਿ ਲਵਪ੍ਰੀਤ ਸਿੰਘ ਦਾ ਉਸ ਦੀ ਪਤਨੀ ਨਾਲ ਨਜਾਇਜ ਸਬੰਧ ਹਨ। ਬੀਤੇ ਕੁਝ ਮਹੀਨਿਆਂ ਤੋਂ ਗੁਰਜੰਟ ਸਿੰਘ ਦੀ ਪਤਨੀ ਆਪਣੇ ਪਤੀ ਨਾਲ ਲੜਾਈ-ਝਗੜਾ ਹੋਣ ਦੇ ਚਲਦਿਆਂ ਆਪਣੇ ਪੇਕੇ ਘਰ ਰਹਿ ਰਹੀ ਸੀ। ਗੁਰਜੰਟ ਸਿੰਘ ਨੂੰ ਛੱਕ ਸੀ ਕਿ ਉਸ ਦੀ ਪਤਨੀ ਆਪਣੇ ਯਾਰ ਲਵਪ੍ਰੀਤ ਸਿੰਘ ਦੇ ਕਹਿਣ ਅਨੁਸਾਰ ਸਹੁਰੇ ਘਰ ਵਾਪਸ ਨਹੀਂ ਆ ਰਹੀ। ਇਸ ਦੌਰਾਨ ਦੋ ਬੱਚਿਆਂ ਦੇ ਪਿਤਾ ਗੁਰਜੰਟ ਸਿੰਘ ਨੇ ਗੁੱਸੇ ਵਿੱਚ ਆ ਬੀਤੇ ਕੱਲ੍ਹ ਦੇਰ ਸਾਮ ਲਵਪ੍ਰੀਤ ਸਿੰਘ ਨੂੰ ਉਸਦੇ ਘਰ ਬਾਹਰ ਮਾਂ ਦੀਆਂ ਅੱਖਾਂ ਸਾਹਮਣੇ ਸਿਰ ਵਿੱਚ ਇੱਟਾਂ ਦੇ ਲਗਾਤਾਰ 9 ਵਾਰ ਕਰਦੇ ਹੋਏ ਮੌਤ ਦੇ ਘਾਟ ਉਤਾਰ ਦਿੱਤਾ। ਗਰੀਬ ਵਰਗ ਨਾਲ ਸਬੰਧਤ ਮ੍ਰਿਤਕ ਦਾ ਥਾਣਾ ਸਦਰ ਤਰਨ ਤਾਰਨ ਦੀ ਪੁਲਸ ਵੱਲੋਂ ਪੋਸਟਮਾਰਟਮ ਕਰਵਾਉਣ ਦੀ ਕਾਰਵਾਈ ਸੁਰੂ ਕਰ ਦਿੱਤੀ ਗਈ ਹੈ ਜਦਕਿ ਮੁਲਜਮ ਦੀ ਭਾਲ ਸੁਰੂ ਕਰ ਦਿੱਤੀ ਗਈ ਹੈ।

## ਇਨਸਾਨੀਅਤ ਸ਼ਰਮਸਾਰ, ਮਾਂ ਨੇ ਸੜਕ 'ਤੇ ਸੁੱਟਿਆ ਬੱਚੀ ਦਾ ਭਰੂਣ

ਅਬੋਹਰ 15 ਮਈ। ਸਥਾਨਕ ਸਿਵਲ ਹਸਪਤਾਲ ਦੇ ਮੇਨ ਗੇਟ ਅਤੇ ਜੈਨ ਹਸਪਤਾਲ ਦੇ ਬਾਹਰ ਅੱਜ ਸਵੇਰੇ ਇੱਕ ਬੱਚੀ ਦਾ ਭਰੂਣ ਬਰਾਮਦ ਹੋਣ ਤੇ ਲੋਕਾਂ ਵਿਚ ਸਨਸਨੀ ਫੈਲ ਗਈ। ਇਸ ਭਰੂਣ ਨੂੰ ਪਹਿਲਾਂ ਹੀ ਕੁਝ ਕੁੱਤਿਆਂ ਨੇ ਖਾ ਲਿਆ ਸੀ, ਜਿਸ ਦਾ ਖੁਲਾਸਾ ਨੇੜੇ ਲੱਗੇ ਸੀਸੀਟੀਵੀ ਕੈਮਰਿਆਂ ਤੋਂ ਹੋਇਆ ਹੈ। ਸੂਚਨਾ ਮਿਲਣ 'ਤੇ ਸਿਟੀ ਥਾਣਾ ਨੰਬਰ 1 ਦੀ ਪੁਲਸ ਅਤੇ ਨਰ ਸੇਵਾ ਨਰਾਇਣ ਸੇਵਾ ਸੰਮਤੀ ਦੇ ਮੁਖੀ ਆਪਣੀ ਟੀਮ ਨਾਲ ਪਹੁੰਚੇ ਅਤੇ ਇਸ ਘਟਨਾ 'ਤੇ ਗੁੱਸਾ ਜ਼ਾਹਰ ਕੀਤਾ ਅਤੇ ਕੰਨਿਆ ਭਰੂਣ ਨੂੰ ਸੁੱਟਣ ਵਾਲਿਆਂ ਖ਼ਿਲਾਫ ਕਾਰਵਾਈ ਕਰਨ ਦੀ ਮੰਗ ਕੀਤੀ। ਪੁਲਸ ਨੇ ਭਰੂਣ ਨੂੰ ਪੋਸਟਮਾਰਟਮ ਲਈ ਹਸਪਤਾਲ ਦੇ ਮੁਰਦਾਘਰ ਵਿਚ ਰਖਵਾ ਦਿੱਤਾ ਹੈ। ਜਾਣਕਾਰੀ ਅਨੁਸਾਰ ਹਸਪਤਾਲ ਦੇ ਬਾਹਰ ਬਣੇ ਮੈਡੀਕਲ ਵਾਲਿਆਂ ਨੇ ਇੱਕ ਬੱਚੀ ਦਾ ਭਰੂਣ ਪਿਆ ਦੇਖਿਆ, ਜਿਸ ਨੂੰ ਕੁੱਤਿਆਂ ਨੇ ਨੋਚਿਆ ਹੋਇਆ ਸੀ। ਉਨ੍ਹਾਂ ਨੇ ਭਰੂਣ ਦੀ ਸੂਚਨਾ ਨਰ ਸੇਵਾ ਨਰਾਇਣ ਸੇਵਾ ਸੰਮਤੀ ਦੇ ਮੁਖੀ ਰਾਜੂ ਚਰਾਇਆ ਨੂੰ ਦਿੱਤੀ, ਜਿਨ੍ਹਾਂ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਥਾਣਾ ਨੰਬਰ 1 ਦੀ ਪੁਲਸ ਨੂੰ ਸੂਚਨਾ ਦਿੱਤੀ, ਜਿਸ 'ਤੇ ਸਹਾਇਕ ਸਬ ਇੰਸਪੈਕਟਰ ਬਲਵੀਰ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਆਲੇ-ਦੁਆਲੇ ਦੀ ਪੁੱਛਗਿੱਛ ਕੀਤੀ। ਸੀਸੀਟੀਵੀ ਕੈਮਰਿਆਂ ਦੀ ਜਾਂਚ ਕਰਨ 'ਤੇ ਪਤਾ ਲੱਗਾ ਕਿ ਇਸ ਭਰੂਣ ਨੂੰ ਕੁੱਤਿਆਂ ਨੇ ਕਿਧਰੇ ਚੁੱਕ ਕੇ ਇੱਥੇ ਲਿਆਂਦਾ ਸੀ। ਰਾਜੂ ਚਰਾਇਆ ਨੇ ਗੁੱਸਾ ਜ਼ਾਹਰ ਕਰਦਿਆਂ ਕਿਹਾ ਕਿ ਜਿਸ ਵੀ ਔਰਤ ਜਾਂ ਨਰਸ ਨੇ ਜਣੇਪੇ ਤੋਂ ਬਾਅਦ ਇਸ ਮਾਸੂਮ ਬੱਚੀ ਦੇ ਭਰੂਣ ਨੂੰ ਸੜਕ 'ਤੇ ਸੁੱਟ ਦਿੱਤਾ ਹੈ, ਉਸ ਦਾ ਪਤਾ ਲਗਾ ਕੇ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਉਸ ਖ਼ਿਲਾਫ਼



ਬੱਚੀ ਦੇ ਕਤਲ ਦਾ ਮਾਮਲਾ ਦਰਜ ਕੀਤਾ ਜਾਵੇ ਕਿਉਂਕਿ ਇਹ ਪੂਰੀ ਤਰ੍ਹਾਂ ਵਿਕਸਤ ਭਰੂਣ ਸੀ। ਉਨ੍ਹਾਂ ਗੁੱਸਾ ਜ਼ਾਹਰ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਲੋਕਾਂ ਦੀ ਮਦਦ ਲਈ ਹਸਪਤਾਲ ਵਿੱਚ ਪੰਘੂੜਾ ਵੀ ਲਾਇਆ ਸੀ ਪਰ ਲੋਕ ਫਿਰ ਨਵਜੰਮੇ ਬੱਚਿਆਂ ਨੂੰ ਸੜਕਾਂ 'ਤੇ ਮਰਨ ਲਈ ਛੱਡ ਦਿੰਦੇ ਹਨ। ਜੋ ਕਿ ਸਰਾਸਰ ਗਲਤ ਹੈ। ਰਾਜੂ ਚਰਾਇਆ ਨੇ ਕਿਹਾ ਕਿ ਜਦੋਂ ਵੀ ਪੁਲਸ ਕਿਸੇ ਅਣਪਛਾਤੀ ਔਰਤ ਖਿਲਾਫ ਮਾਮਲਾ ਦਰਜ ਕਰ ਲੈਂਦੀ ਹੈ ਤਾਂ ਪੁਲਸ ਚਾਹੇ ਤਾਂ ਪਤਾ ਲਗਾ ਸਕਦੀ ਹੈ ਕਿ ਬੱਚੇ ਦੀ ਡਿਲੀਵਰੀ ਕਿੱਥੇ ਹੋਈ ਅਤੇ ਕਿਸ ਨੇ ਸੁੱਟਿਆ ਕਿਉਂਕਿ ਹਸਪਤਾਲ ਦੀਆਂ ਆਸ਼ਾ ਵਰਕਰਾਂ ਅਤੇ ਏ.ਐੱਨ.ਐੱਮ ਕੋਲ ਸ਼ਹਿਰ ਅਤੇ ਨੇੜਲੇ ਪਿੰਡਾਂ ਵਿੱਚ ਸਾਰੀਆਂ ਗਰਭਵਤੀ ਔਰਤਾਂ ਦੀ ਰਿਪੋਰਟ ਹੁੰਦੀ ਹੈ।

## ਟਰੈਕਟਰ-ਟਰਾਲੀ ਦੀ ਲਪੇਟ 'ਚ ਆਏ ਮੋਟਰਸਾਈਕਲ ਸਵਾਰ 3 ਵਿਅਕਤੀ, 2 ਦੀ ਹਾਲਤ ਗੰਭੀਰ

ਅਬੋਹਰ 15 ਮਈ। ਪਿੰਡ ਕਿੱਲਿਆਂਵਾਲੀ ਕੋਲ ਅੱਜ ਸਵੇਰੇ ਇਕ ਟਰੈਕਟਰ-ਟਰਾਲੀ ਦੀ ਲਪੇਟ 'ਚ ਆਉਣ ਨਾਲ ਮੋਟਰਸਾਈਕਲ ਸਵਾਰ ਤਿੰਨ ਵਿਅਕਤੀ ਗੰਭੀਰ ਤੌਰ 'ਤੇ ਜ਼ਖਮੀ ਹੋ ਗਏ। ਮੌਕੇ 'ਤੇ ਮੌਜੂਦ ਲੋਕਾਂ



ਨੇ ਜਖਮੀ ਵਿਅਕਤੀਆਂ ਨੂੰ ਤੁਰੰਤ ਸਿਵਲ ਹਸਪਤਾਲ ਇਲਾਜ ਲਈ ਦਾਖਲ ਕਰਵਾਇਆ ਗਿਆ, ਜਿਥੇ ਦੋ ਵਿਅਕਤੀਆਂ ਦੀ ਹਾਲਤ ਗੰਭੀਰ ਦੇਖਦੇ ਹੋਏ ਉਨ੍ਹਾਂ ਨੂੰ ਫਰੀਦਕੋਟ ਰੈਫਰ ਕਰ ਦਿੱਤਾ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਹਾਦਸਾ ਇੰਨਾ ਭਿਆਨਕ ਸੀ ਕਿ ਇਕ ਵਿਅਕਤੀ ਦੀ ਲੱਤ ਟੁੱਟ ਗਈ ਅਤੇ ਦੂਜੇ ਦੀ ਲੱਤ ਬੁਰੀ ਤਰ੍ਹਾਂ ਨਾਲ ਕੁਚਲ ਗਈ, ਜਿਸ ਕਾਰਨ ਉਨ੍ਹਾਂ ਨੂੰ ਦੂਜੇ ਹਸਪਤਾਲ ਰੈਫਰ ਕਰਨਾ ਪਿਆ। ਜਾਣਕਾਰੀ ਅਨੁਸਾਰ ਕਿੱਲਿਆਂਵਾਲੀ ਵਾਸੀ ਗਣੇਸ਼, ਗੁਰਮੇਲ ਅਤੇ ਸੰਦੀਪ ਤਿੰਨੋਂ ਮੋਟਰਸਾਈਕਲ 'ਤੇ ਕਿੱਲਿਆਂਵਾਲੀ ਵੱਲ ਜਾ ਰਹੇ ਸਨ ਤਾਂ ਰਸਤੇ 'ਚ ਉਨ੍ਹਾਂ ਦੀ ਟਰੈਕਟਰ-ਟਰਾਲੀ ਨਾਲ ਟੱਕਰ ਹੋ ਗਈ, ਜਿਸ ਕਾਰਨ ਤਿੰਨੋਂ ਸੜਕ 'ਤੇ ਡਿੱਗ ਕੇ ਜ਼ਖਮੀ ਹੋ ਗਏ। ਟਰੈਕਟਰ ਚਾਲਕਾਂ ਨੇ ਆਸ-ਪਾਸ ਦੇ ਲੋਕਾਂ ਦੀ ਮਦਦ ਨਾਲ ਉਹਨਾਂ ਨੂੰ ਹਸਪਤਾਲ ਪਹੁੰਚਾਇਆ। ਜਿਥੇ ਡਾਕਟਰਾਂ ਨੇ ਗਣੇਸ਼ ਅਤੇ ਸੰਦੀਪ ਦੀ ਹਾਲਤ ਨੂੰ ਗੰਭੀਰ ਦੇਖਦੇ ਹੋਏ ਰੈਫਰ ਕਰ ਦਿੱਤਾ ਹੈ।

## ਪੁਲਸ ਦੀ ਵਰਦੀ ਪਾ ਕੇ ਲੁੱਟਾਂ-ਖੋਹਾਂ ਕਰਨ ਵਾਲੇ ਗਿਰੋਹ ਤੋਂ ਸੋਨਾ, ਗੱਡੀਆਂ, ਮੋਬਾਇਲ ਤੇ ਹਥਿਆਰ ਬਰਾਮਦ

ਮਾਛੀਵਾੜਾ ਸਾਹਿਬ 15 ਮਈ। ਮਾਛੀਵਾੜਾ ਪੁਲਸ ਵਲੋਂ ਪੁਲਸ ਦੀ ਵਰਦੀ ਪਾ ਕੇ ਲੁੱਟਾਂ-ਖੋਹਾਂ ਕਰਨ ਵਾਲੇ ਗ੍ਰਿਫ਼ਤਾਰ ਕੀਤੇ ਗਏ 5 ਮੈਂਬਰੀ ਗਿਰੋਹ ਤੋਂ ਗੱਡੀਆਂ,




ਸੋਨਾ, ਮੋਬਾਇਲ ਫੋਨ ਅਤੇ ਹਥਿਆਰ ਬਰਾਮਦ ਕੀਤੇ ਹਨ ਜਿਸ ਤਹਿਤ 5 ਵਿਅਕਤੀ ਗੁਰਿੰਦਰ ਸਿੰਘ ਵਾਸੀ ਭੱਟੀਆਂ, ਅਕਾਸ਼ਦੀਪ ਸਿੰਘ, ਅਮਰਪ੍ਰੀਤ ਸਿੰਘ, ਹਰਦੀਪ ਸਿੰਘ ਲੱਕੀ ਅਤੇ ਹਰਦੀਪ ਸਿੰਘ ਗੁੱਲੂ ਵਾਸੀਆਨ ਮਾਛੀਵਾੜਾ ਨੂੰ ਨਾਮਜ਼ਦ ਕਰ ਲਿਆ ਹੈ। ਅੱਜ ਪੁਲਸ ਜ਼ਿਲਾ ਖੰਨਾ ਦੇ ਐੱਸ.ਪੀ. (ਡੀ) ਸੌਰਵ ਜਿੰਦਲ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਐੱਸ.ਐੱਸ.ਪੀ. ਅਵਨੀਤ ਕੌਂਡਲ ਦੇ ਨਿਰਦੇਸ਼ਾਂ ਤਹਿਤ ਮਾੜੇ ਅਨਸਰਾਂ ਨੂੰ ਕਾਬੂ ਕਰ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਇਸ ਮੁਹਿੰਮ ਤਹਿਤ ਉਪ ਪੁਲਸ ਕਪਤਾਨ ਸਮਰਾਲਾ ਤਰਲੋਚਨ ਸਿੰਘ ਦੀ ਅਗਵਾਈ ਹੇਠ ਇੰਸਪੈਕਟਰ ਭਿੰਦਰ ਸਿੰਘ ਖੰਗੂੜਾ ਦੀ ਟੀਮ ਵਲੋਂ ਇਹ ਨਕਲੀ ਵਰਦੀਆਂ ਪਾ ਕੇ ਲੁੱਟ-ਖੋਹ ਕਰਨ ਵਾਲੇ ਗਿਰੋਹ ਦਾ ਪਰਦਾਫ਼ਾਸ ਕੀਤਾ ਗਿਆ ਹੈ। ਐੱਸ.ਪੀ. ਜਿੰਦਲ ਨੇ ਦੱਸਿਆ ਕਿ ਇਹ ਗਿਰੋਹ ਦੇ ਨੌਜਵਾਨਾਂ ਨੇ ਮਾਛੀਵਾੜਾ ਨੇੜਲੇ ਪਿੰਡ ਝੜੌਦੀ ਵਿਖੇ ਇਕ ਇਮੀਗ੍ਰੇਸ਼ਨ ਏਜੰਟ ਤੋਂ 2 ਮੋਬਾਇਲ ਤੇ ਉਸਦਾ ਪਰਸ ਖੋਹ ਲਿਆ ਸੀ ਜਿਸ ਵਿਚ ਉਸਦੇ ਬੈਂਕ ਕਾਰਡ ਸਨ। ਇਹ ਗਿਰੋਹ ਗੱਡੀਆਂ 'ਤੇ ਜਾਅਲੀ ਨੰਬਰ ਪਲੇਟਾਂ ਲਗਾ ਵਾਰਦਾਤਾਂ ਨੂੰ ਅੰਜਾਮ ਦਿੰਦਾ ਸੀ ਅਤੇ ਇਸ ਮਾਮਲੇ ਵਿਚ ਪਰਚਾ ਦਰਜ ਕਰਨ ਤੋਂ ਬਾਅਦ ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ। ਉਨ੍ਹਾਂ ਦੱਸਿਆ ਕਿ ਉਕਤ ਮਾਮਲੇ 'ਚ ਇਨ੍ਹਾਂ 5 ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਡੂੰਘਾਈ ਦੌਰਾਨ ਕੀਤੀ ਪੁੱਛਗਿੱਛ ਵਿਚ ਉਨ੍ਹਾਂ ਮੰਨਿਆ ਕਿ ਉਨ੍ਹਾਂ ਮਾਛੀਵਾੜਾ, ਸਮਰਾਲਾ ਤੇ ਹੋਰ ਆਸ-ਪਾਸ ਦੇ 10 ਤੋਂ ਵੱਧ ਇਲਾਕਿਆਂ ਵਿਚ ਵਾਰਦਾਤਾਂ ਨੂੰ ਅੰਜਾਮ ਦਿੱਤਾ। ਇਨ੍ਹਾਂ ਕੋਲੋਂ ਲੋਕਾਂ ਤੋਂ ਲੁੱਟਿਆ ਗਿਆ ਸਮਾਨ ਜਿਸ ਵਿਚ 15 ਗ੍ਰਾਮ ਸੋਨਾ, 6 ਮੋਬਾਇਲ, ਵਾਰਦਾਤ ਨੂੰ ਅੰਜ਼ਾਮ ਦੇਣ ਲਈ ਵਰਤੇ ਗਏ ਹਥਿਆਰ ਸਮੇਤ 3 ਗੱਡੀਆਂ ਬਰਾਮਦ ਕੀਤੀਆਂ ਜਿਨ੍ਹਾਂ 'ਤੇ ਜਾਅਲੀ ਨੰਬਰ ਲਗਾ ਲੁੱਟਾਂ-ਖੋਹਾਂ ਕਰਦੇ ਸਨ। ਪੁਲਸ ਵਲੋਂ ਇਨ੍ਹਾਂ ਤੋਂ ਵਰਦੀਆਂ ਵੀ ਬਰਾਮਦ ਕੀਤੀਆਂ। ਐੱਸ.ਪੀ. ਸੌਰਵ ਜਿੰਦਲ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਗੁਰਿੰਦਰ ਸਿੰਘ, ਅਕਾਸ਼ਦੀਪ ਸਿੰਘ, ਅਮਰਪ੍ਰੀਤ ਸਿੰਘ ਲੋਕਾਂ ਤੋਂ ਲੁੱਟਿਆ ਗਿਆ ਸਮਾਨ ਹਰਦੀਪ ਸਿੰਘ ਗੁੱਲੂ ਨੂੰ ਵੇਚਦੇ ਸਨ ਜੋ ਉਨ੍ਹਾਂ ਨੂੰ ਇਸ ਬਦਲੇ ਨਸ਼ਾ ਦਿੰਦਾ ਸੀ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਅਦਾਲਤ ਵਿਚ ਪੇਸ਼ ਕਰ ਰਿਮਾਂਡ 'ਤੇ ਲਿਆਂਦਾ ਗਿਆ ਹੈ ਅਤੇ ਹੋਰ ਵੀ ਪੁੱਛਗਿੱਛ ਜਾਰੀ ਹੈ।

## ਸਕਿੰਟਾਂ 'ਚ ਵੱਡਾ ਕਾਂਡ ਕਰ ਗਿਆ ਬੱਚਾ, ਕਿਸਾਨ ਦੇ ਲੱਖ ਰੁਪਏ ਚੁੱਕ ਹੋਇਆ ਫਰਾਰ

ਤਪਾ ਮੰਡੀ 15 ਮਈ। ਪੰਜਾਬ ਨੈਸ਼ਨਲ ਬੈਂਕ ਦੀ ਬਰਾਂਚ ਤਪਾ ਦੇ ਬਾਹਰੋਂ ਇਕ ਛੋਟਾ ਜਿਹਾ ਬੱਚਾ ਮੋਟਰਸਾਈਕਲ ਨਾਲ ਲੱਗੇ ਬੈਗ 'ਚੋਂ ਕਿਸਾਨ ਦਾ ਇੱਕ ਲੱਖ ਰੁਪਏ ਲੈ ਕੇ ਰਫੂਚੱਕਰ ਹੋ ਗਿਆ। ਜਾਣਕਾਰੀ ਅਨੁਸਾਰ ਪਿੰਡ ਧਰਮਪੁਰਾ ਮੋੜ ਦਾ ਕਿਸਾਨ ਕਰਮਵੀਰ ਸਿੰਘ ਪੁੱਤਰ ਰਣਜੀਤ ਸਿੰਘ ਮੋਟਰਸਾਈਕਲ 'ਤੇ ਸਵਾਰ ਹੋ ਕੇ ਅਪਣੀ ਘਰ ਜਰੂਰਤ ਲਈ ਚੈਕ ਰਾਹੀਂ ਕਢਵਾਈ ਇਕ ਲੱਖ ਰੁਪਏ ਦੀ ਰਕਮ ਲੈ ਕੇ ਜਦ ਬਾਹਰ ਖੜ੍ਹੇ ਮੋਟਰਸਾਈਕਲ ਦੀ ਸਾਈਡ 'ਤੇ ਲੱਗੇ ਝੋਲੇ 'ਚ ਰੱਖ ਕੇ ਮੋਟਰਸਾਈਕਲ ਮੋੜਨ ਲੱਗਾ ਤਾਂ ਇੰਨੇ 'ਚ ਹੀ ਇੱਕ ਛੋਟਾ ਜਿਹਾ ਬੱਚਾ ਆਇਆ ਅਤੇ 1 ਲੱਖ ਰੁਪਏ ਲੈ ਕੇ ਫਰਾਰ ਹੋ ਗਿਆ, ਕੋਲ ਖੜ੍ਹੀਆਂ ਔਰਤਾਂ ਨੇ ਕਿਸਾਨ ਨੂੰ ਕਿਹਾ ਕਿ ਬੱਚਾ ਬੈਗ 'ਚੋਂ ਰੁਪਏ ਕੱਢ ਕੇ ਲੈ ਗਿਆ ਹੈ। ਇਸ ਦੀ ਜਦੋਂ ਕਿਸਾਨ ਨੇ ਜਾਂਚ ਕੀਤੀ ਤਾਂ ਬੈਂਕ 'ਚੋਂ ਕੱਢਵਾਏ 1 ਲੱਖ ਰੁਪਏ ਗਾਇਬ ਸੀ ਤੇ ਔਰਤਾਂ ਵੀ ਗਾਇਬ ਹੋ ਗਈਆਂ। ਕਿਸਾਨ ਨੇ ਤੁਰੰਤ ਇਰਦ-ਗਿਰਦ ਲੋਕਾਂ ਨੂੰ ਇਸ ਘਟਨਾ ਬਾਰੇ ਦੱਸਿਆ ਜੋ ਸੀ. ਸੀ. ਟੀ. ਵੀ. ਕੈਮਰੇ 'ਚ ਕੈਦ ਹੋ ਗਈ। ਥਾਣਾ ਮੁਖੀ ਕੁਲਜਿੰਦਰ ਸਿੰਘ ਗਰੇਵਾਲ, ਚੌਂਕੀ ਇੰਚਾਰਜ ਕਰਮਜੀਤ ਸਿੰਘ, ਸਹਾਇਕ



ਥਾਣੇਦਾਰ ਬਲਜੀਤ ਸਿੰਘ, ਮੁਨਸ਼ੀ ਚੌਂਕੀ ਕਮਲਪ੍ਰੀਤ ਕੌਰ ਦੀ ਅਗਵਾਈ 'ਚ ਪੁੱਜੀ ਪੁਲਸ ਪਾਰਟੀ ਨੇ ਬੈਂਕ ਅਤੇ ਨੇੜੇ ਦੁਕਾਨਾਂ ਅਤੇ ਬੈਂਕਾਂ ਦੇ ਕੈਮਰੇ ਖੰਘਾਲਣ 'ਚ ਜੁੱਟ ਗਈ ਹੈ। ਇਸ ਮੌਕੇ ਹਾਜਰ ਖਾਤਾਧਾਰਕਾਂ ਨੇ ਦੱਸਿਆ ਕਿ ਬੈਂਕ 'ਚ ਹਰ ਰੋਜ ਕਰੋੜਾਂ ਰੁਪਏ ਦਾ ਲੈਣ-ਦੇਣ ਹੁੰਦਾ ਹੈ ਪਰ ਸਕਿਓਰਿਟੀ ਦਾ ਕੋਈ ਇੰਤਜਾਮ ਨਾ ਹੋਣ ਕਾਰਨ ਖਾਤਾਧਾਰਕਾਂ ਨੂੰ ਹਰ ਸਮੇਂ ਆਪਣੀ ਹਿਫਾਜਤ ਆਪ ਕਰਨੀ ਪੈ ਰਹੀ ਹੈ ਜਦਕਿ ਹੋਰਨਾਂ ਬੈਂਕਾਂ 'ਚ ਸਕਿਓਰਿਟੀ 24 ਘੰਟੇ ਗੇਟ 'ਤੇ ਤੈਨਾਤ ਰਹਿੰਦੀ ਹੈ। ਖਾਤਾਧਾਰਕਾਂ ਦੀ ਮੰਗ ਹੈ ਕਿ ਬੈਂਕ 'ਚ 24 ਘੰਟੇ ਸਕਿਓਰਿਟੀ ਲਗਾਈ ਜਾਵੇ। ਖਾਤਾਧਾਰਕਾਂ ਨੇ ਇਹ ਵੀ ਦੱਸਿਆ ਕਿ ਬੈਂਕ 'ਚ ਨਾ ਕੋਈ ਪੀਣ ਵਾਲਾ ਠੰਡਾ ਪਾਣੀ ਦਾ ਇੰਤਜਾਮ ਹੈ ਅਤੇ ਨਾ ਹੀ ਬਾਹਰ ਪਾਰਕਿੰਗ ਦਾ ਪ੍ਰਬੰਧ ਹੈ, ਇਸੇ ਕਾਰਨ ਖਾਤਾਧਾਰਕਾਂ ਨੂੰ ਮੁਸ਼ਕਲਾਂ ਝੱਲਣੀਆਂ ਪੈ ਰਹੀਆਂ ਹਨ। ਉਕਤ ਸਮੱਸਿਆਵਾਂ ਨੂੰ ਲੈ ਕੇ ਡੀਜੀਐੱਮ ਬਠਿੰਡਾ ਮਨਕੋਟੀਆਂ ਦੇ ਧਿਆਨ 'ਚ ਲਿਆ ਦਿੱਤਾ ਹੈ।

## ਜਲੰਧਰ ਪੁਲਸ ਨੇ ਚੋਣਾਂ ਦੇ ਮੱਦੇਨਜਰ ਨਾਕੇ 'ਤੇ ਰੋਕੀ ਗੱਡੀ, ਤਲਾਸ਼ੀ ਲੈਂਦਿਆਂ ਰਹਿ ਗਏ ਦੰਗ

ਜਲੰਧਰ 15 ਮਈ। ਲੋਕ ਸਭਾ ਚੋਣਾਂ ਦੇ ਮੱਦੇਨਜਰ ਪੁਲਸ ਵੱਲੋਂ ਵੱਖ-ਵੱਖ ਥਾਵਾਂ 'ਤੇ ਨਾਕੇਬੰਦੀ ਕੀਤੀ ਗਈ ਹੈ ਤੇ ਆਉਣ-ਜਾਣ ਵਾਲੇ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਇਸ ਦੌਰਾਨ ਜਲੰਧਰ ਪੁਲਸ ਨੂੰ ਇਕ ਕਾਰ ਵਿਚੋਂ ਲੱਖਾਂ ਰੁਪਏ ਦੀ ਨਕਦੀ ਬਰਾਮਦ ਹੋਈ ਹੈ। ਜਾਣਕਾਰੀ ਮੁਤਾਬਕ ਏ.ਐੱਸ.ਆਈ. ਹਰਪ੍ਰੀਤ ਸਿੰਘ, ਏ.ਐੱਸ.ਆਈ. ਸੰਜੀਵ ਕੁਮਾਰ ਅਤੇ ਸੁਰਿੰਦਰ ਕੁਮਾਰ ਵੱਲੋਂ ਪੁਲਸ ਪਾਰਟੀ ਸਮੇਤ ਮਕਸੂਦਾਂ ਰੋਡ 'ਤੇ ਨਾਕੇਬੰਦੀ ਕੀਤੀ ਗਈ ਸੀ। ਇਸ ਦੌਰਾਨ ਇਕ ਕਾਰ ਹੁਸ਼ਿਆਰਪੁਰ ਵਾਲੀ ਸਾਈਡ ਤੋਂ ਆ ਰਹੀ ਸੀ। ਉਸ ਦੀ ਤਲਾਸ਼ੀ ਲੈਣ 'ਤੇ ਪੁਲਸ ਨੂੰ ਤਕਰੀਬਨ 8 ਲੱਖ ਰੁਪਏ ਦੀ ਨਕਦੀ ਬਰਾਮਦ ਹੋਈ। ਕਾਰ ਸਵਾਰ ਖੁਦ ਨੂੰ ਵਪਾਰੀ ਦੱਸ ਰਹੇ ਸਨ ਪਰ ਉਹ ਉਕਤ ਪੈਸਿਆਂ ਨੂੰ ਲੈ ਕੇ ਕੋਈ ਸਬੂਤ ਨਹੀਂ ਦਿਖਾ ਸਕੇ। ਪੁਲਸ ਨੇ ਸਾਰੀ ਨਕਦੀ ਨੂੰ ਕਬਜੇ ਵਿਚ ਲੈ ਕੇ ਥਾਣਾ ਡਵੀਜਨ ਨੰਬਰ 1 ਵਿਚ ਭੇਜ ਦਿੱਤਾ ਹੈ। ਮਾਮਲੇ ਨੂੰ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਨਾੜ ਨੂੰ ਅੱਗ ਲੱਗਣ ਕਾਰਨ ਖੇਤਾਂ 'ਚ ਬਣੇ ਕਿਸਾਨਾਂ ਦੇ ਚਾਰ ਘਰਾਂ ਨੂੰ ਲੱਗੀ ਅੱਗ

ਬਮਿਆਲ/ਦੀਨਾਨਗਰ 15 ਮਈ। ਸਰਹੱਦੀ ਕਸਬਾ ਬਮਿਆਲ ਦੇ ਨਜਦੀਕੀ ਪਿੰਡ ਅਨਿਆਲ ਦੇ ਵਿੱਚ ਕਣਕ ਦੇ ਨਾੜ ਨੂੰ ਅੱਗ ਲੱਗਣ ਕਾਰਨ ਕਰੀਬ ਚਾਰ ਘਰਾਂ ਦਾ ਸਮਾਨ ਸੜ ਕੇ ਸੁਆਹ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਅੱਗ ਨਜਦੀਕੀ ਪਿੰਡ ਮਨਵਾਲ ਤੋਂ ਕਿਸੇ ਅਣਪਛਾਤੇ ਕਿਸਾਨ ਵੱਲੋਂ ਆਪਣੀ ਫਸਲ ਦੇ ਨਾੜ ਨੂੰ ਲਗਾਈ ਗਈ ਸੀ ਜੋ ਕਿ ਤੇਜ ਹਵਾ ਹੋਣ ਕਾਰਨ ਇਨ੍ਹਾਂ ਕਿਸਾਨਾਂ ਦੇ ਖੇਤਾਂ ਵਿੱਚ ਪਹੁੰਚ ਗਈ। ਕਿਸਾਨਾਂ ਵੱਲੋਂ ਖੇਤਾਂ ਵਿੱਚ ਬਣਾਏ ਗਏ ਘਰਾਂ ਨੂੰ ਅੱਗ ਲੱਗਣ ਕਾਰਨ ਘਰਾਂ ਵਿੱਚ ਪਿਆ ਕੀਮਤੀ ਸਮਾਨ ਸੜ ਕੇ ਸੁਆਹ ਹੋ ਗਿਆ ਅਤੇ ਇਸ ਦੇ ਨਾਲ ਹੀ ਲਗਭਗ 18 ਰਿਪਰ ਤੂੜੀ ਵੀ ਸੜ ਕੇ ਸੁਆਹ ਹੋ ਗਈ। ਪੀੜਿਤ ਕਿਸਾਨ ਤਿਲਕ ਰਾਜ, ਚਰਨਜੀਤ, ਗੁਲਸ਼ਨ ਕੁਮਾਰ, ਸਾਮ ਲਾਲ, ਜੋਨੀ ਸਰਮਾ ਅਤੇ ਤਿਲਕ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਦੇ ਚਾਰ ਇੰਜਣ ਵੀ ਸੜ ਕੇ ਸੁਆਹ ਹੋ ਗਏ ਹਨ। ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਆਪਣੇ ਖਾਣ ਲਈ ਜੋ ਕਣਕ ਰੱਖੀ ਹੋਈ ਸੀ ਉਹ ਵੀ ਸੜ ਕੇ ਸੁਆਹ ਹੋ ਗਈ। ਇਸ ਵੇਲੇ ਉਨ੍ਹਾਂ ਕੋਲ ਪਸ਼ੂਆਂ ਨੂੰ ਪਾਉਣ ਯੋਗ ਚਾਰਾ ਵੀ ਨਹੀਂ ਬਚਿਆ ਹੈ ਅਤੇ ਨਾ ਹੀ ਘਰ ਵਿੱਚ ਖਾਣ ਲਈ ਅਨਾਜ ਬਚਿਆ ਹੈ। ਜਿਸ ਦੇ ਚੱਲਦੇ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਹੋਇਆ ਹੈ। ਇਸ ਮੌਕੇ ਕਿਸਾਨਾਂ ਵੱਲੋਂ ਪ੍ਰਸਾਸਨ ਤੋਂ ਮੰਗ ਕੀਤੀ ਗਈ ਕਿ ਕਿਸਾਨਾਂ ਦਾ ਨੁਕਸਾਨ ਦੇਖਣ ਤੋਂ ਬਾਅਦ ਉਨ੍ਹਾਂ ਨੂੰ ਮੁਆਵਜਾ ਮੁਹੱਈਆ ਕਰਵਾਇਆ ਜਾਵੇ।

## ਪੈਟਰੋਲ ਪੰਪ 'ਤੇ ਵਾਪਰਿਆ ਭਿਆਨਕ ਹਾਦਸਾ ! ਹੋਰਡਿੰਗ ਡਿੱਗਣ ਨਾਲ 14 ਲੋਕਾਂ ਦੀ ਹੋਈ ਮੌਤ

ਮੁੰਬਈ 15 ਮਈ। ਮੁੰਬਈ ਵਿਚ ਤੇਜ ਹਨੇਰੀ ਨਾਲ ਘਾਟਕੋਪਰ ਇਲਾਕੇ ਵਿਚ ਛੇੜਾ ਨਗਰ ਜੰਕਸ਼ਨ ਸਥਿਤ ਇਕ ਪੈਟਰੋਲ ਪੰਪ 'ਤੇ 100 ਫੁੱਟ ਲੰਬਾ ਹੋਰਡਿੰਗ ਡਿੱਗਣ ਨਾਲ 14 ਲੋਕਾਂ ਦੀ ਮੌਤ ਹੋ ਗਈ ਅਤੇ 74 ਹੋਰ ਜਖਮੀ ਹੋ ਗਏ। ਬ੍ਰਿਹਨਮੁੰਬਈ ਮਹਾਨਗਰਪਾਲਿਕਾ (ਬੀ. ਐੱਮ. ਸੀ.) ਦੇ ਇਕ ਅਧਿਕਾਰੀ ਨੇ ਕਿਹਾ ਕਿ ਹੋਰਡਿੰਗ ਡਿੱਗਣ ਦੀ ਘਟਨਾ ਵਿਚ ਜਖਮੀ ਹੋਏ ਲੋਕਾਂ ਨੂੰ ਬੀ. ਐੱਮ. ਸੀ. ਸੰਚਾਲਿਤ ਰਾਜਾਵਾੜੀ ਹਸਪਤਾਲ ਲਿਜਾਇਆ ਗਿਆ। ਜਾਣਕਾਰੀ ਮੁਤਾਬਕ ਸੋਮਵਾਰ ਨੂੰ ਆਈ ਤੇਜ ਹਨੇਰੀ ਅਤੇ ਬੇਮੌਸਮੀ ਬਾਰਿਸ਼ ਦੌਰਾਨ ਘਾਟਕੋਪਰ ਦੇ ਇਕ ਪੈਟਰੋਲ ਪੰਪ 'ਤੇ 100 ਫੁੱਟ ਲੰਬਾ ਹੋਰਡਿੰਗ ਡਿੱਗ ਗਿਆ ਅਤੇ ਕਈ ਲੋਕ ਇਸ ਦੇ ਹੇਠਾਂ ਦੱਬ ਗਏ ਸਨ। ਅਧਿਕਾਰੀਆਂ ਵੱਲੋਂ ਮੰਗਲਵਾਰ ਸਵੇਰੇ ਸਾਂਝੀ ਕੀਤੀ ਗਈ ਜਾਣਕਾਰੀ ਮੁਤਾਬਕ ਇਸ ਹਾਦਸੇ ਵਿਚ ਜਾਨ ਗੁਆਉਣ ਵਾਲਿਆਂ ਦੀ ਗਿਣਤੀ 14 ਹੋ ਗਈ ਹੈ ਜਦਕਿ 74 ਹੋਰ ਲੋਕ ਜਖਮੀ ਹਨ। ਅਧਿਕਾਰੀਆਂ ਮੁਤਾਬਕ ਮੰਗਲਵਾਰ ਸਵੇਰੇ ਵੀ ਰਾਹਤ ਕਾਰਜ ਜਾਰੀ ਹੈ।

## ਮਕਾਨ ਮਾਲਕਣ ਦਾ ਬੇਰਹਿਮੀ ਨਾਲ ਕਤਲ; ਫਿਰ ਪੋਤੇ ਨੂੰ ਵੀ ਉਤਾਰਿਆ ਮੌਤ ਦੇ ਘਾਟ

ਜੈਪੁਰ 15 ਮਈ। ਰਾਜਸਥਾਨ ਦੀ ਰਾਜਧਾਨੀ ਜੈਪੁਰ 'ਚ ਇਕ ਸਨਸਨੀਖੇਜ ਮਾਮਲਾ ਸਾਹਮਣੇ ਆਇਆ ਹੈ। ਦਰਅਸਲ ਕਿਰਾਏ ਨੂੰ ਲੈ ਕੇ ਹੋਏ ਝਗੜੇ ਤੋਂ ਬਾਅਦ ਕਿਰਾਏਦਾਰ ਨੇ 55 ਸਾਲਾ ਔਰਤ ਅਤੇ ਫਿਰ ਉਸ ਦੇ ਨਾਬਾਲਗ ਪੋਤੇ ਦਾ ਕਤਲ ਕਰ ਦਿੱਤਾ। ਜਾਣਕਾਰੀ ਮੁਤਾਬਕ ਪੋਤੇ ਨੇ ਕਿਰਾਏਦਾਰ ਨੂੰ ਆਪਣੀ ਦਾਦੀ ਦਾ ਕਤਲ ਕਰਦੇ ਵੇਖ ਲਿਆ ਸੀ, ਜਿਸ ਤੋਂ ਬਾਅਦ ਦੋਸੀ ਨੇ ਉਸ ਦਾ ਵੀ ਕਤਲ ਕਰ ਦਿੱਤਾ। ਪੁਲਸ ਨੇ ਦੱਸਿਆ ਕਿ ਜੈਪੁਰ ਦੇ ਸੰਗਾਨੇਰ ਇਲਾਕੇ 'ਚ ਬਹਿਸ ਤੋਂ ਬਾਅਦ ਦੋਸੀ ਮਨੋਜ ਬੈਰਵਾ ਨੇ ਪ੍ਰੇਮ ਦੇਵੀ 'ਤੇ ਤੇਜਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਸੀ। ਇਕ ਅਧਿਕਾਰੀ ਨੇ ਦੱਸਿਆ ਕਿ ਉਥੇ ਖੜ੍ਹੇ ਔਰਤ ਦੇ ਸੱਤ ਸਾਲਾ ਪੋਤੇ ਗੌਰਵ ਦੀ ਵੀ ਦੋਸ਼ੀ ਨੇ ਕਤਲ ਕਰ ਦਿੱਤਾ। ਕਤਲ ਤੋਂ ਬਾਅਦ ਮਨੋਜ ਬੈਰਵਾ ਨੇ ਦੋਵੇਂ ਲਾਸਾਂ ਘਰ ਦੀ ਪਾਣੀ ਵਾਲੀ ਟੈਂਕੀ 'ਚ ਸੁੱਟ ਦਿੱਤੀਆਂ। ਰਿਪੋਰਟ ਮੁਤਾਬਕ ਲਾਸਾਂ ਨੂੰ ਪਾਣੀ ਦੀ ਟੈਂਕੀ 'ਚ ਸੁੱਟਣ ਤੋਂ ਬਾਅਦ ਦੋਸੀ ਭੱਜਣ ਲੱਗਾ ਪਰ ਫਿਰ ਗੁਆਂਢੀਆਂ ਨੂੰ ਇਸ ਦੀ ਭਿਣਕ ਲੱਗ ਗਈ ਅਤੇ ਉਨ੍ਹਾਂ ਨੇ ਹੋਰਨਾਂ ਨਾਲ ਮਿਲ ਕੇ ਉਸ ਦਾ ਪਿੱਛਾ ਕੀਤਾ ਅਤੇ ਕਤਲ ਕੀਤੇ ਕਿਰਾਏਦਾਰ ਨੂੰ ਫੜ ਲਿਆ। ਇਸ ਤੋਂ ਬਾਅਦ ਜਦੋਂ ਲੋਕਾਂ ਨੇ ਪੁਲਸ ਨੂੰ ਸੂਚਨਾ ਦਿੱਤੀ ਤਾਂ ਥਾਣਾ ਸੰਗਾਨੇਰ ਦੀ ਪੁਲਸ ਨੇ ਦੋਸੀ ਮਨੋਜ ਨੂੰ ਹਿਰਾਸਤ 'ਚ ਲੈ ਕੇ ਲਾਸਾਂ ਨੂੰ ਪੋਸਟਮਾਰਟਮ ਲਈ ਹਸਪਤਾਲ ਭੇਜ ਦਿੱਤਾ। ਪੁਲਸ ਪੁੱਛਗਿੱਛ ਦੌਰਾਨ ਦੋਸੀ ਮਨੋਜ ਬੈਰਵਾ ਨੇ ਦੱਸਿਆ ਕਿ ਉਸ ਦੀ ਮਕਾਨ ਮਾਲਕਣ ਨਾਲ ਰੋਜਾਨਾ ਲੜਾਈ ਹੁੰਦੀ ਸੀ ਅਤੇ ਵਾਰਦਾਤ ਤੋਂ ਪਹਿਲਾਂ ਵੀ ਝਗੜਾ ਹੋਇਆ ਸੀ। ਇਸ ਦੌਰਾਨ ਉਸ ਨੇ ਸਰਾਬ ਪੀਤੀ ਹੋਈ ਸੀ ਅਤੇ ਗੁੱਸੇ 'ਚ ਉਸ ਨੇ ਪ੍ਰੇਮ ਦੇਵੀ ਦਾ ਕਤਲ ਕਰ ਦਿੱਤਾ। ਰਿਪੋਰਟ ਮੁਤਾਬਕ ਪੋਤੇ ਗੌਰਵ ਨੇ ਕਿਰਾਏਦਾਰ ਮਨੋਜ ਨੂੰ ਕਤਲ ਕਰਦੇ ਵੇਖ ਲਿਆ ਅਤੇ ਜਦੋਂ ਉਹ ਰੌਲਾ ਪਾਉਣ ਲੱਗਾ ਤਾਂ ਉਸ ਨੇ ਉਸ ਨੂੰ ਵੀ ਚਾਕੂ ਨਾਲ ਵਾਰ ਕਰਕੇ ਮੌਤ ਦੇ ਘਾਟ ਉਤਾਰ ਦਿੱਤਾ। ਫਿਰ ਉਨ੍ਹਾਂ ਦੀਆਂ ਲਾਸਾਂ ਨੂੰ ਲੁਕਾਉਣ ਲਈ ਪਾਣੀ ਦੀ ਟੈਂਕੀ ਵਿਚ ਸੁੱਟ ਦਿੱਤੀਆਂ। ਫਿਲਹਾਲ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਅਹਿਮ ਸਬੂਤ ਇਕੱਠੇ ਕੀਤੇ ਅਤੇ ਦੋਵਾਂ ਲਾਸਾਂ ਨੂੰ ਪੋਸਟਮਾਰਟਮ ਲਈ ਹਸਪਤਾਲ ਦੇ ਮੁਰਦਾਘਰ ਵਿਚ ਰਖਵਾਇਆ।

## ਖੇਤ 'ਚ ਪਾਣੀ ਪੀਣ ਤੋਂ ਬਾਅਦ ਡੇਢ ਦਰਜ਼ਨ ਮੱਝਾਂ ਦੀ ਮੌਤ

ਭਵਾਨੀਗੜ੍ਹ, 15 ਮਈ। ਨੇੜਲੇ ਪਿੰਡ ਸੰਘਰੇੜੀ ਵਿਖੇ ਬੁੱਧਵਾਰ ਨੂੰ ਗੁੱਜਰ ਭਾਈਚਾਰੇ ਨਾਲ ਸਬੰਧਤ ਦੋ ਵਿਅਕਤੀਆਂ ਵੱਲੋਂ ਆਪਣੀਆਂ ਮੱਝਾਂ ਨੂੰ ਚਰਾਉਂਦੇ ਸਮੇਂ ਮੱਝਾਂ ਵੱਲੋਂ ਇਕ ਖੇਤ 'ਚ ਪਾਣੀ ਪੀਣ ਤੋਂ ਬਾਅਦ ਅਚਾਨਕ ਤਬੀਅਤ ਖਰਾਬ ਹੋ ਜਾਣ ਕਾਰਨ ਡੇਢ ਦਰਜ਼ਨ ਦੇ ਕਰੀਬ ਮੱਝਾਂ ਮਰ ਜਾਣ ਤੇ ਅੱਧੀ ਦਰਜਨ ਤੋਂ ਵੱਧ ਦੀ ਹਾਲਤ ਗੰਭੀਰ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ। ਇਸ ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਪੀੜਤ ਗੁੱਜਰ ਭਾਈਚਾਰੇ ਨਾਲ ਸਬੰਧਤ ਮੂਸਾ ਖਾਨ ਪੁੱਤਰ ਅਲਫਦੀਨ ਤੇ ਗਾਮਾ ਖਾਨ ਪੁੱਤਰ ਕਾਸਮ ਖਾ ਨੇ ਦੱਸਿਆ ਕਿ ਉਹ ਹਿਮਾਚਲ ਪ੍ਰਦੇਸ਼ ਦੇ ਜੰਮਪਲ ਹਨ ਅਤੇ ਕਰੀਬ 25-30 ਸਾਲਾਂ ਤੋਂ ਪੰਜਾਬ ਅੰਦਰ ਸੰਗਰੂਰ ਜ਼ਿਲੇ ਦੇ ਧੂਰੀ ਨੇੜਲੇ ਪਿੰਡ ਧੂਰਾ ਵਿਖੇ ਆਪਣੇ ਡੇਰੇ 'ਚ ਰਹਿ ਰਹੇ ਹਨ। ਉਨ੍ਹਾਂ ਦੱਸਿਆ ਕਿ ਉਹ ਪਸ਼ੂ ਪਾਲਣ ਦਾ ਕੰਮ ਕਰਦੇ ਹਨ ਤੇ ਦੁੱਧ ਵੇਚ ਕੇ ਆਪਣੇ ਪਰਿਵਾਰ ਦਾ ਗੁਜਾਰਾ ਚਲਾਉਂਦੇ ਹਨ। ਉਨ੍ਹਾਂ ਦੱਸਿਆ ਕਿ ਉਹ ਆਪਣੇ ਪਸ਼ੂਆਂ ਨੂੰ ਚਰਾਉਣ ਲਈ ਵੱਖ ਵੱਖ ਪਿੰਡਾਂ 'ਚ ਲੈ ਜਾਂਦੇ ਹਨ ਤੇ ਖੁੱਲੀਆਂ ਥਾਵਾਂ 'ਤੇ ਆਪਣੇ ਪਸ਼ੂਆਂ ਨੂੰ ਚਰਾਉਂਦੇ ਹਨ। ਜਿਸ ਦੇ ਚਲਦਿਆਂ ਅੱਜ ਵੀ ਉਹ ਆਪਣੀਆਂ 32 ਦੇ ਕਰੀਬ ਮੱਝਾਂ ਨੂੰ ਲੈ ਕੇ ਪਿੰਡ ਸੰਘਰੇੜੀ ਤੋਂ ਪਿੰਡ ਕਪਿਆਲ ਨੂੰ ਆਉਂਦੀ ਸੜਕ ਉਪਰ ਚਰਾਉਣ ਆਏ ਸਨ ਤਾਂ ਇਸ ਦੌਰਾਨ ਦੁਪਹਿਰ ਸਮੇਂ ਮੱਝਾਂ ਨੂੰ ਪਿਆਸ ਲੱਗਣ 'ਤੇ ਉਨ੍ਹਾਂ ਇਥੇ ਸਥਿਤ ਇਕ ਖੇਤ 'ਚ ਇਕ ਮੋਟਰ ਵਾਲੇ ਚੁਵੱਚੇ 'ਚੋਂ ਆਪਣੀਆਂ ਮੱਝਾਂ ਨੂੰ ਜਦੋਂ ਪਾਣੀ ਪਿਲਾਇਆ ਤਾਂ ਦੇਖਦੇ ਹੀ ਦੇਖਦੇ ਉਨ੍ਹਾਂ ਦੀਆਂ ਮੱਝਾਂ ਇਕ-ਇਕ ਕਰਕੇ ਇਥੇ ਜਮੀਨ ਉਪਰ ਡਿੱਗਣੀਆਂ ਸ਼ੁਰੂ ਹੋ ਗਈਆਂ ਤੇ ਮੱਝਾਂ ਨੇ ਦਮ ਤੋੜ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਘਟਨਾ 'ਚ ਮੂਸਾ ਖਾਨ



ਦੀਆਂ 12 ਮੱਝਾਂ ਤੇ ਗਾਮਾ ਖਾਨ ਦੀਆਂ 6 ਮੱਝਾਂ ਨੇ ਦਮ ਤੋੜ ਦਿੱਤਾ ਤੇ ਦੋਵੇ ਵਿਅਕਤੀਆਂ ਦੀਆਂ 7 ਤੋਂ ਵੱਧ ਮੱਝਾਂ ਦੀਆਂ ਹਾਲਤ ਅਜੇ ਕਾਫ਼ੀ ਗੰਭੀਰ ਬਣੀ ਹੋਈ ਹੈ। ਉਨ੍ਹਾਂ ਦੱਸਿਆ ਇਕ ਮੱਝ ਦੀ ਕੀਮਤ ਲੱਖ ਰੁਪਏ ਤੋਂ ਉਪਰ ਹੈ। ਇਸ ਤਰ੍ਹਾਂ ਉਨ੍ਹਾਂ ਦਾ ਕਈ ਲੱਖ ਰੁਪਏ ਦਾ ਨੁਕਸਾਨ ਹੋ ਗਿਆ ਹੈ। ਦੋਵੇ ਪੀੜਤਾਂ ਨੇ ਦੱਸਿਆ ਕਿ ਮਾਰਨ ਵਾਲੀਆਂ ਮੱਝਾਂ 'ਚ 8 ਤਾਜੀਆਂ ਸੂਈਆਂ ਹੋਈਆਂ ਸਨ ਤੇ 10 ਕੇ ਕਰੀਬ ਮੱਝਾਂ ਸੂਣ ਵਾਲੀਆ ਸਨ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਦੇ ਹੋਏ ਇਸ ਨੁਕਸਾਨ ਲਈ ਉਨ੍ਹਾਂ ਨੂੰ ਵੱਧ ਤੋਂ ਵੱਧ ਮੁਆਵਜਾ ਦਿੱਤਾ ਜਾਵੇ। ਪੀੜਤਾਂ ਨੇ ਸਮਾਜ ਸੇਵੀ ਸੰਸਥਾਵਾਂ ਅੱਗੇ ਵੀ ਗੁਹਾਰ ਲਗਾਈ ਕਿ ਮੱਝਾਂ ਦੇ ਦੁੱਧ ਨਾਲ ਹੀ ਉਹ ਆਪਣੇ ਪਰਿਵਾਰਾਂ ਦਾ ਗੁਜਾਰਾ ਚਲਾਉਂਦੇ ਸਨ ਤੇ ਹੁਣ ਉਨ੍ਹਾਂ ਦਾ ਗੁਜਾਰਾ ਮੁਸ਼ਕਿਲ ਹੋ ਗਿਆ ਹੈ, ਇਸ ਲਈ ਉਨ੍ਹਾਂ ਦੀ ਵੱਧ ਤੋਂ ਵੱਧ ਮੱਦਦ ਕੀਤੀ ਜਾਵੇ। ਇਸ ਘਟਨਾ ਦਾ ਪਤਾ ਚਲਦਿਆਂ ਮੌਕੇ 'ਤੇ ਆਪਣੀ ਪੁਲਸ ਪਾਰਟੀ ਸਮੇਤ ਪਹੁੰਚੇ ਡੀ.ਐੱਸ.ਪੀ ਭਵਾਨੀਗੜ੍ਹ ਗੁਰਦੀਪ ਸਿੰਘ ਦਿਉਲ, ਸਥਾਨਕ ਥਾਣਾ ਮੁਖੀ ਸਬ ਇੰਸਪੈਕਟਰ ਗੁਰਨਾਮ ਸਿੰਘ ਤੇ ਪੁਲਸ ਚੈਕ ਪੋਸਟ ਘਰਾਚੋਂ ਦੇ ਇੰਚਾਰਜ਼ ਸਬ ਇੰਸਪੈਕਟਰ ਸੁਰਜੀਤ ਸਿੰਘ ਨੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ। ਇਸ ਮੌਕੇ ਪਹੁੰਚੇ ਤਹਿਸੀਲਦਾਰ ਭਵਾਨੀਗੜ੍ਹ ਸੁਰਿੰਦਰਪਾਲ ਪੰਨੂ ਤੇ ਗਗਨਦੀਪ ਸਿੰਘ ਵੈਟਨਰੀ ਇੰਸਪੈਕਟਰ ਘਰਾਚੋਂ ਨੇ ਕਿਹਾ ਕਿ ਮ੍ਰਿਤਕ ਮੱਝਾਂ ਨੂੰ ਇਕੱਠੀਆਂ ਕਰਕੇ ਸਵੇਰੇ ਇਨ੍ਹਾਂ ਦਾ ਪੋਸਟਮਾਰਟਮ ਕਰਵਾਇਆ ਜਾਵੇਗਾ ਤੇ ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਮੱਝਾਂ ਦੀ ਮੌਤ ਦੇ ਅਸਲ ਕਾਰਨਾਂ ਦਾ ਪਤਾ ਚੱਲੇਗਾ। ਉਨ੍ਹਾਂ ਸ਼ੱਕ ਜਾਹਿਰ ਕੀਤਾ ਕਿ ਚੁਬੱਚੇ ਦਾ ਪਾਣੀ ਜ਼ਹਿਰੀਲਾ ਹੋ ਸਕਦਾ ਹੈ। ਜਿਸ ਦੀ ਵੀ ਜਾਂਚ ਕੀਤੀ ਜਾਵੇਗੀ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਖੇਤੀ ਕਰਜੇ ਦਾ ਬੋਝ ਨਾ ਸਹਾਰ ਸਕਿਆ ਕਿਸਾਨ, ਜ਼ਹਿਰੀਲੀ ਚੀਜ ਨਿਗਲ ਕੀਤੀ ਖੁਦਕੁਸ਼ੀ

ਭੀਖੀ 15 ਮਈ। ਪੰਜਾਬ ਅੰਦਰ ਕਰਜ਼ੇ ਤੋਂ ਸਤਾਏ ਹੋਏ ਕਿਸਾਨਾਂ ਵੱਲੋਂ ਕੀਤੀਆਂ ਜਾ ਰਹੀਆਂ ਖੁਦਕੁਸ਼ੀਆਂ ਦਾ ਦੌਰ ਲਗਾਤਾਰ ਜਾਰੀ ਹੈ। ਇਸ ਦੌਰ ਦੇ ਤਹਿਤ ਅੱਜ ਨੇੜਲੇ ਪਿੰਡ ਕੋਟੜਾ ਕਲਾਂ ਦੇ ਇਕ ਕਿਸਾਨ ਪ੍ਰੀਤਮ ਸਿੰਘ ਨੇ ਕਰਜੇ ਦਾ ਬੋਝ ਨਾ ਸਹਾਰਦੇ ਹੋਏ ਖੇਤ ’ਚ ਖੁਦਕੁਸ਼ੀ ਕਰ ਲਈ। ਇਸ ਮਾਮਲੇ ਦੇ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਜਗਦੇਵ ਸਿੰਘ ਭੈਣੀਬਾਘਾ ਨੇ ਦੱਸਿਆ ਕਿ ਕੋਟੜਾ ਕਲਾਂ ਦਾ ਕਿਸਾਨ ਪ੍ਰੀਤਮ ਸਿੰਘ ਦੀ ਉਮਰ ਤਕਰੀਬਨ (55) ਸਾਲ ਹੈ। ਉਹਨਾਂ ਨੇ ਕਿਹਾ ਕਿ ਦਿਨੋਂ ਦਿਨ ਵੱਧ ਰਹੇ ਖੇਤੀ ਕਰਜੇ ਦਾ ਬੋਝ ਨਾ ਸਹਾਰਦੇ ਹੋਏ ਉਕਤ ਕਿਸਾਨ ਨੇ ਆਪਣੇ ਖੇਤ ਵਿਚ ਜ਼ਹਿਰੀਲੀ ਚੀਜ ਨਿਗਲ ਕੇ ਖੁਦਕੁਸ਼ੀ ਕਰ ਲਈ। ਮ੍ਰਿਤਕ ਕਿਸਾਨ ਦੇ ਸਿਰ ਸਰਕਾਰੀ ਅਤੇ ਗੈਰ ਸਰਕਾਰੀ 8 ਲੱਖ ਰੁਪਏ ਦੇ ਕਰੀਬ ਕਰਜ਼ਾ ਸੀ। ਕਿਸਾਨ ਚਾਰ ਏਕੜ ਜਮੀਨ ਦਾ ਮਾਲਕ ਸੀ। ਮ੍ਰਿਤਕ ਆਪਣੇ ਪਿੱਛੇ ਦੋ ਪੁੱਤਰ ਅਤੇ ਪਤਨੀ ਨੂੰ ਛੱਡ ਗਿਆ। ਜਗਦੇਵ ਸਿੰਘ ਭੈਣੀਬਾਘਾ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਦੇ ਆਗੂ ਗੇਲ ਸਿੰਘ ਨੇ ਪੰਜਾਬ ਸਰਕਾਰ ਤੋਂ ਕਰਜਾ ਖਤਮ ਕਰਨ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਉਹਨਾਂ ਨੇ ਮ੍ਰਿਤਕ ਕਿਸਾਨ ਦੇ ਵਾਰਸਾਂ ਨੂੰ ਯੋਗ ਮੁਆਵਜ਼ਾ ਦੇਣ ਦੀ ਮੰਗ ਕਰਦਿਆਂ ਪੀੜਤ ਕਿਸਾਨ ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਕੀਤੀ ਹੈ। ਦੂਜੇ ਪਾਸੇ ਪੁਲਸ ਥਾਣਾ ਭੀਖੀ ਦੇ ਜਾਂਚ ਅਧਿਕਾਰੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਕਿਸਾਨ ਪ੍ਰੀਤਮ ਸਿੰਘ ਦੇ ਪੁੱਤਰ ਜਸਵੀਰ ਸਿੰਘ ਦੇ ਬਿਆਨਾਂ ’ਤੇ 174 ਦੀ ਕਾਰਵਾਈ ਕਰਦੇ ਹੋਏ ਲਾਸ਼ ਵਾਰਿਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

# ਜਨਰਲ ਡੱਬੇ ਲਈ ਘਰ ਬੈਠੇ ਕਰ ਸਕੋਗੇ ਟਿਕਟ ਦੀ ਬੁਕਿੰਗ

ਜਲੰਧਰ, 15 ਮਈ। ਰੇਲਵੇ ਵੱਲੋਂ ਨਵੀਆਂ ਤਕਨੀਕਾਂ ਦੀ ਵਰਤੋਂ ਕਰਦਿਆਂ ਯਾਤਰੀ ਸਹੂਲਤਾਂ ਵਿਚ ਤੇਜੀ ਨਾਲ ਵਾਧਾ ਕੀਤਾ ਜਾ ਰਿਹਾ ਹੈ। ਇਸੇ ਲੜੀ ਵਿਚ ਰੇਲ ਵਿਭਾਗ ਵੱਲੋਂ ਜਨਰਲ ਡੱਬਿਆਂ ਵਿਚ ਯਾਤਰਾ ਕਰਨ ਵਾਲਿਆਂ ਲਈ ਵੱਡੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਇਸ ਤਹਿਤ ਟਰੇਨ ਦੇ ਜਨਰਲ ਡੱਬਿਆਂ (ਅਨਰਿਜਰਵਡ) ਵਿਚ ਯਾਤਰਾ ਕਰਨ ਵਾਲਿਆਂ ਲਈ ਘਰ ਬੈਠੇ ਟਿਕਟ ਬੁਕਿੰਗ ਦੀ ਸਹੂਲਤ ਬੁੱਧਵਾਰ ਤੋਂ ਸ਼ੁਰੂ ਕਰ ਦਿੱਤੀ ਗਈ ਹੈ। ਨਵੀਂ ਸਹੂਲਤ ਤਹਿਤ ਜਨਰਲ ਯਾਤਰੀਆਂ ਨੂੰ ਟਿਕਟ ਖਰੀਦਣ ਲਈ ਕਾਊਂਟਰ ’ਤੇ ਜਾਣ ਦੀ ਲੋੜ ਨਹੀਂ ਪਵੇਗੀ। ਉਹ ਆਪਣੇ ਮੋਬਾਇਲ ਫੋਨ ਰਾਹੀਂ ਟਿਕਟ ਦੀ ਬੁਕਿੰਗ ਕਰ ਸਕਣਗੇ। ਇਸ ਲਈ ਰੇਲ ਮੰਤਰਾਲੇ ਦੀ ਮੋਬਾਇਲ ਐਪਲੀਕੇਸ਼ਨ ਯੂ. ਟੀ. ਐੱਸ. ਆਨ ਮੋਬਾਇਲ ਨੂੰ ਆਪਣੇ ਮੋਬਾਇਲ ਦੇ ਪਲੇਅਸਟੋਰ ਤੋਂ ਡਾਊਨਲੋਡ ਕਰਨਾ ਹੋਵੇਗਾ। ਯੂ. ਟੀ. ਐੱਸ. (ਅਨਰਿਜਰਵਡ ਟਿਕਟਿੰਗ ਸਿਸਟਮ) ਦੀ ਐਪਲੀਕੇਸ਼ਨ ਡਾਊਨਲੋਡ ਹੋਣ ਮਗਰੋਂ ਖਪਤਕਾਰ ਨੂੰ ਆਪਣੀ ਭਾਸ਼ਾ ਦੀ ਚੋਣ ਕਰਨੀ ਹੋਵੇਗੀ ਅਤੇ ਇਸ ਤੋਂ ਬਾਅਦ ਪ੍ਰੋਸੈਸਿੰਗ ਸ਼ੁਰੂ ਹੋ ਜਾਵੇਗੀ। ਵਿਭਾਗ ਦੀ ਇਸ ਪਹਿਲ ’ਤੇ ਯਾਤਰੀਆਂ ਨੂੰ ਹਰ ਵਾਰ ਟਿਕਟ ਕਰਵਾਉਣ ’ਤੇ 3 ਫੀਸਦੀ ਦਾ ਬੋਨਸ ਮਿਲੇਗਾ। ਉਥੇ ਹੀ, ਲਾਈਨਾਂ




ਵਿਚ ਲੱਗਣ ਤੋਂ ਨਿਜਾਤ ਮਿਲੇਗੀ। ਇਸ ਐਪਲੀਕੇਸ਼ਨ ਰਾਹੀ ਯਾਤਰੀ ਪੀ. ਐੱਨ. ਆਰ. ਸਟੇਟਸ, ਹੋਟਲ ਬੁਕਿੰਗ, ਟਰੇਨ ਦਾ ਰਨਿੰਗ ਸਟੇਟਸ, ਸੀਟਾਂ ਦੀ ਉਪਲੱਬਧਤਾ, ਅਲਟਰਨੇਟਿਵ ਟਰੇਨ ਸਮੇਤ ਵੱਖ-ਵੱਖ ਜਾਣਕਾਰੀਆਂ ਪ੍ਰਾਪਤ ਕਰ ਸਕਣਗੇ। ਇਸ ਤੋਂ ਪਹਿਲਾਂ ਵਿਭਾਗ ਵੱਲੋਂ ਜੀਓ ਫੈਂਸਿੰਗ ਸਿਸਟਮ ਲਾਗੂ ਕੀਤਾ ਗਿਆ ਸੀ, ਜਿਸ ਕਾਰਨ ਸਟੇਸ਼ਨ ਕੰਪਲੈਕਸ ਤੋਂ 5 ਕਿਲੋਮੀਟਰ ਦੇ ਅੰਦਰ ਟਿਕਟ ਬੁਕਿੰਗ ਕਰਨਾ ਸੰਭਵ ਹੋ ਸਕਦਾ ਸੀ। ਹੁਣ ਵਿਭਾਗ ਵੱਲੋਂ ਇਸ ਤਰ੍ਹਾਂ ਦੀਆਂ ਸਾਰੀਆਂ ਪਾਬੰਦੀਆਂ ਨੂੰ ਹਟਾ ਦਿੱਤਾ ਗਿਆ ਹੈ। ਸੀਨੀਅਰ ਮੰਡਲ ਵਣਜ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਰੇਲ ਮੰਤਰਾਲਾ ਨੇ ਯਾਤਰੀਆਂ ਦੀ ਸਹੂਲਤ ਲਈ ਇਸ ਸਕੀਮ ਤੋਂ ਪਾਬੰਦੀ ਹਟਾ ਦਿੱਤੀ ਹੈ ਅਤੇ ਹਰ ਬੁਕਿੰਗ ’ਤੇ 3 ਫੀਸਦੀ ਬੋਨਸ ਮਿਲੇਗਾ। ਰੇਲਵੇ ਵੱਲੋਂ ਹਰ ਤਰ੍ਹਾਂ ਦੇ ਯਾਤਰੀਆਂ ਲਈ ਇਹ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਤਹਿਤ ਯੂ. ਟੀ. ਐੱਸ. ਆਨ ਮੋਬਾਈਲ ਐਪ ਨੂੰ ਐਂਡ੍ਰਾਇਡ, ਆਈ. ਓ. ਐੱਸ. ਅਤੇ ਵਿੰਡੋਜ ਆਪ੍ਰੇਟਿੰਗ ਸਿਸਟਮ ’ਤੇ ਮੁਫਤ ਡਾਊਨਲੋਡ ਕੀਤਾ ਜਾ ਸਕਦਾ ਹੈ। ਯੂ. ਟੀ. ਐੱਸ. ਆਨ ਮੋਬਾਈਲ ਐਪ ’ਤੇ ਆਨਲਾਈਨ ਪੇਮੈਂਟ ਲਈ ਬੈਂਕਿੰਗ ਜਾਂ ਆਰ. ਵਾਲੇਟ ਆਦਿ ਰਾਹੀਂ ਭੁਗਤਾਨ ਕਰਨ ਦਾ ਬਦਲ ਦਿੱਤਾ ਗਿਆ ਹੈ।

## ਜਲੰਧਰ ‘ਚ ਪਿਤਾ ਨੇ ਟੱਪੀਆਂ ਬੇਸ਼ਰਮੀ ਦੀਆਂ ਹੱਦਾਂ, 14 ਸਾਲਾ ਧੀ ਨਾਲ ਕੀਤਾ ਜਬਰ-ਜਿਨਾਹ

ਜਲੰਧਰ 15 ਮਈ। ਜਲੰਧਰ ‘ਚ ਮਤਰੇਏ ਪਿਓ ਵੱਲੋਂ ਬੇਸ਼ਰਮੀ ਦੀਆਂ ਹੱਦਾਂ ਪਾਰ ਕਰਦੇ ਹੋਏ ਹੀ ਆਪਣੀ ਧੀ ਨਾਲ ਜਬਰ-ਜਿ਼ਨਾਹ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਦੋਸੀ ਪਿਤਾ ਨੂੰ ਪੁਲਸ ਨੇ ਆਈ. ਪੀ. ਸੀ. ਅਤੇ ਪੋਕਸੋ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਗ੍ਰਿਫਤਾਰ ਕਰ ਲਿਆ ਹੈ। ਜਾਣਕਾਰੀ ਮੁਤਾਬਕ ਦੋਸੀ ਪਿਤਾ ਨੇ ਆਪਣੀ 14 ਸਾਲ ਦੀ ਧੀ ਨੂੰ ਕਈ ਵਾਰ ਆਪਣੀ ਹਵਸ ਦਾ ਸ਼ਿਕਾਰ ਬਣਾਉਂਦੇ ਹੋਏ ਉਸ ਨਾਲ ਸਰੀਰਕ ਸੰਬੰਧ ਬਣਾਏ। ਉਹ ਬੇਟੀ ਨੂੰ ਧਮਕੀਆਂ ਦਿੰਦਾ ਸੀ ਕਿ ਜੇਕਰ ਉਸ ਨੇ ਇਸ ਬਾਰੇ ਕਿਸੇ ਨੂੰ ਦੱਸਿਆ ਤਾਂ ਉਹ ਉਸ ਨੂੰ ਮਾਰ ਦੇਵੇਗਾ। ਇਸ ਦਾ ਖੁਲਾਸਾ ਉਦੋਂ ਹੋਇਆ ਜਦੋਂ ਬੇਟੀ ਬੀਮਾਰ ਹੋ ਗਈ ਅਤੇ ਉਸ ਨੇ ਆਪਣੀ ਮਾਂ ਨੂੰ ਸਾਰੀ ਘਟਨਾ ਦੀ ਜਾਣਕਾਰੀ ਦਿੱਤੀ। ਜਦੋਂ ਉਸ ਦੀ ਮਾਂ ਅਤੇ ਹੋਰਾਂ ਨੂੰ ਪਤਾ ਲੱਗਾ ਤਾਂ ਪੁਲਸ ਨੇ ਜਲਦੀ ਹੀ ਕੇਸ ਦਰਜ ਕਰ ਲਿਆ। ਸਿ਼ਕਾਇਤ ਤੋਂ ਬਾਅਦ ਪੁਲਸ ਨੇ ਪਹਿਲਾਂ ਬੇਟੀ ਦਾ ਮੈਡੀਕਲ ਕਰਵਾਇਆ, ਜਿਸ ਤੋਂ ਸਾਫ ਹੋ ਗਿਆ ਕਿ ਕੁੜੀ ਕਈ ਮਹੀਨਿਆਂ ਤੱਕ ਇਹ ਸਭ ਸਹਿਦੀ ਰਹੀ। ਇਸ ਤੋਂ ਬਾਅਦ ਪੁਲਸ ਨੇ ਦੋਸੀ ਪਿਤਾ ਖਿ਼ਲਾਫ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫਤਾਰ ਕਰ ਲਿਆ। ਹੁਣ ਮੁਲਜਮਾਂ ਨੂੰ ਅਦਾਲਤ ਵਿੱਚ ਪੇਸ ਕਰਕੇ ਪੁੱਛਗਿੱਛ ਕੀਤੀ ਜਾਵੇਗੀ।

## ਆਪਣੀ ਹਰਕਤਾਂ ਤੋਂ ਬਾਜ ਨਹੀਂ ਆ ਰਹੇ ਚੋਰ, ਕਾਰ ’ਚੋਂ ਉਡਾਇਆ ਲੈਪਟਾਪ, ਨਕਦੀ ਤੇ ਹੋਰ ਕੀਮਤੀ ਸਾਮਾਨ

ਤਰਨਤਾਰਨ 15 ਮਈ। ਅੰਮ੍ਰਿਤਸਰ-ਬਠਿੰਡਾ ਨੈਸ਼ਨਲ ਹਾਈਵੇ ਨਜ਼ਦੀਕ ਟੀ-ਪੁਆਇੰਟ ਸਰਹਾਲੀ ਰੋਡ ਵਿਖੇ ਇਕ ਵਪਾਰੀ ਦੀ ਕਾਰ ’ਚੋਂ ਚੋਰ ਵਲੋਂ ਲੈਪਟਾਪ, 20 ਹਜ਼ਾਰ ਰੁਪਏ ਦੀ ਨਕਦੀ, ਚੈੱਕ ਬੁੱਕ ਅਤੇ ਹੋਰ ਸਾਮਾਨ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਮਾਮਲੇ ਸਬੰਧੀ ਥਾਣਾ ਸਦਰ ਤਰਨਤਾਰਨ ਦੀ ਪੁਲਸ ਨੂੰ ਸ਼ਿਕਾਇਤ ਦਰਜ ਕਰਵਾਉਂਦੇ ਹੋਏ ਵਪਾਰੀ ਨੇ ਇਨਸਾਫ ਦੀ ਗੁਹਾਰ ਲਗਾਈ ਹੈ। ਜਾਣਕਾਰੀ ਦਿੰਦੇ ਹੋਏ ਅਮਿਤ ਮੈਦਾਨ ਪੁੱਤਰ ਜਗਦੀਸ਼ ਮੈਦਾਨ ਨਿਵਾਸੀ ਅੰਮ੍ਰਿਤਸਰ ਨੇ ਦੱਸਿਆ ਕਿ ਉਹ ਆਪਣੇ ਭਰਾ ਵੀਨਸ ਮੈਦਾਨ ਸਣੇ ਕਾਰ ਵਿਚ ਸਵਾਰ ਹੋ ਕੋਟਕਪੁਰਾ ਜਾ ਰਹੇ ਸਨ। ਜਦੋਂ ਉਹ ਤਰਨਤਾਰਨ ਨਜ਼ਦੀਕ ਪਿੰਡ ਅਲਾਦੀਨਪੁਰ ਟੀ ਪੁਆਇੰਟ ਵਿਖੇ ਪੁੱਜੇ ਤਾਂ ਉਨ੍ਹਾਂ ਦੀ ਕਾਰ ਦਾ ਟਾਇਰ ਪੰਚਰ ਹੋ ਗਿਆ। ਜਿਸ ਦੌਰਾਨ ਉਹ ਆਪਣੀ ਕਾਰ ਨੂੰ ਇਕ ਸਾਈਡ ‘ਤੇ ਖੜੀ ਕਰਕੇ ਮਸ਼ੀਨ ਦੀ ਮਦਦ ਨਾਲ ਖੁਦ ਹਵਾ ਭਰਨ ਲੱਗ ਪਏ। ਇਸ ਦੌਰਾਨ ਇਕ ਚੋਰ ਵੱਲੋਂ ਕਾਰ ਦੇ ਪਿਛਲੇ ਦਰਵਾਜ਼ੇ ਨੂੰ ਖੋਲਦੇ ਹੋਏ ਪਿਛਲੀ ਸੀਟ ਉੱਪਰ ਪਏ ਬੈਗ, ਜਿਸ ’ਚ ਲੈਪਟਾਪ,




20 ਹਜ਼ਾਰ ਰੁਪਏ ਦੀ ਨਕਦੀ, ਚੈੱਕ ਬੁੱਕ, ਪਰਸ, ਏ. ਟੀ. ਐੱਮ. ਕਾਰਡ, ਡਰਾਈਵਿੰਗ ਲਾਈਸੈਂਸ ਆਦਿ ਜ਼ਰੂਰੀ ਕਾਗਜ਼ਾਤ ਮੌਜੂਦ ਸਨ ਨੂੰ ਚੋਰੀ ਕਰ ਲਿਆ ਗਿਆ। ਅਮਿਤ ਮੈਦਾਨ ਨੇ ਦੱਸਿਆ ਕਿ ਇਹ ਸਾਰੀ ਘਟਨਾ ਸੀ. ਸੀ. ਟੀ. ਵੀ. ਕੈਮਰੇ ਵਿਚ ਕੈਦ ਹੋ ਚੁੱਕੀ ਹੈ। ਉਨ੍ਹਾਂ ਥਾਣਾ ਸਦਰ ਤਰਨਤਾਰਨ ਦੀ ਪੁਲਸ ਨੂੰ ਸ਼ਿਕਾਇਤ ਦਰਜ ਕਰਵਾਉਂਦੇ ਹੋਏ ਇਨਸਾਫ ਦੀ ਗੁਹਾਰ ਲਗਾਈ ਹੈ ਅਤੇ ਦੋਸ਼ੀ ਖਿ਼ਲਾਫ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

## ਖੇਤਾਂ ‘ਚ ਮੂੰਗੀ ਬੀਜ ਰਹੇ ਨੌਜਵਾਨ ਕਿਸਾਨ ਨਾਲ ਵਾਪਰਿਆ ਰੂਹ ਕੰਬਾਊ ਭਾਣਾ, ਧੜ ਨਾਲੋਂ ਵੱਖ ਹੋਇਆ ਸਿਰ

ਗੁਰੂਹਰਸਹਾਏ 15 ਮਈ। ਪਿੰਡ ਦੂੱਲੇ ਕੇ ਨੱਥੂਵਾਲੀ ਢਾਣੀ ਵੱਲੂਵਾਲਾ ਸਿੰਘ ਵਾਲੀ ਵਿਖੇ ਇਕ 35 ਸਾਲਾ ਨੌਜਵਾਨ ਕਿਸਾਨ ਜੋ ਕਿ ਆਪਣੇ ਖੇਤ ਵਿਚ ਮੂੰਗੀ ਬੀਜ ਰਿਹਾ ਸੀ ਦੀ ਰੋਟਾਵੇਟਰ ਵਿਚ ਆਉਣ ਨਾਲ ਦਰਦਨਾਕ ਮੌਤ ਹੋ ਗਈ। ਇਹ ਹਾਦਸਾ ਇੰਨਾ ਭਿਆਨਕ ਸੀ ਕਿ ਕਿਸਾਨ ਦਾ ਸਿਰ ਹੀ ਧੜ ਨਾਲੋਂ ਵੱਖ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਅਮਰਜੀਤ ਸਿੰਘ ਉਮਰ ਕਰੀਬ 35 ਸਾਲ ਪੁੱਤਰ ਚੰਨ ਸਿੰਘ ਆਪਣੀ ਜਮੀਨ ਵਿਚ ਮੂੰਗੀ ਬੀਜ ਰਿਹਾ ਸੀ ਕਿ ਅਚਾਨਕ ਰੋਟਾਵੇਟਰ ਵਿਚ ਆਉਣ ਨਾਲ ਉਸਦੀ ਦਰਦਨਾਕ ਮੌਤ ਹੋ ਗਈ। ਮੰਜਰ ਇੰਨਾ ਭਿਆਨਕ ਸੀ ਕਿ ਜਿਸ ਨੇ ਨੌਜਵਾਨ ਦੀ ਲਾਸ਼ ਉਸ ਦੇ ਹੋਸ਼ ਹੀ ਉਡ ਗਏ। ਮ੍ਰਿਤਕ ਨੌਜਵਾਨ ਸਾਦੀਸੁਦਾ ਸੀ ਆਪਣੇ ਪਿੱਛੇ ਪਤਨੀ ਤੇ ਇਕ ਛੋਟੀ ਬੱਚੀ ਅਤੇ ਮਾਂ-ਬਾਪ ਛੱਡ ਗਿਆ ਹੈ। ਇਸ ਗੱਲ ਦਾ ਵੀ ਪਤਾ ਲੱਗਾ ਹੈ ਕਿ ਜਦ ਨੌਜਵਾਨ ਕਿਸਾਨ ਖੇਤਾਂ ਵਿੱਚ ਮੂੰਗੀ ਬੀਜ ਰਿਹਾ ਸੀ ਤਾਂ ਉਹ ਉਸ ਵੇਲੇ ਖੇਤਾਂ ਵਿਚ ਇਕੱਲਾ ਹੀ ਸੀ ਅਤੇ ਉਹ ਰੋਟਾਵੇਟਰ ਵਿਚ ਕਿਸ ਤਰ੍ਹਾਂ ਆਇਆ ਅਤੇ ਕਿਸ ਤਰ੍ਹਾਂ ਉਸਦੀ ਮੌਤ ਹੋਈ, ਇਸ ਬਾਰੇ ਕੋਈ ਜਾਣਕਾਰੀ ਹਾਸਲ ਨਹੀਂ ਹੋ ਸਕੀ। ਘਟਨਾ ਤੋਂ ਬਾਅਦ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ ਅਤੇ ਇਸ ਨੌਜਵਾਨ ਕਿਸਾਨ ਦੀ ਮੌਤ ਹੋ ਜਾਣ ਕਾਰਨ ਸਾਰਾ ਪਿੰਡ ਸੋਗ ਵਿੱਚ ਡੁੱਬਿਆ ਪਿਆ ਹੈ।

## ਪੰਜਾਬ ‘ਚ ਗਰਮੀ ਕਢਾ ਰਹੀ ਵੱਟ, ਸਿਹਤ ਵਿਭਾਗ ਵੱਲੋਂ ਐਡਵਾਈਜਰੀ ਜਾਰੀ

ਟਾਂਡਾ ਉੜਮੁੜ 15 ਮਈ। ਪੰਜਾਬ ਵਿੱਚ ਪੈ ਰਹੀ ਗਰਮੀ ਨੇ ਆਪਣਾ ਅਸਰ ਵਿਖਾਉਣਾ ਸੁਰੂ ਕਰ ਦਿੱਤਾ ਹੈ, ਜਿਸ ਦੌਰਾਨ ਪਿਛਲੇ ਕੁਝ ਦਿਨਾਂ ਤੋਂ ਤਾਪਮਾਨ ‘ਚ ਵਾਧਾ ਵੇਖਣ ਨੂੰ ਮਿਲ ਰਿਹਾ ਹੈ। ਪਾਰਾ ਵਧਣ ਦੇ ਨਾਲ ਹੀ ਮੌਸਮ ਕੇਂਦਰ ਵੀ ਗਰਮੀ ਦੀ ਸਲਾਹ ਦੇ ਰਿਹਾ ਹੈ। ਐਤਵਾਰ ਨੂੰ ਵੱਧ ਤੋਂ ਵੱਧ ਤਾਪਮਾਨ 39.3 ਡਿਗਰੀ ਸੈਲਸੀਅਸ ਅਤੇ ਘੱਟ ਤੋਂ ਘੱਟ ਤਾਪਮਾਨ 22.2 ਡਿਗਰੀ ਦਰਜ ਕੀਤਾ ਗਿਆ। ਮੌਸਮ ਵਿਭਾਗ ਦਾ ਕਹਿਣਾ ਹੈ ਕਿ ਆਉਣ ਵਾਲੇ ਦਿਨਾਂ ‘ਚ ਤਾਪਮਾਨ ‘ਚ ਵਾਧਾ ਜਾਰੀ ਰਹੇਗਾ। ਪਿਛਲੇ ਦੋ ਦਿਨਾਂ ਤੋਂ ਰਾਤ ਦੇ ਤਾਪਮਾਨ ਵਿੱਚ ਵਾਧਾ ਹੋਇਆ ਹੈ, ਜੋਕਿ ਜਾਰੀ ਰਹੇਗਾ। ਪਾਰਾ ਵਧਣ ਦੇ ਮੱਦੇਨਜਰ ਸਿਹਤ ਵਿਭਾਗ ਨੇ ਐਤਵਾਰ ਨੂੰ ਹੀਟ ਵੇਵ ਐਡਵਾਈਜਰੀ ਜਾਰੀ ਕੀਤੀ ਹੈ। ਵਿਭਾਗ ਦਾ ਕਹਿਣਾ ਹੈ ਕਿ ਅਪ੍ਰੈਲ ਅਤੇ ਜੂਨ ਦੇ ਤਾਪਮਾਨ ਨੂੰ ਵੇਖਦੇ ਹੋਏ ਆਉਣ ਵਾਲੇ ਦਿਨਾਂ ‘ਚ ਤਾਪਮਾਨ ਹੋਰ ਵਧਣ ਦਾ ਅੰਦਾਜਾ ਲਗਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਗਰਮੀ ਦੀ ਲਹਿਰ ਦੇ ਵੀ ਆਸਾਰ ਹਨ। ਐਡਵਾਈਜਰੀ ਰਾਹੀਂ ਲੋਕਾਂ ਨੂੰ ਥੋੜਾ ਸਾਵਧਾਨ ਰਹਿਣ ਲਈ ਕਿਹਾ ਗਿਆ ਹੈ। ਗਰਮੀ ਦੇ ਮੌਸਮ ਵਿੱਚ ਭਾਵੇਂ ਕੋਈ ਵੀ ਵਿਅਕਤੀ ਹੀਟ ਵੇਵ ਤੋਂ ਪ੍ਰਭਾਵਿਤ ਹੋ ਸਕਦਾ ਹੈ ਪਰ ਬੱਚੇ, ਬਜੁਰਗ ਅਤੇ ਗਰਭਵਤੀ ਔਰਤਾਂ ਹੀਟ ਵੇਵ ਤੋਂ ਜਿ਼ਆਦਾ ਪ੍ਰਭਾਵਿਤ ਹੁੰਦੀਆਂ ਹਨ। ਅਜਿਹੇ ‘ਚ ਉਨ੍ਹਾਂ ਨੂੰ ਜਿ਼ਆਦਾ ਸਾਵਧਾਨ ਰਹਿਣ ਦੀ ਲੋੜ ਹੈ। ਭਵਿੱਖ ‘ਚ ਤਾਪਮਾਨ ਇਸ ਤਰ੍ਹਾਂ ਹੀ ਰਹਿ ਸਕਦਾ ਹੈ ਸੋਮਵਾਰ ਨੂੰ ਆਸਮਾਨ ‘ਚ ਅੰਸਕ ਤੌਰ ‘ਤੇ ਬੱਦਲ ਛਾਏ ਰਹਿਣ ਦੀ ਸੰਭਾਵਨਾ ਹੈ। ਵੱਧ ਤੋਂ ਵੱਧ ਤਾਪਮਾਨ 39 ਅਤੇ ਘੱਟ ਤੋਂ ਘੱਟ 23 ਡਿਗਰੀ ਹੋ ਸਕਦਾ ਹੈ। ਮੰਗਲਵਾਰ ਨੂੰ ਹਲਕੇ ਬੱਦਲ ਛਾਏ ਹੋ ਸਕਦੇ ਹਨ। ਵੱਧ ਤੋਂ ਵੱਧ ਤਾਪਮਾਨ 40 ਅਤੇ ਘੱਟ ਤੋਂ ਘੱਟ 24 ਡਿਗਰੀ ਹੋ ਸਕਦਾ ਹੈ। ਬੁੱਧਵਾਰ ਨੂੰ ਵੀ ਬੱਦਲਵਾਈਂ ਹੋ ਸਕਦੀ ਹੈ।

## ਭਿਆਨਕ ਹਾਦਸੇ ਨੇ ਉਜਾੜਿਆ ਪਰਿਵਾਰ

ਗੁਰੂਹਰਸਹਾਏ 15 ਮਈ। ਫਿਰੋਜਪੁਰ-ਫਾਜਿ਼ਲਕਾ ਰੋਡ ‘ਤੇ ਸਥਿਤ ਪ੍ਰਗਟ ਸਾਹਿਬ ਗੁਰਦੁਆਰਾ ਸਾਹਿਬ ਕੋਲ ਮੋਟਰ ਸਾਈਕਲ ਸਵਾਰ ਦਾ ਐਕਸੀਡੈਂਟ ਹੋ ਗਿਆ, ਜਿਸ ਵਿਚ ਨੌਜਵਾਨ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਸੁਖਵਿੰਦਰ ਸਿੰਘ ਉਰਫ ਸੁੱਖਾ ਪੁੱਤਰ ਚਿਮਨ ਵਾਸੀ ਪਿੰਡ ਛਾਂਗਾ ਰਾਏ ਜੋ ਟੇਲਰਿੰਗ ਦਾ ਕੰਮ ਕਰਦਾ ਸੀ, ਬੀਤੇ ਐਤਵਾਰ ਦੀ ਦੇਰ ਸਾਮ ਨੂੰ ਆਪਣੇ ਮੋਟਰਸਾਈਕਲ ‘ਤੇ ਸਵਾਰ ਹੋ ਕੇ ਕਿਧਰੇ ਜਾ ਰਿਹਾ ਸੀ ਤਾਂ ਉਸ ਦਾ ਫਿਰੋਜਪੁਰ ਫਾਜਿ਼ਲਕਾ ਰੋਡ ‘ਤੇ ਸਥਿਤ ਪ੍ਰਗਟ ਸਾਹਿਬ ਗੁਰਦੁਆਰਾ ਸਾਹਿਬ ਦੇ ਕੋਲ ਐਕਸੀਡੈਂਟ ਹੋ ਗਿਆ

## ਆੜ੍ਹਤੀਏ ਦੇ ਫੜ੍ਹ ‘ਚੋਂ 110 ਗੱਟੇ ਕਣਕ ਚੋਰੀ

ਤਪਾ ਮੰਡੀ 15 ਮਈ। ਇੱਥੇ ਤਾਜੋਕੇ ਰੋਡ ਸਥਿਤ ਚੋਰਾਂ ਦੇ ਗਿਰੋਹ ਵਲੋਂ ਆੜ੍ਹਤੀਏ ਦੇ ਇੱਕ ਫੜ੍ਹ ‘ਚੋਂ ਕਰੀਬ 110 ਗੱਟੇ ਕਣਕ ਚੋਰੀ ਹੋ ਜਾਣ ਕਾਰਨ ਆੜ੍ਹਤੀਆਂ ‘ਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਇਸ ਸੰਬੰਧੀ ਆੜ੍ਹਤੀਆਂ ਪਵਨ ਕੁਮਾਰ ਐਂਡ ਸੰਨਜ ਦੇ ਮਾਲਕ ਪਵਨ ਕੁਮਾਰ ਪੱਖੋ ਨੇ ਦੱਸਿਆ ਕਿ ਉਨ੍ਹਾਂ ਦੇ ਫੜ੍ਹ ‘ਚ ਹਜਾਰਾਂ ਦੀ ਗਿਣਤੀ ‘ਚ ਕਣਕ ਦੇ ਗੱਟੇ ਪਏ ਸੀ ਪਰ ਰਾਤ ਸਮੇਂ ਚੋਰ ਖੇਤਾਂ ਵਾਲੇ ਪਾਸਿਓਂ ਕਰੀਬ 15 ਫੁੱਟ ਉੱਚੀ ਕੰਧ ਨਾਲ ਕੋਈ ਵ੍ਹੀਕਲ ਖੜ੍ਹਾ ਕਰਕੇ ਕਣਕ ਦੇ ਗੱਟੇ ਲੋਡ ਕਰਕੇ ਲੈ ਗਏ। ਇਸ ਗੱਲ ਦਾ ਉਨ੍ਹਾਂ ਨੂੰ ਸਵੇਰ ਸਮੇਂ ਪਤਾ ਲੱਗਾ, ਜਦ ਉਹ ਫੜ੍ਹ ‘ਚ ਗੇੜਾ ਲਾਉਣ ਆਏ। ਮਾਲਕਾਂਅਨੁਸਾਰ ਇੱਕ ਕਮਰੇ ‘ਚ ਉਨ੍ਹਾਂ ਦੇ 4-



5 ਮਜਦੂਰ ਵੀ ਸੁੱਤੇ ਪਏ ਸੀ ਪਰ ਦਿਨ ਦੇ ਥੱਕੇ ਹਾਰੇ ਨੀਂਦ ਨਹੀਂ ਖੁੱਲ੍ਹੀ ਜਾਂ ਉਨ੍ਹਾਂ ਨੂੰ ਕੁੱਝ ਸੁੰਘਾ ਦਿੱਤਾ ਹੋਵੇਗਾ ਅਤੇ ਚੋਰ ਕਰੀਬ 110 ਕਣਕ ਦੇ ਗੱਟੇ ਚੋਰੀ ਕਰਕੇ ਲੈ ਗਏ। ਇਸ ਦੀ ਅੰਦਾਜਨ ਕੀਮਤ ਸਵਾ ਲੱਖ ਰੁਪਏ ਬਣਦੀ ਹੈ। ਚੋਰੀ ਸੰਬੰਧੀ ਸੂਚਨਾ ਪੁਲਸ ਨੂੰ ਦੇ ਦਿੱਤੀ ਗਈ ਹੈ। ਥਾਣਾ ਮੁਖੀ ਕੁਲਜਿੰਦਰ ਸਿੰਘ ਗਰੇਵਾਲ ਅਤੇ ਚੌਕੀ ਇੰਚਾਰਜ ਕਰਮਜੀਤ ਸਿੰਘ ਦੀ ਅਗਵਾਈ ‘ਚ ਪੁੱਜੀ ਪੁਲਸ ਪਾਰਟੀ ਨੇ ਚੋਰੀ ਵਾਲੇ ਥਾਂ ‘ਤੇ ਪਹੁੰਚ ਕੇ ਇਲਾਕੇ ‘ਚ ਲੱਗੇ ਸੀ. ਸੀ. ਟੀ. ਵੀ. ਕੈਮਰੇ ਖੰਘਾਲਣੇ ਸ਼ੁਰੂ ਕਰ ਦਿੱਤੇ ਹਨ ਅਤੇ ਚੋਰਾਂ ਨੂੰ ਜਲਦੀ ਫੜਨ ਦਾ ਦਾਅਵਾ ਕੀਤਾ ਗਿਆ।

### ਅੰਮ੍ਰਿਤਸਰ ਪੁਲਸ ਨੂੰ ਮਿਲੀ ਵੱਡੀ ਸਫਲਤਾ, 3 ਕਿਲੋ ਹੈਰੋਇਨ ਤੇ 1 ਕਿਲੋ ਆਈਸ ਸਣੇ 2 ਨਸਾ ਤਸਕਰ ਗ੍ਰਿਫਤਾਰ

ਅੰਮ੍ਰਿਤਸਰ 15 ਮਈ। ਸਰਹੱਦ ਪਾਰ ਨਸੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈਟਵਰਕ ਦੇ ਖਿ਼ਲਾਫ ਇੱਕ ਵੱਡੀ ਸਫਲਤਾ ਪ੍ਰਾਪਤ ਕਰਦੇ ਹੋਏ, ਅੰਮ੍ਰਿਤਸਰ ਦਿਹਾਤੀ ਪੁਲਸ ਨੇ ਅੰਤਰਰਾਸਟਰੀ ਨਸਾ ਤਸਕਰੀ ਦਾ ਪਰਦਾਫਾਸ ਕੀਤਾ ਹੈ। ਜਿਸ ‘ਚ 3 ਕਿਲੋ ਹੈਰੋਇਨ ਅਤੇ 1 ਕਿਲੋ ਆਈਸ (ਮੇਥਾਮੇਟਾਫਾਈਨ) ਜਬਤ ਕਰਕੇ 2 ਨਸਾ ਤਸਕਰਾਂ ਨੂੰ ਗ੍ਰਿਫਤਾਰ ਗਿਆ ਹੈ। ਇਸ ਦੀ ਜਾਣਕਾਰੀ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਆਪਣੇ ਐਕਸ ਅਕਾਊਂਟ ‘ਤੇ ਸਾਂਝੀ ਕੀਤੀ ਹੈ। ਉਨ੍ਹਾਂ ਲਿਖਿਆ ਕਿ ਸਰਹੱਦ ਪਾਰ ਨਸੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈਟਵਰਕ ਦੇ ਖਿ਼ਲਾਫ ਇੱਕ ਵੱਡੀ ਸਫਲਤਾ ਪ੍ਰਾਪਤ ਕਰਦੇ ਹੋਏ,



ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਅੰਤਰਰਾਸਟਰੀ ਨਸਾ ਤਸਕਰੀ ਦਾ ਪਰਦਾਫਾਸ ਕੀਤਾ ਅਤੇ 3 ਕਿਲੋਗ੍ਰਾਮ ਹੈਰੋਇਨ ਅਤੇ 1 ਕਿਲੋ ਆਈਸ (ਮੇਥਾਮੇਟਾਫਾਈਨ) ਜਬਤ ਕਰਕੇ 2 ਨਸਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ। ਉਨ੍ਹਾਂ ਲਿਖਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤੇ ਗਏ ਮੁਲਜਮ ਪਾਕਿਸਤਾਨੀ ਸਮੱਗਲਰ ਡੋਗਰ ਰਾਜਪੂਤ ਦੇ ਸੰਪਰਕ ਵਿੱਚ ਸਨ ਅਤੇ ਹੈਰੋਇਨ ਦੀ ਤਸਕਰੀ ਲਈ ਡਰੋਨ ਦੀ ਵਰਤੋਂ ਕਰਦੇ ਸਨ। ਐੱਨ. ਡੀ. ਪੀ. ਐੱਸ. ਐਕਟ ਦੇ ਤਹਿਤ ਐੱਫ. ਆਈ. ਆਰ. ਦਰਜ ਕੀਤੀ ਗਈ ਹੈ ਅਤੇ ਪਿਛੜੇ ਅਤੇ ਅਗਾਂਹਵਧੂ ਸਬੰਧ ਸਥਾਪਤ ਕਰਨ ਲਈ ਜਾਂਚ ਜਾਰੀ ਹੈ। ਡੀ. ਜੀ. ਪੀ. ਗੌਰਵ ਯਾਦਵ ਨੇ ਲਿਖਿਆ ਕਿ ਪੰਜਾਬ ਪੁਲਸ ਨਸਿ਼ਆਂ ਦੇ ਨੈਟਵਰਕ ਨੂੰ ਖਤਮ ਕਰਨ ਅਤੇ ਸਾਡੇ ਸੂਬੇ ਨੂੰ ਨਸਾ ਮੁਕਤ ਬਣਾਉਣ ਲਈ ਵਚਨਬੱਧ ਹੈ।

## ਪਸ਼ੂ ਨੂੰ ਬਚਾਉਂਦੇ ਦਰੱਖਤ ਨਾਲ ਟਕਰਾਈ ਕਾਰ, ਪੁੱਤ ਦੀਆਂ ਅੱਖਾਂ ਸਾਹਮਣੇ ਪਿਓ ਦੀ ਤੜਫ-ਤੜਫ ਕੇ ਹੋਈ ਮੌਤ

ਨੂਰਪੁਰਬੇਦੀ 15 ਮਈ। ਨੂਰਪੁਰਬੇਦੀ-ਗੜ੍ਹਸ਼ੰਕਰ ਮੁੱਖ ਮਾਰਗ ’ਤੇ ਪੈਂਦੇ ਅੱਡਾ ਕਾਹਨਪੁਰ ਖੂਹੀ (ਹਦਬਸਤ ਪਿੰਡ ਰੈਂਸੜਾ) ਨੇੜੇ ਵਾਪਰੇ ਇਕ ਸੜਕ ਹਾਦਸੇ ਦੌਰਾਨ ਆਵਾਰਾ ਪਸ਼ੂ ਨੂੰ ਬਚਾਉਂਦੇ ਸਮੇਂ ਇਕ ਕਾਰ ਦੇ ਦਰੱਖਤ ਨਾਲ ਟਕਰਾ ਗਈ। ਇਸ ਹਾਦਸੇ ਵਿਚ ਕਾਰ ਵਿਚ ਸਵਾਰ ਪਿਤਾ ਦੀ ਮੌਤ ਹੋ ਗਈ ਜਦਕਿ ਕਾਰ ਚਾਲਕ ਨੌਜਵਾਨ ਪੁੱਤਰ ਦਾ ਵਾਲ-ਵਾਲ ਬਚਾ ਹੋ ਗਿਆ। ਥਾਣਾ ਨੂਰਪੁਰਬੇਦੀ ਅਧੀਨ ਪੈਂਦੀ ਪੁਲਸ ਚੌਂਕੀ ਕਲਵਾਂ ਵਿਖੇ ਦਰਜ ਕਰਵਾਏ ਬਿਆਨਾਂ ’ਚ ਨੌਜਵਾਨ ਕਰਨ ਸਿੰਘ ਨਿਵਾਸੀ ਪਿੰਡ ਮਣਕੂਮਾਜਰਾ (ਥਾਣਾ), ਪੁਲਸ ਸਟੇਸ਼ਨ ਨੂਰਪੁਰਬੇਦੀ ਨੇ ਦੱਸਿਆ ਕਿ ਉਹ ਆਪਣੇ ਪਿਤਾ ਰਾਕੇਸ਼ ਕੁਮਾਰ (54) ਪੁੱਤਰ ਰਾਮ ਪ੍ਰਕਾਸ਼ ਨਾਲ ਕਿਸੇ ਨਿੱਜੀ ਕੰਮ ਲਈ ਆਪਣੀ ਆਲਟੋ ਕਾਰ ’ਚ ਸਵਾਰ ਹੋ ਕੇ ਗੜ੍ਹਸ਼ੰਕਰ ਵਿਖੇ ਗਏ ਹੋਏ ਸਨ। ਉਸ ਨੇ ਦੱਸਿਆ ਕਿ ਉਹ ਖੁਦ ਕਾਰ ਚਲਾ ਰਿਹਾ ਸੀ ਜਦਕਿ ਉਸ ਦੇ ਪਿਤਾ ਨਾਲ ਦੀ ਸੀਟ ’ਤੇ ਬੈਠੇ ਹੋਏ ਸਨ ਪਰ ਜਦੋਂ ਸਵੇਰੇ ਕਰੀਬ ਸਾਢੇ 4 ਕੁ ਵਜੇ ਉਹ ਅੱਡਾ ਕਾਹਨਪੁਰ ਖੂਹੀ ਹਦਬਸਤ ਪਿੰਡ ਰੈਂਸੜਾ ਨੇੜੇ ਪਹੁੰਚੇ ਤਾਂ ਮੁੱਖ ਮਾਰਗ ਤੋਂ ਇਕ ਆਵਾਰਾ ਪਸ਼ੂ ਸੜਕ ਕਰਾਸ ਕਰ ਰਿਹਾ ਸੀ। ਜਿਸ ਨੂੰ ਬਚਾਉਂਦੇ ਸਮੇਂ ਅਚਾਨਕ ਕਾਰ ਦਾ ਸੰਤੁਲਨ ਵਿਗੜਨ ਕਾਰਨ ਭਾਰੀ ਦਰੱਖਤ ਨਾਲ ਟਕਰਾ ਗਈ। ਜਿਸ ਦੌਰਾਨ ਉਨ੍ਹਾਂ ਦੀ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਉਸ ਦੇ ਪਿਤਾ ਗੰਭੀਰ ਰੂਪ ’ਚ ਜਖਮੀ ਹੋ ਗਏ। ਜਦਕਿ ਉਸ ਦਾ ਵਾਲ-ਵਲਾ ਬਚਾ ਹੋ ਗਿਆ। ਇਸ ਤੋਂ ਉਪਰੰਤ ਉਸ ਨੇ ਆਪਣੇ ਗੰਭੀਰ ਜਖਮੀ ਹੋਏ ਪਿਤਾ ਰਾਕੇਸ਼ ਕੁਮਾਰ ਨੂੰ ਰਾਹਗੀਰਾਂ ਦੀ ਸਹਾਇਤਾ ਨਾਲ ਸਰਕਾਰੀ ਹਸਪਤਾਲ ਸਿੰਘਪੁਰ ਵਿਖੇ ਇਲਾਜ ਲਈ ਪਹੁੰਚਾਇਆ ਪਰ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਉਸ ਨੇ ਆਪਣੀ ਸ਼ਿਕਾਇਤ ’ਚ ਦੱਸਿਆ ਕਿ ਉਕਤ ਹਾਦਸਾ ਕੁਦਰਤੀ ਹੋਇਆ ਹੈ ਅਤੇ ਜਿਸ ਲਈ ਕੋਈ ਜਿ਼ੰਮੇਵਾਰ ਨਹੀਂ ਹੈ। ਇਸ ਮਾਮਲੇ ਦੇ ਜਾਂਚ ਅਧਿਕਾਰੀ ਏ. ਐੱਸ. ਆਈ. ਮੇਹਰ ਨੁਕਸਾਨੀ ਗਈ ਅਤੇ ਉਸ ਦੇ ਪਿਤਾ ਗੰਭੀਰ ਰੂਪ ’ਚ ਜਖਮੀ ਹੋ ਗਏ। ਜਦਕਿ ਉਸ ਦਾ ਵਾਲ-ਵਲਾ ਬਚਾ ਹੋ ਗਿਆ। ਇਸ ਤੋਂ ਉਪਰੰਤ ਉਸ ਨੇ ਆਪਣੇ ਗੰਭੀਰ ਜਖਮੀ ਹੋਏ ਪਿਤਾ ਰਾਕੇਸ਼ ਕੁਮਾਰ ਨੂੰ ਰਾਹਗੀਰਾਂ ਦੀ ਸਹਾਇਤਾ ਨਾਲ ਸਰਕਾਰੀ ਹਸਪਤਾਲ ਸਿੰਘਪੁਰ ਵਿਖੇ ਇਲਾਜ ਲਈ ਪਹੁੰਚਾਇਆ ਪਰ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਉਸ ਨੇ ਆਪਣੀ ਸ਼ਿਕਾਇਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਬਿਆਨਾਂ ਦੇ ਆਧਾਰ ’ਤੇ ਪੁਲਸ ਵੱਲੋਂ 174 ਤਹਿਤ ਕਾਨੂੰਨੀ ਕਾਰਵਾਈ ਅਮਲ ’ਚ ਲਿਆਂਦੀ ਗਈ ਹੈ ਅਤੇ ਲਾਸ਼ ਨੂੰ ਸ੍ਰੀ ਅਨੰਦਪੁਰ ਸਾਹਿਬ ਸਥਿਤ ਭਾਈ ਜੈਤਾ ਜੀ ਸਰਕਾਰੀ ਹਸਪਤਾਲ ਵਿਖੇ ਪੋਸਟਮਾਰਟਮ ਕਰਵਾਉਣ ਉਪਰੰਤ ਵਾਰਿਸਾਂ ਦੇ ਹਵਾਲੇ ਕਰ ਦਿੱਤਾ ਗਿਆ ਹੈ।

**NAME CHANGE**
I, NO-14640619X Rank-HAV Name-NAVIN KUMAR SINGH S/o RAM BRIKSH SINGH R/o VILL-DARWAR, PO-BARACHATTI, TEH-GAYA, DIST-GAYA, BIHAR-824201 have changed my Minor daughter's name from PUSPA KUMARI to PUSHPA KUMARI for all future purposes vide affidavit dated 06/05/2024 before Notary Public, Delhi.

**NAME CHANGE**
I, KISANAVATI DEVI Mother of No-15627105X Rank-L/NK Name-AKHILESH KUMAR Presently residing at VILL-KUSAHI, PO-SHIKARGANJ, TEH-CHAKIA, DIST-CHANDAULI, U.P-232103 have changed my name from KISANAVATI DEVI to KRISHNAWTI for all future purposes, in my son's service record my date of birth wrongly mentioned as 04/03/1968 instead of my correct date of birth as 01/01/1955 Vide Affidavit dated 06/05/2024 before Notary Public, Delhi.

**NAME CHANGE**
I, ABRAR AHMED S/o ABDUL ZABBAR R/o A-4/202, Sultan Puri, C Block, Sultan Puri, North West Delhi -110086 have changed the name of my minor Son AADY aged 13 years and he shall hereafter be known as MD AADIL.

**NAME CHANGE**
I, hitherto known as LOKINORA KUMAR SINGH SIROHI alias LOKENDER KUMAR alias LOKENDER SINGH S/O JAIKISHAN SINGH R/O HOUSE NO 146, GALI NO-4, BANK COLONY, MANDOLI, DELHI, NORTH EAST, DELHI-110093 have changed my name and shall hereafter be known as LOKANDER SINGH.

**NAME CHANGE**
I, SONTARA BEN WIFE OF SHRI IRSHAD ALI R/o 6/135 TRILOK PURI DELHI- 110091 have changed my name from SONTARA BEN TO SONTARA for all future purpose.

**NAME CHANGE**
I, Mohammad Shamim s/o Mahmood R/o Jamin Ali, Jalalabad, Rural Shamli, Uttar Pradesh-247772, have changed my name to Shamim Ahamad for all future purposes.

**NAME CHANGE**
I SIDESHWAR S/O JAIRAM SINGH R/O F-153 VISHKARMA BHAWAN NEAR DELITE HOTEL, AC NAGAR, FARIDABAD HARYANA-121001 HAVE CHANGE MY NAME TO SIDHESHWAR PRASAD FOR ALL PURPOSE.

**PUBLIC NOTICE**
I, MUHAMMAD RIZWAN HASHEEM S/o Muhammad Haneef Quraishi Kaifi R/o A-47, Zakir Bagh, Opp.Surya Hotel, Okhla Road, New Delhi-110025 do hereby solemnly affirm and inform that the correct spelling of my name is Muhammmad Rizwan Hasheem not Mohammad Rizwan Hasheem or Mohd Rizwan Hasheem. Thats my name as husband in my wife Subuhi Shakeel passport and Driving licence should be Muhammad Rizwan Hasheem and not Mohammad Rizwan Hasheem or Mohd Rizwan Hasheem respectively

**PUBLIC NOTICE**
My client Smt. Santosh Devi W/o Shri Sukomal Singh R/o House No. 180, Near Ravi Das Mandir, Katwaria Sarai, Hauz Khas, S.O. South West Delhi-110016 has severed all relations and disowned her daughter Smt. Jyoti Niwaria and sons namely Vansh and Manjeet Singh Niwaria from her all movable and immovable properties due to their wrong conduct and indecent behaviour. My client and my client's family members will not be responsible for their any acts.
**SHAZIA KHAN Advocate**
Office: 89, Second Floor, Press Enclave Road, Opp. Saket Court Complex New Delhi-110017.

**NAME CHANGE**
I Ved Paul S/o Bhajan Lal R/o House No-U-50/30, DLF Phase-3, Nathupur (67), Gurgaon, Haryana-122002 Have Changed my Name To Vedpal Yadav For All Purpose

**NAME CHANGE**
I MANSI W/O GAURAV SINGH R/O G-736, GAMMA-2, GREATER NOIDA, PAUVARI, GAUTAM BUDH NAGAR, UTTAR PRADESH-201310 HAVE CHANGE MY NAME TO MANSI BHADANA FOR ALL PURPOSES.

**PUBLIC NOTICE**
I, JITENDRA DUBEY S/O SH. RAVINDRA PAL DUBEY R/O E-115B, VISHWAKARMA COLONY, NEAR PUL PRAHLADPUR, NEW DELHI declare that I have changed my religion from Hindu to Islam at my free will without any pressure and hereinafter shall be known as SYED ASIM ALI instead of JITENDRA DUBEY.

**NAME CHANGE**
I, DHARAMBIR Father of No. 8037551A Rank-HAV Name-SHASHI KUMAR Presently residing at VPO-KASNI, TEH+DIST-JHAJJAR, HARYANA-124109 have changed my name from DHARAMBIR to DHARMBIR SINGH for all future purposes vide Affidavit dated 06/05/2024 before Notary Public, Delhi.

**PUBLIC NOTICE**
It is for general information that I, RUI PAVANI KHANDELWAL ALIAS RUI PAVANI KAUR D/O MANINDER SINGH EX. WIFE LUV KHANDELWAL R/O 52. MAUSAM VIHAR, KRISHNA NAGAR, EAST DELHI, DELHI-110051 declare that I got divorced from my husband SH. LUV KHANDELWAL vide Court Decree H?? No. 334/2024 dated 19.02.2024. Further I have changed my name and shall hereafter be known as RUI PAVANI KAUR.

**Lost and Found**
I, Sanmungam,S/o Munnu Swami R/o H.No-248, Block-H-1, Madangir, Dr. Ambedkar Nagar, South Delhi, Delhi 110062 inform that My Property Documents Has been Lost During travelling in Madangir Central Market. Property Details R2144727, N514728, S625321, AA793459, AA793460. If any body find, contact at above address.

**NAME CHANGE**
I, Gourav S/o Rajbir Residing H.No. 275, Pannu Pana, Bichpari (22), Sonipat - 131302 have changed my name from Gourav to Gourav Nenaniya for all future purposes

**NAME CHANGE**
I, Anil Charya s/o Jetha Nand Arora R/o 3/53, Geeta Colony, Delhi-110031, have changed my name to Anil Arora permanently

**NAME CHANGE**
I MOHAMMAD SADEQUEEN S/O MOHD BASHIR RESIDING AT HOUSE NO. 772 SUIWALAN DARYA GANJ NEW DELHI 110002 HAVE CHANGED MY NAME FROM MOHAMMAD SADEQUEEN TO MOHAMMAD SADIQEEN FOR ALL FUTURE PURPOSES.

**NAME CHANGE**
I, Afsar s/o Gabruddin R/o H. No E-2/869, Street No-15, Nehru Vihar, Dayalpur, Delhi-110094 . have changed my name to Afsaar Ahmed for all future purposes

**NAME CHANGE**
I,Ravinder Nath Sharma S/o Rajendra Nath Sharma R/o 78,Mori Para ,Behind Jana Majid ,Meerut Uttar Pradesh -250002 Have Change My Name From Ravinder Nath Sharma To Ravindra Nath Sharma For All Purposes

**Lost & Found**
lost: Original Allotment Letter cum demand letter , Water & Electric NOC of DDA Property no . 267 ist -2nd floor ,RPS Colony,sheikh sarai, Phase-1, New DELHI 17 , on the name OF Hans Kumar Jain , Finder plz contact above to Anil Mohan Puri or call : 9810666068,9811513844

**NAME CHANGE**
I KIRAN W/O SUDHEER YADAV R/O SAIDALIPUR, 255, MAHENDRAGARH, HARYANA-123023 HAVE CHANGE MY NAME TO KIRAN YADAV FOR ALL FUTURE PURPOSES

**NAME CHANGE**
I, Heena Mohamadsalim Bloch, W/O Amrulkhan Mahorvani, R/O, Flat No 303 3rd Floor, Yamuna Block 4, Pocket 6, Sector D, Vasant Kunj, Delhi, 110070 have changed my name to Heena Mahorvani for all future purpose

**NAME CHANGE**
I, MAHAVIR PRAJAPATI father of No-17026964L Rank-CFN, Name-RAJU KUMAR presently residing at VILL-MATWARI, PO-HAZARIBAGH, TEH & DISTT-HAZARIBAGH, JHARKHAND-825301 have changed my name from MAHAVIR PRAJAPATI to MAHABIR PRAJAPATI for all future purposes, in my son's service record my date of birth wrongly mentioned as 12/06/1964 instead of my correct date of birth as 01/01/1966 Vide Affidavit dated 06/05/2024 before Notary Public, Delhi.

**NAME CHANGE**
It is for general information that I, NARAYAN SINGH S/O HAYAT SINGH R/O QUARTER NO-275, 1st FLOOR, TYPE-2, KRISHI KUNJ, INDERPURI, CENTRAL DELHI, DELHI-110012, declare that name of mine and my father has been wrongly written as NARAIN SINGH and AYAT SINGH in my Service Records and name of my father has been wrongly written as HAYAAT SINGH in my Pan Card-DMNPS8706M. The actual name of mine and my father are NARAYAN SINGH and HAYAT SINGH, which may be amended accordingly.

**NAME CHANGE**
I, hitherto known as BALESHWAR S/O BANI SINGH R/O RZ E-217, NIHAL VIHAR, NANGLOI, NILOTHI, WEST DELHI, DELHI-110041 have changed my name and shall hereafter be known as BALESHWER CHOKAN.

**NAME CHANGE**
I, Maninder Singh S/o Udaivir Singh R/o C2/27, C 2-Block, Vijay Enclave, Mangla Puri, Palam Village, South West Delhi, Delhi-110045, Have Changed My Name To Manender Singh S/o Udaybir Singh For All Future Purpose

**NAME CHANGE**
I, hitherto known as JITENDER YADAV S/o RAGHUNATH YADAV residing at House No. 101, Gali No. 3, Sangam Vihar, Jharoda Majra, PO – Burari, Dist. North Delhi, Delhi - 110084 have changed my name and shall hereafter be known as KASHI RAM YADAV.

**NAME CHANGE**
I, V Nikhila W/o Kishore Kathri Address : - Vishwanath Krishna Rao, 6-4-58/1/1, Floor-II, 201, Kripa Nivas, Bholakpur, Near Water Tank, Secunderabad, Hyderabad, Telangana-500003 Have changed my name to Nikhila Vishwanath for all future purpose.

**NAME CHANGE**
I, JC-706586K Rank-NB SUB Name-SUJIT KUMAR SINGH S/O UPENDRA NATH SINGH R/O VILL-DINAPUR, PO- DINAPUR, TEH-GHAZIPUR, DIST- GHAZIPUR, UTTAR PRADESH-233232 have changed my mother's name from GITA SINGH to GEETA DEVI for all future purposes vide affidavit dated 06/05/2024 before Notary Public, Delhi.

**NAME CHANGE**
I SHEETAL W/O AKSHAY SOLANKI R/O 4/603, BEVERLY PARK PLOT NO-2, SECTOR-22, RAJ NAGAR, DWARKA, DELHI-110078 HAVE CHANGE MY NAME TO SHEETAL SOLANKI FOR ALL FUTURE PURPOSES.

**NAME CHANGE**
I, hitherto known as ROMA PATEL alias HEMA D/o RAM SINGH NEPALI W/o VIKRAM PATEL R/O H.NO.- WZ 536-C, 4th Floor Sri Nagar, Shakurbasti, North West Delhi-110034 have changed my name and shall hereafter be known as ROMA PATEL.

**NAME CHANGE**
I, PRIYANKA DEVI (Existing name of spouse as par change of kin record /service document) Spouse of Army No-4292353A L/NK BASUKI KUMAR (name of husband) Resident of VILL-PARARI ; POST -PARRI ; PS-BANGAON ; DIST-SAHARSA ; STATE - BIHAR; PIN-852212 have change my name from PRIYANKA DEVI (existing name of spouse as par change of next of kin records/service document) to PRIYANKA KUMARI (new name) vide affidavit/self declaration Date - 12/03/2024 Affidavit No 5437 ; Executive Magistrate Sadar Darbhanga.

**NAME CHANGE**
I, FULJENU KUJUR father of NO-4283464W Rank-NK Name-ARBIND KUJUR, R/o VILL-MARAIKONA, PO-CHAINPUR, TEH-CHAINPUR, DIST-GUMLA, JHARKHAND-835206 have changed my name from FULJENU KUJUR to FULJENS KUJUR for all future purposes, in my son's service record my date of birth wrongly mentioned as 21/02/1952 instead of my correct date of birth as 01/01/1951 Vide Affidavit dated 06/05/2024 before Notary Public Delhi.

**NAME CHANGE**
I hitherto known as SATYAM S/o KISHORI LAL, R/o H.No. 589, Ward No. 5, Mohalla Rajrian, Pathankot, Punjab-145001, have changed my name and shall hereafter be known as SATYAM WADHERA.

**PUBLIC NOTICE**
It is for general information that I, SHASHI KANT S/O ROHTAS KUMAR R/O 10A/10792, W.E.A. GALI NO. 7. KAROL BAGH, DELHI-110005 declare that name of my father has been wrongly written as ROHTSH KUMAR in my 10th and 12th class marks-sheet and certificate. The actual name of my father is ROHTAS KUMAR, which may be amended accordingly.

**NAME CHANGE**
I, Neelam W/o Narender Singh Residing Pana: 12, Titoli (88), Rohtak - 124001 have changed my name from Neelam to Neelam Devi for all future purposes

**PUBLIC NOTICE**
It is for general information that I MOHD ASLAM KHAN S/O MOHD HASAN KHAN R/O VILL. BADI KOT RAKSAHA, DILDAR NAGAR, GHAZIPUR, UTTAR PRADESH-232326, declare that name of mine has been wrongly written as MOHAMMAD ASLAM KHAN in my minor son's namely REHAN KHAN aged 17 years in his 10th educational certificate. The actual name of mine is MOHD ASLAM KHAN which may be amended accordingly.

**PUBLIC NOTICE**
It is for general information that I, SHAGUFA ALI KHAN D/O MOHD ASLAM KHAN R/O VILL. BADI KOT RAKSAHA, DILDAR NAGAR, GHAZIPUR, UTTAR PRADESH-232326, declare that the name of my father and mother has been wrongly written as MOHAMMED ASLAM KHAN & JAMILA KHAN" in my educational documents. The actual name of my father and mother is MOHD ASLAM KHAN & JAMILA KHATOON which may be amended accordingly.

**PUBLIC NOTICE**
It is for general information that I,NEHAL KHAN S/O MOHD ASLAM KHAN R/O VILL. BADI KOT RAKSAHA, DILDAR NAGAR, GHAZIPUR, UTTAR PRADESH-232326, declare that the name of my father and mother has been wrongly written as ASLAM KHAN & JAMILA KHAN" in my educational documents. The actual name of my father and mother is MOHD ASLAM KHAN & JAMILA KHATOON which may be amended accordingly.

**NAME CHANGE**
It is for general information that I, AMAN S/O NANKU R/O RZ-P-225/11, P BLOCK, GALI NO-9, DAYAL PARK, WEST SAGARPUR, NANGAL RAYA, NEW DELHI-10046 declare that name of mine and my father and my mother has been wrongly written as AMAN KANOJIA and RAKESH KANOJIA and SANTOSH in my 10th class educational documents. The actual name of mine and my father and my mother are AMAN and NANKU and SANTOSHA , which may be amended accordingly.

**Date of birth correction**
It is for general information that I, AMAN S/O NANKU R/O RZ-P-225/11, P BLOCK, GALI NO-9, DAYAL PARK, WEST SAGARPUR, NANGAL RAYA, NEW DELHI-10046 declare that date of birth of mine has been wrongly written as 27.08.2006 in my 10th class educational documents. The actual date of birth of mine is 27.08.2007 (as par my birth certificate), which may be amended accordingly.

# ਦਿੱਲੀ 'ਚ ਮੁੜ ਫੈਲੀ ਦਹਿਸ਼ਤ ! 4 ਹਸਪਤਾਲਾਂ ਨੂੰ ਈਮੇਲ ਜ਼ਰੀਏ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ



**ਨਵੀਂ ਦਿੱਲੀ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀ ਰਾਜਧਾਨੀ ਦੇ 4 ਹਸਪਤਾਲਾਂ ਨੂੰ ਮੰਗਲਵਾਰ ਯਾਨੀ ਕਿ ਅੱਜ ਈਮੇਲ ਜ਼ਰੀਏ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਦਿੱਲੀ ਫਾਇਰ ਬ੍ਰਿਗੇਡ ਵਿਭਾਗ ਸੇਵਾ ਦੇ ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਜੀਟੀਬੀ ਹਸਪਤਾਲ, ਦਾਦਾ ਦੇਵ ਹਸਪਤਾਲ, ਹੇਡਗੇਵਾਰ ਹਸਪਤਾਲ ਅਤੇ ਦੀਪਚੰਦ ਬੰਧੂ ਹਸਪਤਾਲ ਤੋਂ ਬੰਬ ਦੀ ਧਮਕੀ ਵਾਲੀਆਂ ਈਮੇਲਾਂ ਮਿਲਣ ਦੀ ਜਾਣਕਾਰੀ ਫ਼ੋਨ 'ਤੇ ਮਿਲੀ।

ਅਧਿਕਾਰੀਆਂ ਨੇ ਦੱਸਿਆ ਕਿ ਬੰਬ ਰੋਕੂ ਦਸਤਾ, ਬੰਬ ਦਾ ਪਤਾ ਲਾਉਣ ਵਾਲੀ ਟੀਮ, ਫਾਇਰ ਬ੍ਰਿਗੇਡ ਕਰਮੀ ਅਤੇ ਸਥਾਨਕ ਪੁਲਸ ਤਲਾਸ਼ੀ ਲੈਣ ਲਈ ਮੌਕੇ 'ਤੇ ਪਹੁੰਚੇ। ਪੁਲਸ ਅਤੇ ਬੰਬ ਰੋਕੂ ਦਸਤਿਆਂ ਨੇ ਜਾਂਚ ਕੀਤੀ। ਉਨ੍ਹਾਂ ਕਿਹਾ ਕਿ ਅਸੀਂ ਦੋ ਵਾਰ ਜਾਂਚ ਕੀਤੀ ਹੈ, ਹੁਣ ਤੱਕ ਕੁਝ ਵੀ ਸ਼ੱਕੀ ਨਹੀਂ ਮਿਲਿਆ। ਓਧਰ ਦਿੱਲੀ ਪੁਲਸ ਨੇ ਧਮਕੀ ਭਰੇ ਈਮੇਲ ਦੇ ਸੋਰਸ ਦਾ ਪਤਾ ਲਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਹੈ।

# ਜੰਮੂ-ਕਸ਼ਮੀਰ 'ਚ ਵੋਟਿੰਗ ਫ਼ੀਸਦੀ ਤੋਂ ਧਾਰਾ-370 ਹੱਟਣ ਦੇ ਨਤੀਜੇ ਨਜ਼ਰ ਆ ਰਹੇ ਹਨ: ਸ਼ਾਹ

**ਨਵੀਂ ਦਿੱਲੀ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮੰਗਲਵਾਰ ਨੂੰ ਕਿਹਾ ਕਿ ਧਾਰਾ 370 ਨੂੰ ਖਤਮ ਕਰਨ ਦੇ ਨਰਿੰਦਰ ਮੋਦੀ ਸਰਕਾਰ ਦੇ ਫੈਸਲੇ ਦੇ ਨਤੀਜੇ ਜੰਮੂ-ਕਸ਼ਮੀਰ 'ਚ ਵੋਟਿੰਗ ਫੀਸਦੀ ਤੋਂ ਦਿਖਾਈ ਦੇ ਰਹੇ ਹਨ। ਲੋਕ ਸਭਾ ਚੋਣਾਂ ਦੇ ਚੌਥੇ ਪੜਾਅ 'ਚ ਸ਼੍ਰੀਨਗਰ ਲੋਕ ਸਭਾ ਸੀਟ 'ਤੇ ਕਰੀਬ 38 ਫੀਸਦੀ ਵੋਟਿੰਗ ਹੋਣ ਤੋਂ ਇਕ ਦਿਨ ਬਾਅਦ ਗ੍ਰਹਿ ਮੰਤਰੀ ਨੇ ਇਹ ਟਿੱਪਣੀ ਕੀਤੀ। ਸ਼੍ਰੀਨਗਰ 'ਚ 2019 ਦੀਆਂ ਲੋਕ ਸਭਾ ਚੋਣਾਂ 'ਚ 14.43 ਫੀਸਦੀ, 2014 'ਚ 25.86 ਫੀਸਦੀ, 2009 'ਚ 25.55 ਫੀਸਦੀ ਅਤੇ 2004 'ਚ 18.57 ਫੀਸਦੀ ਵੋਟਿੰਗ ਹੋਈ ਸੀ।

ਸ਼ਾਹ ਨੇ 'ਐਕਸ' 'ਤੇ ਲਿਖਿਆ ਕਿ ਮੋਦੀ ਸਰਕਾਰ ਦੇ ਧਾਰਾ 370 ਨੂੰ ਖਤਮ ਕਰਨ ਦੇ ਫੈਸਲੇ ਦੇ ਨਤੀਜੇ ਵੋਟ ਫੀਸਦੀ ਜ਼ਰੀਏ ਦਿਖਾਈ ਦੇ ਰਹੇ ਹਨ। ਇਸ ਨਾਲ



ਜੰਮੂ-ਕਸ਼ਮੀਰ ਦੇ ਲੋਕਾਂ ਦਾ ਲੋਕਤੰਤਰ 'ਚ ਭਰੋਸਾ ਵਧਿਆ ਹੈ ਅਤੇ ਇਸ ਦੀਆਂ ਜੜ੍ਹਾਂ ਡੂੰਘੀਆਂ ਹੋਈਆਂ ਹਨ। ਸ਼ਾਹ ਨੇ ਕਿਹਾ ਕਿ ਵੋਟ ਫ਼ੀਸਦੀ ਦੇ ਵਾਧੇ ਰਾਹੀਂ ਜੰਮੂ-ਕਸ਼ਮੀਰ ਦੇ ਲੋਕਾਂ ਨੇ ਧਾਰਾ 370 ਨੂੰ ਖਤਮ ਕਰਨ ਦਾ ਵਿਰੋਧ ਕਰਨ ਵਾਲਿਆਂ ਨੂੰ ਕਰਾਰਾ ਜਵਾਬ ਦਿੱਤਾ ਹੈ। 2019 ਵਿਚ ਮੋਦੀ ਸਰਕਾਰ ਨੇ ਜੰਮੂ ਅਤੇ ਕਸ਼ਮੀਰ ਨੂੰ ਵਿਸ਼ੇਸ਼ ਦਰਜਾ ਦੇਣ ਵਾਲੀ ਧਾਰਾ 370 ਨੂੰ ਰੱਦ ਕਰ ਦਿੱਤਾ ਅਤੇ ਸੂਬੇ ਨੂੰ ਦੋ ਕੇਂਦਰ ਸ਼ਾਸਿਤ ਪ੍ਰਦੇਸ਼ਾਂ- ਜੰਮੂ-ਕਸ਼ਮੀਰ ਅਤੇ ਲੱਦਾਖ ਵਿਚ ਵੰਡ ਦਿੱਤਾ।

# ਕਾਲ ਭੈਰਵ ਦਾ ਆਸ਼ੀਰਵਾਦ ਲੈ ਕੇ ਮੋਦੀ ਨੇ ਵਾਰਾਣਸੀ ਤੋਂ ਤੀਜੀ ਵਾਰ ਭਰਿਆ ਨਾਮਜ਼ਦਗੀ ਪੱਤਰ

**ਵਾਰਾਣਸੀ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਾਰਾਣਸੀ ਲੋਕ ਸਭਾ ਹਲਕੇ ਤੋਂ ਅੱਜ ਯਾਨੀ ਕਿ ਮੰਗਲਵਾਰ ਨੂੰ ਤੀਜੀ ਵਾਰ ਨਾਮਜ਼ਦਗੀ ਪੱਤਰ ਭਰਿਆ। ਨਾਮਜ਼ਦਗੀ ਪੱਤਰ ਭਰਨ ਤੋਂ ਪਹਿਲਾਂ ਉਨ੍ਹਾਂ ਅੱਜ ਸਵੇਰੇ ਗੰਗਾ ਕਿਨਾਰੇ ਦਸ਼ਾਸ਼ਵਮੇਧ ਘਾਟ 'ਤੇ ਪੂਜਾ-ਆਰਤੀ ਕੀਤੀ ਅਤੇ ਕਾਲ ਭੈਰਵ ਮੰਦਰ ਦੇ ਦਰਸ਼ਨ ਕੀਤੇ। ਕਾਲ ਭੈਰਵ ਦਾ ਆਸ਼ੀਰਵਾਦ ਲੈ ਕੇ ਪ੍ਰਧਾਨ ਮੰਤਰੀ ਮੋਦੀ ਨੇ ਨਾਮਜ਼ਦਗੀ ਪੱਤਰ ਭਰਿਆ। ਦੱਸ ਦੇਈਏ ਕਿ ਪ੍ਰਧਾਨ ਮੰਤਰੀ ਮੋਦੀ ਵਾਰਾਣਸੀ ਤੋਂ ਮੌਜੂਦਾ ਸੰਸਦ ਮੈਂਬਰ ਅਤੇ ਉਮੀਦਵਾਰ ਹਨ।

ਸਫੈਦ ਕੁੜਤਾ-ਪਜਾਮਾ ਅਤੇ ਨੀਲੀ ਜੈਕਟ ਪਹਿਨੇ ਪ੍ਰਧਾਨ ਮੰਤਰੀ ਆਪਣਾ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਲਈ ਵਾਰਾਣਸੀ ਜ਼ਿਲ੍ਹਾ ਅਧਿਕਾਰੀ ਦੇ ਦਫ਼ਤਰ



(ਕਲੈਕਟਰੇਟ) ਪਹੁੰਚੇ। ਪ੍ਰਧਾਨ ਮੰਤਰੀ ਦੀ ਨਾਮਜ਼ਦਗੀ ਪੱਤਰ ਭਰਨ ਨੂੰ ਲੈ ਕੇ ਵਾਰਾਣਸੀ ਵਿਚ ਕਲੈਕਟਰੇਟ ਕੰਪਲੈਕਸ ਦੇ ਬਾਹਰ ਸੁਰੱਖਿਆ ਸਖ਼ਤ ਕਰ ਦਿੱਤੀ ਗਈ। ਪ੍ਰਧਾਨ ਮੰਤਰੀ ਨਾਲ ਇਸ ਦੌਰਾਨ ਅਮਿਤ ਸ਼ਾਹ, ਰਾਜਨਾਥ ਸਿੰਘ, ਚਿਰਾਗ ਪਾਸਵਾਨ, ਰਾਮਦਾਸ ਅਠਾਵਲੇ, ਏਕਨਾਥ ਸ਼ਿੰਦੇ ਅਤੇ ਯੋਗੀ ਆਦਿਤਿਆਨਾਥ ਸਮੇਤ ਕਈ ਦਿੱਗਜ ਕਲੈਕਟਰੇਟ ਕੰਪਲੈਕਸ ਵਿਚ ਮੌਜੂਦ ਰਹੇ।

ਦੱਸ ਦੇਈਏ ਕਿ ਇਹ ਤੀਜਾ ਮੌਕਾ ਹੈ, ਜਦੋਂ ਪ੍ਰਧਾਨ ਮੰਤਰੀ ਮੋਦੀ ਵਾਰਾਣਸੀ ਸੰਸਦੀ ਖੇਤਰ ਤੋਂ ਆਪਣੀ ਨਾਮਜ਼ਦਗੀ ਪੱਤਰ ਭਰਿਆ ਹੈ। ਇਸ ਤੋਂ ਪਹਿਲਾਂ ਸਾਲ 2014 ਅਤੇ ਸਾਲ 2019 ਦੀਆਂ ਲੋਕ ਸਭਾ ਚੋਣਾਂ ਵਿਚ ਉਨ੍ਹਾਂ ਨੂੰ ਭਾਰੀ ਬਹੁਮਤ ਨਾਲ ਜਿੱਤ ਮਿਲੀ ਸੀ। ਪ੍ਰਧਾਨ ਮੰਤਰੀ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਇਕ ਪੋਸਟ ਵਿਚ ਲਿਖਿਆ ਕਿ ਕਾਸ਼ੀ ਨਾਲ ਮੇਰਾ ਰਿਸ਼ਤਾ ਅਨੋਖਾ, ਅਟੁੱਟ ਅਤੇ ਬੇਮਿਸਾਲ ਹੈ। ਮੈਂ ਕਹਿ ਸਕਦਾ ਹਾਂ ਕਿ ਇਸ ਨੂੰ ਸ਼ਬਦਾਂ ਵਿਚ ਜ਼ਾਹਰ ਨਹੀਂ ਕੀਤਾ ਜਾ ਸਕਦਾ। ਦੱਸ ਦੇਈਏ ਕਿ ਵਾਰਾਣਸੀ ਲੋਕ ਸਭਾ ਚੋਣਾਂ ਦੇ 7ਵੇਂ ਪੜਾਅ ਵਿਚ 1 ਜੂਨ ਨੂੰ ਵੋਟਿੰਗ ਹੋਵੇਗੀ।

# ਜ਼ਿਲ੍ਹੇ ਦੀਆਂ ਚੰਡੀਗੜ੍ਹ ਦੀ ਹੱਦ ਨਾਲ ਲੱਗਦੀਆਂ ਨਾਜਾਇਜ਼ ਉਸਾਰੀਆਂ 'ਤੇ ਮੋਹਾਲੀ ਪ੍ਰਸ਼ਾਸਨ ਸਖ਼ਤ ਹੋਇਆ

**ਮੁਹਾਲੀ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਦੀ ਹੱਦ ਨਾਲ ਲੱਗਦੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਪਿੰਡਾਂ ਵਿੱਚ ਹੋ ਰਹੀਆਂ ਨਾਜਾਇਜ਼ ਉਸਾਰੀਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਮੋਹਾਲੀ ਪ੍ਰਸ਼ਾਸਨ ਨੇ ਪਿੰਡ ਝਾਮਪੁਰ ਦੇ ਦੋ ਵਿਅਕਤੀਆਂ ਖ਼ਿਲਾਫ਼ ਐਫ ਆਈ ਆਰ ਦਰਜ ਕਰਵਾਈ ਹੈ ਜਦੋਂਕਿ ਤੀੜਾ ਪਿੰਡ ਦੇ 9 ਵਿਅਕਤੀਆਂ ਖ਼ਿਲਾਫ਼ ਪੁਲਿਸ ਕਾਰਵਾਈ ਦੀ ਸਿਫ਼ਾਰਸ਼ ਕੀਤੀ ਗਈ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਇਹ ਇਲਾਕਾ ਪੰਜਾਬ ਨਿਊ ਕੈਪੀਟਲ (ਪੈਰੀਫੇਰੀ) ਕੰਟਰੋਲ ਐਕਟ, 1952 ਅਧੀਨ ਆਉਂਦਾ ਹੈ, ਜਿੱਥੇ ਬਿਨਾਂ ਮਨਜ਼ੂਰੀ ਤੋਂ ਨਵੀਆਂ ਉਸਾਰੀਆਂ ਕਰਨ ਦੀ ਮਨਾਹੀ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਗਮਾਡਾ (ਐਮ ਸੀ ਸੀਮਾ ਤੋਂ ਬਾਹਰ) ਅਤੇ ਸਥਾਨਕ ਸਰਕਾਰ ਸੰਸਥਾਵਾਂ ਨੂੰ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਤੁਰੰਤ ਕਾਰਵਾਈ ਕਰਨ ਲਈ ਕਿਹਾ ਗਿਆ ਹੈ।

ਇਸ ਤੋਂ ਇਲਾਵਾ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਜ਼ਿਲ੍ਹਾ ਅਧਿਕਾਰੀਆਂ ਨੂੰ ਪੇਂਡੂ ਖੇਤਰ ਖਾਸ ਕਰਕੇ ਲਾਲ ਡੋਰੇ ਵਿੱਚ ਪੈਂਦੀਆਂ ਜ਼ਮੀਨਾਂ ਵਿੱਚ ਨਾਜਾਇਜ਼ ਉਸਾਰੀਆਂ ਦੀ ਨਿਗਰਾਨੀ ਕਰਨ ਲਈ ਕਿਹਾ ਗਿਆ ਹੈ।

ਉਨ੍ਹਾਂ ਕਿਹਾ ਕਿ ਉਸਾਰੀ ਸਬੰਧੀ ਨਿਯਮਾਂ ਨਾਲ ਨਜਿੱਠਣ ਵਾਲੀਆਂ ਅਥਾਰਟੀਆਂ ਦੇ ਅਧਿਕਾਰੀਆਂ ਨੂੰ ਕਿਹਾ ਗਿਆ ਹੈ ਕਿ ਉਹ ਗੈਰ-ਕਾਨੂੰਨੀ ਉਸਾਰੀ 'ਤੇ ਤਿੱਖੀ ਨਜ਼ਰ ਰੱਖਣ ਅਤੇ ਜੇਕਰ ਕੋਈ ਵਿਅਕਤੀ ਨਿਯਮਾਂ ਦੀ ਉਲੰਘਣਾ ਕਰਦਾ ਹੈ ਤਾਂ ਉਸ ਉਸਾਰੀ ਨੂੰ ਤੁਰੰਤ ਪ੍ਰਭਾਵ ਨਾਲ ਢਾਹ ਦਿੱਤਾ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੁਝ ਮਾਮਲਿਆਂ ਵਿੱਚ ਪਹਿਲਾਂ ਹੀ ਢਾਹੁਣ ਦੀ ਕਾਰਵਾਈ ਕੀਤੀ ਜਾ ਚੁੱਕੀ ਹੈ ਅਤੇ ਬਾਕੀਆਂ ਦੀ ਸੂਚੀ ਸਬੰਧਤ ਅਧਿਕਾਰੀਆਂ ਵੱਲੋਂ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾਂ ਨਜਾਇਜ਼ ਉਸਾਰੀ ਕਰਨ ਵਾਲਿਆਂ ਨੂੰ ਚੇਤਾਵਨੀ ਦਿੱਤੀ ਕਿ ਉਹ ਉਸਾਰੀ ਦੀਆਂ ਗੈਰ-ਕਾਨੂੰਨੀ ਗਤੀਵਿਧੀਆਂ ਤੋਂ ਸੁਚੇਤ ਰਹਿਣ ਨਹੀਂ ਤਾਂ ਉਨ੍ਹਾਂ ਨੂੰ ਕਾਨੂੰਨ ਅਨੁਸਾਰ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ।

# ਚੋਣਾਂ ਦੌਰਾਨ ਉਮੀਦਵਾਰਾਂ ਵੱਲੋਂ ਕੀਤੇ ਜਾਣ ਵਾਲੇ ਚੋਣ ਖਰਚਿਆਂ ਤੇ ਤਿੱਖੀ ਨਜ਼ਰ ਰੱਖੀ ਜਾਵੇ: ਚੋਣ ਨਿਗਰਾਨ

## ਲੋਕ ਸਭਾ ਚੋਣਾ ਲਈ ਨਿਯੁਕਤ ਕੀਤੇ ਚੋਣ ਨਿਗਰਾਨ ਅਤੇ ਪੁਲਿਸ ਨਿਗਰਾਨ ਨੇ ਸਹਾਇਕ ਰਿਟਰਨਿੰਗ ਅਫਸਰਾਂ ਤੇ ਪੁਲਿਸ ਅਧਿਕਾਰੀਆਂ ਨਾਲ ਕੀਤੀ ਅਹਿਮ ਮੀਟਿੰਗ

**ਅੰਮ੍ਰਿਤਸਰ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਗਾਮੀ ਲੋਕ ਸਭਾ ਚੋਣਾਂ ਲਈ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਅੰਮ੍ਰਿਤਸਰ ਲਈ ਨਿਯੁਕਤ ਕੀਤੇ ਗਏ ਚੋਣ ਨਿਗਰਾਨ ਜਨਰਲ ਸ਼੍ਰੀ ਏ ਰਾਧਾਬਿਨੋਦ ਸ਼ਰਮਾ ਆਈ.ਏ.ਐਸ., ਪੁਲਿਸ ਨਿਗਰਾਨ ਸ੍ਰੀਮਤੀ ਸ਼ਵੇਤਾ ਸ੍ਰੀਮਲੀ (ਆਈ.ਪੀ.ਐਸ.) ਅਤੇ ਖਰਚਾ ਨਿਗਰਾਨ ਸ੍ਰੀ ਬਾਰੇ ਗਨੇਸ਼ ਸੁਧਾਕਰ ਆਈ.ਆਰ.ਐਸ. ਨੇ ਅੱਜ ਜ਼ਿਲ੍ਹਾ



ਪ੍ਰਬੰਧਕੀ ਕੰਪਲੈਕਸ ਵਿਖੇ ਲੋਕ ਸਭਾ ਹਲਕੇ ਅਧੀਨ ਪੈਂਦੇ 09 ਵਿਧਾਨ ਸਭਾ ਹਲਕਿਆਂ ਦੇ ਸਹਾਇਕ ਰਿਟਰਨਿੰਗ ਅਫਸਰਾਂ ਅਤੇ ਸਹਾਇਕ ਖਰਚਾ ਅਬਜ਼ਰਬਰਾਂ ਨਾਲ ਅਹਿਮ ਮੀਟਿੰਗ ਕੀਤੀ ਅਤੇ ਚੋਣਾਂ ਦੌਰਾਨ ਉਮੀਦਵਾਰ ਵੱਲੋਂ ਕੀਤੇ ਜਾਣ ਵਾਲੇ ਚੋਣ ਖਰਚਿਆਂ ਬਾਰੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਖਰਚਾ ਨਿਗਰਾਨ ਸ਼੍ਰੀ ਏ ਰਾਧਾਬਿਨੋਦ ਸ਼ਰਮਾ ਨੇ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਅਗਾਮੀ ਲੋਕ ਸਭਾ ਚੋਣਾਂ ਪਾਰਦਰਸ਼ੀ ਤੇ ਨਿਰਪੱਖ ਢੰਗ ਨਾਲ ਮੁਕੰਮਲ ਕਰਵਾਉਣ ਲਈ ਸਮੇਂ-ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ-ਬਿੰਨ ਰੂਪ ਵਿੱਚ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਚੋਣਾਂ ਲਈ ਨਿਰਧਾਰਤ ਕੀਤੇ ਗਏ ਖਰਚੇ ਸਬੰਧੀ ਪੂਰੀ ਚੌਕਸੀ ਵਰਤੀ ਜਾਵੇ ਅਤੇ ਉਮੀਦਵਾਰ ਵੱਲੋਂ ਕੀਤੇ ਜਾਣ ਵਾਲੇ ਚੋਣ ਖਰਚਿਆਂ ਤੇ ਤਿੱਖੀ ਨਜ਼ਰ ਰੱਖੀ ਜਾਵੇ ਅਤੇ ਉਮੀਦਵਾਰਾਂ ਵੱਲੋਂ ਕੀਤੀਆਂ ਜਾਣ ਵਾਲੀਆਂ ਚੋਣ ਰੈਲੀਆਂ ਤੇ ਹੋਰ ਜਨਤਕ ਸਮਾਗਮਾਂ ਦੀ ਮੁਕੰਮਲ ਵੀਡੀਓਗ੍ਰਾਫੀ ਕਰਵਾਈ ਜਾਵੇ ਤਾਂ ਜੋ ਕੀਤੇ ਜਾਣ ਵਾਲੇ ਖਰਚੇ ਦਾ ਪੂਰਾ ਰਿਕਾਰਡ ਰੱਖਿਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਲੋਕ ਸਭਾ ਚੋਣਾਂ ਦਾ ਅਵਸਰ ਇੱਕ ਤਿਓਹਾਰ ਵਾਂਗ ਹੈ ਅਤੇ ਸਾਨੂੰ ਸਾਰਿਆਂ ਨੂੰ ਆਪਸ ਵਿੱਚ ਰਲ ਮਿਲ ਕੇ ਇਸ ਨੂੰ ਮੁਕੰਮਲ ਕਰਨਾ ਚਾਹੀਦਾ ਹੈ, ਪਰ ਇਸ ਵਿੱਚ ਕਿਸੇ ਤਰ੍ਹਾਂ ਦੀ ਲਾਪਰਵਾਹੀ ਨਹੀਂ ਵਰਤੀ ਜਾ ਸਕਦੀ।

ਉਨਾਂ ਨੇ ਸਮੂਹ ਚੋਣ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਚੋਣਾਂ ਦੌਰਾਨ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ 30 ਮਿੰਟ ਵਿੱਚ ਨਿਪਟਾਰਾ ਕਰਨ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਲੋਕ ਸਭਾ ਚੋਣਾਂ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜੀਆਂ ਜਾ ਸਕਣ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਰੋਜ਼ਾਨਾਂ ਭੇਜੀਆਂ ਜਾਣ ਵਾਲੀਆਂ ਰਿਪੋਰਟਾਂ ਸਮੇਂ ਸਿਰ ਭੇਜਣੀਆਂ ਯਕੀਨੀ ਬਣਾਈਆਂ ਜਾਣ ਤਾਂ ਜੋ ਉਨ੍ਹਾਂ ਰਿਪੋਰਟਾਂ ਤੇ ਅਗਲੇਰੀ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕੋਈ ਨਾਗਰਿਕ ਚੋਣਾਂ ਸਬੰਧੀ ਕਿਸੇ ਕਿਸਮ ਦੀ ਕੋਈ ਸ਼ਿਕਾਇਤ ਕਰਦਾ ਹੈ ਤਾਂ ਉਸ ਦਾ ਢੁਕਵਾਂ ਸਬੂਤ ਵੀ ਹਾਸਲ ਕੀਤਾ ਜਾਵੇ।

ਸ਼੍ਰੀ ਬਾਰੇ ਗਨੇਸ਼ ਸੁਧਾਕਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਚੋਣ ਖਰਚੇ ਤੇ ਨਜ਼ਰ ਰੱਖਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਗਠਿਤ ਕੀਤੀਆਂ ਗਈਆਂ ਨਿਗਰਾਨ ਕਮੇਟੀਆਂ ਤੇ ਓਡਨ ਦਸਤਿਆਂ ਨੂੰ ਮੁਕੰਮਲ ਸਾਜੋ ਸਮਾਨ ਨਾਲ ਹਰ ਸਮੇਂ ਲੈੱਸ ਰੱਖਿਆ ਜਾਵੇ ਤਾਂ ਜੋ ਲੋੜ ਪੈਣ ਤੇ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ। ਉਨ੍ਹਾਂ ਇਹ ਵੀ ਕਿਹਾ ਕਿ ਚੋਣ ਲੜਨ ਵਾਲੇ ਉਮੀਦਵਾਰਾਂ ਨੂੰ ਚੋਣ ਜਲਸਿਆਂ, ਰੈਲੀਆਂ ਤੇ ਨੁਕੜ ਮੀਟਿੰਗਾਂ ਆਦਿ ਦੀ ਵੀਡੀਓਗ੍ਰਾਫੀ ਕਰਵਾਉਣ ਬਾਰੇ ਵੀ ਜਾਗਰੂਕ ਕੀਤਾ ਜਾਵੇ।ਇਸ ਮੌਕੇ ਪੁਲਿਸ ਨਿਗਰਾਨ ਸ੍ਰੀਮਤੀ ਸ਼ਵੇਤਾ ਸ੍ਰੀਮਲੀ (ਆਈ.ਪੀ.ਐਸ.) ਨੇ ਪੁਲਿਸ ਅਧਿਕਾਰੀਆਂ ਨਾਲ ਸੁਰੱਖਿਆ ਨੂੰ ਲੈ ਕੇ ਵਿਚਾਰ ਚਰਚਾ ਕੀਤੀ ਅਤੇ ਹੁਣ ਤੱਕ ਕੀਤੇ ਗਏ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਜਿਲ੍ਹਾ ਚੋਣ ਅਧਿਕਾਰੀ ਸ੍ਰੀ ਘਨਸ਼ਾਮ ਥੋਰੀ ਨੇ ਜਿਲ੍ਹਾ ਪ੍ਰਸ਼ਾਸ਼ਨ ਵਲੋਂ ਕੀਤੇ ਗਏ ਪ੍ਰਬੰਧਾਂ ਦਾ ਬਿਓਰਾ ਸਾਂਝਾ ਕਰਦੇ ਹੋਏ ਚੋਣਾਂ ਅਮਨ ਅਤੇ ਸ਼ਾਤੀ ਨਾਲ ਕਰਵਾਉਣ ਦਾ ਭਰੋਸਾ ਦਿੱਤਾ।

ਪੁਲਿਸ ਕਮਿਸ਼ਨਰ ਸ: ਗੁਰਪ੍ਰੀਤ ਸਿੰਘ ਭੁੱਲਰ ਅਤੇ ਐਸ.ਐਸ.ਪੀ. ਸ੍ਰੀ ਸਤਿੰਦਰ ਸਿੰਘ ਨੇ ਜਿਲ੍ਹੇ ਵਿੱਚ ਚੋਣਾਂ ਨੂੰ ਲੈ ਕੇ ਕੀਤੇ ਗਏ ਸੁਰੱਖਿਆ ਪ੍ਰਬੰਧਾਂ ਦੇ ਵੇਰਵਾ ਚੋਣ ਨਿਗਰਾਨਾਂ ਨਾਲ ਸਾਂਝਾ ਕੀਤਾ।

# ਨਾਮਜ਼ਦਗੀ ਪੱਤਰ ਦਾਖ਼ਲ ਕਰਜਨ ਲਈ ਸੰਗੀਤਕ ਵਾਜੇ ਗਾਜੇ ਨਾਲ ਪਹੁੰਚੇ ਮਨੀਸ਼ ਤਿਵਾੜੀ




**ਚੰਡੀਗੜ੍ਹ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਟੈਰੀਟੋਰੀਅਲ ਕਾਂਗਰਸ ਵਿੱਚ ਅੰਦਰੂਨੀ ਫੁੱਟ ਖੁੱਲ੍ਹ ਕੇ ਸਾਹਮਣੇ ਆ ਗਈ ਹੈ, ਹੁਣ ਤੱਕ ਇਹ ਅਟਕਲਾਂ ਲਾਈਆਂ ਜਾ ਰਹੀਆਂ ਸਨ ਕਿ ਸਾਬਕਾ ਸੰਸਦ ਮੈਂਬਰ ਅਤੇ ਸੀਨੀਅਰ ਕਾਂਗਰਸੀ ਆਗੂ ਮਨੀਸ਼ ਤਿਵਾੜੀ ਦੀ ਨਾਮਜ਼ਦਗੀ ਵਿੱਚ ਪਰਿਪੱਕਤਾ ਦਿਖਾਈ ਦੇ ਰਹੀ ਹੈ ਨੂੰ ਜ਼ਰੂਰ ਸ਼ਾਮਲ ਕੀਤਾ ਜਾਵੇਗਾ ਪਰ ਸਾਰੇ ਪ੍ਰੀ-ਅਕਲ ਉਸ ਸਮੇਂ ਰੁਕ ਗਏ ਜਦੋਂ ਤਿਵਾੜੀ ਚੰਡੀਗੜ੍ਹ ਕਾਂਗਰਸ ਦੇ ਪ੍ਰਧਾਨ ਐਚਐਸ ਲੱਕੀ, ਆਮ ਆਦਮੀ ਪਾਰਟੀ ਦੇ ਚੰਡੀਗੜ੍ਹ ਇੰਚਾਰਜ ਐਸਐਸ ਆਹਲੂਵਾਲੀਆ ਅਤੇ ਨਿਗਮ ਦੇ ਮੇਅਰ ਕੁਲਦੀਪ ਕੁਮਾਰ ਸਮੇਤ ਡੀਸੀ ਦਫ਼ਤਰ ਪੁੱਜੇ ਪਰ ਬਾਗੀ ਧੜੇ ਦੇ ਆਗੂ ਸੁਭਾਸ਼ ਚਾਵਲਾ ਨੇ ਡੀ.ਸੀ. , ਪਵਨ ਬਾਂਸਲ ਸਮੇਤ ਸਾਰੇ ਪੁਰਾਣੇ ਤੇ ਸੀਨੀਅਰ ਆਗੂ ਗਾਇਬ ਸਨ, ਜੋ ਦੂਜੀ ਵੱਡੀ ਗੱਲ ਦੇਖਣ ਨੂੰ ਮਿਲੀ।

ਉਹ ਕਾਂਗਰਸ, ਜੋ ਕਿਸੇ ਸਮੇਂ ਭਾਰਤ ਦੀ ਸਭ ਤੋਂ ਵੱਡੀ ਅਤੇ ਸਭ ਤੋਂ ਪੁਰਾਣੀ ਸਿਆਸੀ ਪਾਰਟੀ ਸੀ, ਜਿਸ ਨੂੰ ਦੇਸ਼ ਦੀਆਂ ਦੂਜੀਆਂ ਪਾਰਟੀਆਂ ਵੀ ਕਦੇ ਕਾਪੀ ਕਰਦੀਆ ਸੀ, ਹੁਣ ਕਾਂਗਰਸ ਵੀ ਦੂਜੀਆਂ ਪਾਰਟੀਆਂ ਦੇ ਨਕਸ਼ੇ ਕਦਮਾਂ 'ਤੇ ਚੱਲ ਕੇ ਉਨ੍ਹਾਂ ਦੇ ਵਿਚਾਰਾਂ ਦੀ ਨਕਲ ਕਰ ਰਹੀ ਹੈ।

# 6000 ਰੁਪਏ ਦੀ ਰਿਸ਼ਵਤ ਲੈਂਦਾ ਏ.ਐਸ.ਆਈ ਵਿਜੀਲੈਂਸ ਬਿਊਰੋ ਵੱਲੋਂ ਕਾਬੂ

**ਚੰਡੀਗੜ੍ਹ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਮੰਗਲਵਾਰ ਨੂੰ ਥਾਣਾ ਲਹਿਰਾ ਸਿਟੀ, ਜ਼ਿਲ੍ਹਾ ਸੰਗਰੂਰ ਵਿਖੇ ਤਾਇਨਾਤ ਇੱਕ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ) ਰਾਜਵਿੰਦਰ ਸਿੰਘ ਨੂੰ 6000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮ ਨੂੰ ਲਹਿਰਾ ਸ਼ਹਿਰ ਦੇ ਵਾਸੀ ਅਨੂਪ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ।

ਉਨਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਸੰਪਰਕ ਕਰਕੇ ਦੱਸਿਆ ਹੈ ਕਿ ਉਸਦੀ ਰਿਸ਼ਤੇਦਾਰ ਪਰਵਿੰਦਰ ਦੇਵੀ ਪਿੰਡ ਗਾਗਾ ਵਿਖੇ ਕਿਰਾਏ 'ਤੇ ਰਹਿ ਰਹੀ ਸੀ। ਉਸ ਨੇ ਆਪਣੇ ਮਕਾਨ ਮਾਲਕ ਰਾਕੇਸ਼ ਜਿੰਦਲ ਵਿਰੁੱਧ ਦੇ ਦੁਰਵਿਵਹਾਰ ਖ਼ਿਲਾਫ਼ ਥਾਣਾ ਲਹਿਰਾ ਸਿਟੀ ਵਿਖੇ ਸ਼ਿਕਾਇਤ ਦਰਜ ਕਰਵਾਈ ਸੀ। ਉਕਤ ਮੁਲਜ਼ਮ ਏਐਸਆਈ ਉਸ ਦੀ ਗੱਲ ਨਹੀਂ ਸੁਣ



ਰਿਹਾ ਸੀ ਅਤੇ ਇਸ ਦੌਰਾਨ ਮਕਾਨ ਮਾਲਕ ਨੇ ਘਰ ਦੇ ਉਸ ਹਿੱਸੇ ਨੂੰ ਤਾਲਾ ਲਗਾ ਦਿੱਤਾ ਜਿੱਥੇ ਉਸਦਾ ਸਮਾਨ ਪਿਆ ਸੀ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਾਇਆ ਕਿ ਜਦੋਂ ਉਕਤ ਏ.ਐਸ.ਆਈ. ਕੋਲ ਪਹੁੰਚ ਕੀਤੀ ਤਾਂ ਉਸਨੇ ਕਿਰਾਏਦਾਰ ਪਰਵਿੰਦਰ ਦੇਵੀ ਨੂੰ ਕਿਰਾਏ ਦੀ ਰਿਹਾਇਸ਼ ਤੋਂ ਉਸਦਾ ਸਮਾਨ ਚੁਕਾਉਣ ਬਦਲੇ 8,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਪਹਿਲਾਂ ਹੀ ਉਸ ਕੋਲੋਂ 2000 ਰੁਪਏ ਲੈ ਚੁੱਕਾ ਹੈ ਅਤੇ ਦੂਜੀ ਕਿਸ਼ਤ ਵਿੱਚ 6000 ਰੁਪਏ ਰਿਸ਼ਵਤ ਲੈਣ ਲਈ ਸਹਿਮਤ ਹੋ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਏਐਸਆਈ ਰਾਜਵਿੰਦਰ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 6000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਵਿਆਹ ਦੀ ਪਾਰਟੀ 'ਚ ਜਾ ਰਹੇ ਪਰਿਵਾਰ ਨਾਲ ਵਾਪਰਿਆ ਵੱਡਾ ਹਾਦਸਾ, ਪਤੀ-ਪਤਨੀ ਦੀ ਮੌਤ

**ਫਤਹਿਗੜ੍ਹ ਸਾਹਿਬ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਹਿੰਦ-ਪਟਿਆਲਾ ਰੋਡ 'ਤੇ ਪਿੰਡ ਨਲੀਨੀ ਨੇੜੇ ਵਾਪਰੇ ਭਿਆਨਕ ਸੜਕ ਹਾਦਸੇ ਵਿਚ ਪਤੀ-ਪਤਨੀ ਦੀ ਮੌਤ ਹੋ ਗਈ ਜਦਕਿ 6 ਔਰਤਾਂ ਸਮੇਤ ਸੱਤ ਵਿਅਕਤੀ ਗੰਭੀਰ ਜ਼ਖਮੀ ਹੋ ਗਏ। ਮ੍ਰਿਤਕਾਂ ਦੇ ਪਰਿਵਾਰਕ ਮੈਂਬਰਾਂ ਨੇ ਸਰਹਿੰਦ ਪਟਿਆਲਾ ਰੋਡ ਜਾਮ ਕਰਕੇ ਸਰਕਾਰ ਖ਼ਿਲਾਫ ਨਾਅਰੇਬਾਜ਼ੀ ਕੀਤੀ ਅਤੇ ਸਰਕਾਰ 'ਤੇ ਵੱਡੇ ਦੋਸ਼ ਲਗਾਏ। ਇਸ ਸਬੰਧੀ ਥਾਣਾ ਮੂਲੇਪੁਰ ਦੇ ਐਸ. ਐਚ. ਓ ਬਲਬੀਰ ਸਿੰਘ ਨੇ ਦੱਸਿਆ ਕਿ ਸੁਖਵਿੰਦਰ ਸਿੰਘ ਪੁੱਤਰ ਚਰਨ ਸਿੰਘ ਵਾਸੀ ਪਿੰਡ ਨੌਲੱਖਾ ਨੇ ਸ਼ਿਕਾਇਤ ਕੀਤੀ ਸੀ ਕਿ ਉਸ ਦੇ ਦੋ ਲੜਕੇ ਅਤੇ ਇੱਕ ਲੜਕੀ ਹੈ। ਉਸ ਦੇ ਲੜਕੇ ਮਨਦੀਪ ਸਿੰਘ ਦਾ 12 ਮਈ ਨੂੰ ਵਿਆਹ ਸੀ ਅਤੇ ਵਿਆਹ ਤੋਂ ਬਾਅਦ ਦੀ ਸ਼ਾਮ ਨੂੰ ਹੀ ਸਰਕਾਰੀ ਪੈਲੇਸ ਨੀਲੀ ਵਿਖੇ ਪਾਰਟੀ ਰੱਖੀ ਹੋਈ ਸੀ। ਉਹ ਆਪਣੀ ਕਾਰ ਵਿਚ ਸਵਾਰ ਹੋ ਕੇ ਪਿੰਡ ਨੌਲੱਖਾ ਤੋਂ ਨਲੀਨੀ ਪੈਲੇਸ ਨੂੰ ਜਾ ਰਿਹਾ ਸੀ, ਉਸ ਦੇ ਅੱਗੇ ਅੱਗੇ ਇਨੋਵਾ ਕਾਰ ਪੀ. ਬੀ. 11 ਏ. ਐਚ 1313 ਜਿਸ ਨੂੰ ਡਰਾਈਵਰ ਬਹਾਦਰ ਸਿੰਘ ਵਾਸੀ ਖਰੌੜਾ ਚਲਾ ਰਿਹਾ ਸੀ ਜਾ ਰਹੀ ਸੀ।

ਇਸ ਦੌਰਾਨ ਜਦੋਂ ਇਨੋਵਾ ਕਾਰ ਨਿਊ ਵੈਸ਼ਨੋ ਫੈਮਿਲੀ ਢਾਬਾ ਪਿੰਡ ਨਲੈਨੀ ਨੂੰ ਕਰਾਸ ਕਰਕੇ ਨਰੇਲੀ ਕੱਟ ਕੋਲ ਪੁੱਜੀ ਤਾਂ ਸਰਹਿੰਦ ਵਾਲੇ ਪਾਸਿਓਂ ਆ ਰਹੇ ਕੈਂਟਰ ਨੰਬਰ ਪੀ. ਬੀ. 11 ਸੀ. ਆਰ. 9613 ਨੇ ਉਸ ਨੂੰ ਬੜੀ ਲਾਪਰਵਾਹੀ ਨਾਲ ਟੱਕਰ ਮਾਰ ਦਿੱਤੀ। ਟੱਕਰ ਤੋਂ ਬਾਅਦ ਕੈਂਟਰ ਚਾਲਕ ਕੈਂਟਰ ਛੱਡ ਕੇ ਮੌਕੇ ਤੋਂ ਫਰਾਰ ਹੋ ਗਿਆ। ਇਸ ਹਾਦਸੇ ਵਿਚ ਸੁਨੀਤਾ ਅਤੇ ਦਿਲਵਾਰਾ ਸਿੰਘ ਦੀ ਮੌਤ ਹੋ ਗਈ। ਇਸ ਹਾਦਸੇ ਵਿਚ ਹਰਵਿੰਦਰ ਕੌਰ, ਰਣਧੀਰ ਕੌਰ, ਗੁਰਮੀਤ ਕੌਰ, ਮੀਨਾਂ ਦੇਵੀ, ਅਰਸ਼ਦੀਪ ਕੌਰ ਅਤੇ ਰਮਨਦੀਪ ਕੌਰ, ਡਰਾਈਵਰ ਬਹਾਦਰ ਸਿੰਘ ਗੰਭੀਰ ਰੂਪ ਵਿਚ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਰਾਜਿੰਦਰਾ ਹਸਪਤਾਲ ਪਟਿਆਲਾ ਇਲਾਜ ਲਈ ਦਾਖਲ ਕਰਵਾਇਆ ਗਿਆ ਹੈ।

ਸੁਨੀਤਾ ਅਤੇ ਦਿਲਵਾਰਾ ਸਿੰਘ ਦੀਆਂ ਲਾਸ਼ਾਂ ਦਾ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਤੋਂ ਪੋਸਟਮਾਰਟਮ ਕਰਵਾ ਕੇ ਵਾਰਸਾਂ ਹਵਾਲੇ ਕਰ ਦਿੱਤੀਆਂ ਗਈਆਂ ਹਨ। ਕੈਂਟਰ ਚਾਲਕ ਖ਼ਿਲਾਫ ਥਾਣਾ ਮੂਲੇਪੁਰ ਵਿਖੇ ਵੱਖ-ਵੱਖ ਧਾਰਾਵਾਂ ਅਧੀਨ ਮਾਮਲਾ ਦਰਜ ਕਰ ਲਿਆ ਗਿਆ ਹੈ। ਇਸ ਮਾਮਲੇ ਦੀ ਜਾਂਚ ਸਬ ਇੰਸਪੈਕਟਰ ਬਲਵਿੰਦਰ ਸਿੰਘ ਕਰ ਰਹੇ ਹਨ।

# ਉਮੀਦਵਾਰਾਂ ਦੇ ਚੋਣ ਖਰਚਿਆਂ ਤੇ ਹਰ ਸਰਗਰਮੀ ਉਪਰ ਚੋਣ ਕਮਿਸ਼ਨ ਦੀ ਤਿੱਖੀ ਨਜ਼ਰ : ਮੀਤੂ ਅਗਰਵਾਲ

## ਖ਼ਰਚਾ ਆਬਜ਼ਰਵਰ ਵੱਲੋਂ ਉਮੀਦਵਾਰਾਂ ਦੇ ਖ਼ਰਚੇ 'ਤੇ ਨਿਗਰਾਨੀ ਰੱਖ ਰਹੀਆਂ ਟੀਮਾਂ ਨਾਲ ਅਹਿਮ ਬੈਠਕ

**ਪਟਿਆਲਾ, 15 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਚੋਣਾਂ-2024 ਦੌਰਾਨ ਲੋਕ ਸਭਾ ਹਲਕਾ ਪਟਿਆਲਾ-13 ਲਈ ਤਾਇਨਾਤ ਖ਼ਰਚਾ ਆਬਜ਼ਰਵਰ ਵਜੋਂ ਤਾਇਨਾਤ 2010 ਬੈਚ ਦੇ ਆਈ.ਆਰ.ਐਸ ਅਫ਼ਸਰ ਮੀਤੂ ਅਗਰਵਾਲ ਨੇ ਕਿਹਾ ਹੈ ਕਿ ਚੋਣ ਕਮਿਸ਼ਨ ਵੱਲੋਂ ਚੋਣ ਲੜ ਰਹੇ ਸਾਰੇ ਉਮੀਦਵਾਰਾਂ ਦੇ ਚੋਣ ਖ਼ਰਚਿਆਂ ਅਤੇ ਹਰੇਕ ਸਰਗਰਮੀ ਉਪਰ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ।




ਖ਼ਰਚਾ ਆਬਜ਼ਰਵਰ ਮੀਤੂ ਅਗਰਵਾਲ ਸਹਾਇਕ ਖ਼ਰਚਾ ਆਬਜ਼ਰਵਰਾਂ ਤੇ ਵੱਖ-ਵੱਖ ਟੀਮਾਂ ਦੇ ਨੋਡਲ ਅਫ਼ਸਰਾਂ ਨਾਲ ਬੈਠਕ ਕਰਦੇ ਹੋਏ। ਏ.ਡੀ.ਸੀ. ਕੰਚਨ ਤੇ ਐਸ.ਪੀ. ਮੁਹੰਮਦ ਸਰਫ਼ਰਾਜ ਆਲਮ ਤੇ ਹੋਰ ਅਧਿਕਾਰੀ ਵੀ ਨਜ਼ਰ ਆ ਰਹੇ ਹਨ।

ਮੀਤੂ ਅਗਰਵਾਲ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੁਲਿਸ, ਆਮਦਨ ਕਰ ਤੇ ਆਬਕਾਰੀ ਵਿਭਾਗਾਂ, ਸਹਾਇਕ ਖ਼ਰਚਾ ਅਬਜ਼ਰਵਰਾਂ, ਬੈਂਕਾਂ, ਸ਼ਿਕਾਇਤਾਂ, ਐਮ.ਸੀ.ਐਮ.ਸੀ., ਸੀ ਵਿਜਿਲ ਆਦਿ ਟੀਮਾਂ ਦੇ ਨੋਡਲ ਅਫ਼ਸਰਾਂ ਨਾਲ ਇੱਕ ਅਹਿਮ ਮੀਟਿੰਗ ਕਰਕੇ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈ ਰਹੇ ਸਨ। ਉਨ੍ਹਾਂ ਨੇ ਸਮੁੱਚੀ ਪ੍ਰਸ਼ਾਸ਼ਨਿਕ ਮਸ਼ੀਨਰੀ ਨੂੰ ਇੱਕ ਟੀਮ ਬਣਕੇ ਆਪਸੀ ਤਾਲਮੇਲ ਨਾਲ ਲੋਕ ਸਭਾ ਚੋਣਾਂ ਦੀ ਸਮੁੱਚੀ ਪ੍ਰਕ੍ਰਿਆ ਪਾਰਦਰਸ਼ੀ ਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹਨ ਦੀ ਹਦਾਇਤ ਕੀਤੀ।

ਰੋਜ਼ਾਨਾ ਰਿਪੋਰਟਾਂ ਸਮੇਂ ਸਿਰ ਭੇਜਣ 'ਤੇ ਜ਼ੋਰ ਦਿੰਦਿਆਂ ਖ਼ਰਚਾ ਅਬਜ਼ਰਵਰ ਨੇ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਉਮੀਦਵਾਰਾਂ ਦੇ ਚੋਣ ਲੜਨ ਲਈ ਨਿਯਮਾਂ ਮੁਤਾਬਕ ਖ਼ਰਚੇ 'ਤੇ ਪੂਰੀ ਨਿਗਰਾਨੀ 'ਚ ਕੋਈ ਢਿੱਲ ਨਾ ਵਰਤੀ ਜਾਵੇ। ਉਨ੍ਹਾਂ ਦੱਸਿਆ ਕਿ ਉਮੀਦਵਾਰਾਂ ਦੇ ਚੋਣ ਪ੍ਰਚਾਰ ਲਈ ਸਟਾਰ ਪ੍ਰਚਾਰਕ ਦੇ ਦੌਰੇ, ਚੋਣ ਮੀਟਿੰਗਾਂ, ਰੈਲੀਆਂ, ਰੋਡ ਸ਼ੋਅ ਆਦਿ 'ਤੇ ਜੀਪੀਐਸ ਲੱਗੀਆਂ ਗੱਡੀਆਂ ਨਾਲ ਸਟੈਟਿਕ ਸਰਵੈਲੈਂਸ ਵੀਡੀਓ ਤੇ ਉਡਣ ਦਸਤਿਆਂ ਦੀਆਂ ਟੀਮਾਂ ਰਾਹੀਂ ਨਜ਼ਰ ਰੱਖੀ ਜਾਵੇਗੀ ਅਤੇ ਸਾਰਾ ਖ਼ਰਚਾ ਸ਼ੈਡੋ ਰਜਿਸਟਰ 'ਚ ਦਰਜ ਕੀਤਾ ਜਾਵੇਗਾ।

ਮੀਤੂ ਅਗਰਵਾਲ ਨੇ ਚੋਣਾਂ ਲੜਨ ਵਾਲੇ ਉਮੀਦਵਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਚੋਣ ਕਮਿਸ਼ਨ ਵੱਲੋਂ ਨਿਸ਼ਚਿਤ ਖ਼ਰਚਾ ਹੱਦ 95 ਲੱਖ ਰੁਪਏ ਦੇ ਅੰਦਰ ਰਹਿ ਕੇ ਹੀ ਆਪਣੀਆਂ ਚੋਣ ਸਰਗਰਮੀਆਂ ਚਲਾਉਣ ਸਮੇਤ ਚੋਣ ਖ਼ਰਚੇ ਲਈ ਵੱਖਰਾ ਖਾਤਾ ਖੁਲਵਾਉਣ। ਉਮੀਦਵਾਰ ਕਿਸੇ ਵੈਂਡਰ ਨੂੰ ਨਗ਼ਦ ਅਦਾਇਗੀ ਨਹੀਂ ਕਰਨਗੇ ਸਗੋਂ ਅਦਾਇਗੀ ਬੈਂਕ ਰਾਹੀਂ ਹੀ ਹੋਵੇਗੀ।

ਜ਼ਿਲ੍ਹੇ ਅੰਦਰਲੀਆਂ ਸਮੂਹ ਬੈਂਕਾਂ ਨੂੰ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਕਿਸੇ ਖਾਤੇ 'ਚੋਂ ਇੱਕ ਲੱਖ ਰੁਪਏ ਜਾਂ ਇਸ ਤੋਂ ਵੱਧ ਦੀ ਨਕਦੀ ਕਢਵਾਉਣ ਅਤੇ ਜਮ੍ਹਾਂ ਕਰਵਾਉਣ ਦੀ ਸ਼ੱਕੀ ਜਾਂ ਅਸਧਾਰਨ ਕਾਰਵਾਈ ਦਾ ਪੂਰਾ ਵੇਰਵਾ ਰੱਖਣ ਅਤੇ ਇਸ ਸਬੰਧੀ ਰੋਜ਼ਾਨਾ ਰਿਪੋਰਟ ਭੇਜਣ। ਕਿਸੇ ਵੀ ਰਾਜਸੀ ਪਾਰਟੀ ਜਾਂ ਉਮੀਦਵਾਰ ਦੇ ਖਾਤੇ 'ਚ ਕਿਸੇ ਵੀ ਕਿਸਮ ਦੀ ਵੱਡੀ ਰਾਸ਼ੀ ਸ਼ੱਕੀ ਤੌਰ 'ਤੇ ਜਮ੍ਹਾ ਕਰਵਾਈ ਜਾਂ ਕਢਵਾਈ ਜਾਂਦੀ ਹੈ ਇਸ ਦੀ ਰਿਪੋਰਟ ਵੀ ਤੁਰੰਤ ਦਿੱਤੀ ਜਾਵੇ ਅਤੇ ਲੋੜੀਂਦੀ ਕਾਰਵਾਈ ਕਰਨੀ ਯਕੀਨੀ ਬਣਾਈ ਜਾਵੇ। 10 ਲੱਖ ਰੁਪਏ ਤੱਕ ਦੀ ਨਕਦੀ ਦੀ ਜਾਣਕਾਰੀ ਵੀ ਤੁਰੰਤ ਦਫ਼ਤਰ, ਜ਼ਿਲ੍ਹਾ ਚੋਣ ਅਫ਼ਸਰ ਤੇ ਆਮਦਨ ਕਰ ਵਿਭਾਗ ਦੇ ਨੋਡਲ ਅਫ਼ਸਰ ਨੂੰ ਦਿੱਤੀ ਜਾਵੇ। ਉਨ੍ਹਾਂ ਹੋਰ ਕਿਹਾ ਕਿ ਨਕਦੀ ਵੈਨਾਂ ਅਤੇ ਏ.ਟੀ.ਐਮਜ 'ਚ ਪੈਸੇ ਪਾਉਣ ਲਈ ਲਿਜਾਈ ਜਾ ਰਹੀ ਨਕਦ ਰਾਸ਼ੀ ਸਬੰਧੀ ਪੂਰੇ ਦਸਤਾਵੇਜ਼ ਤੇ ਸੁਰੱਖਿਆ ਦੇ ਇੰਤਜ਼ਾਮ ਬੈਂਕਾਂ ਦੀਆਂ ਤੇ ਨਿਜੀ ਕੰਪਨੀਆਂ ਦੀਆਂ ਗੱਡੀਆਂ 'ਚ ਹੋਣੇ ਵੀ ਯਕੀਨੀ ਬਣਾਏ ਜਾਣ। ਚੋਣਾਂ ਦੌਰਾਨ ਇੱਕ ਬੈਂਕ ਖਾਤੇ ਤੋਂ ਆਰ.ਟੀ.ਜੀ.ਐਸ. ਦੁਆਰਾ ਕਿਸੇ ਹਲਕੇ ਵਿੱਚ ਕਈ ਵਿਅਕਤੀਆਂ ਦੇ ਖਾਤਿਆਂ 'ਚ ਅਸਾਧਾਰਨ ਰਕਮ ਪਾਏ ਜਾਣ ਦੀ ਰਿਪੋਰਟ ਦਿੱਤੀ ਜਾਵੇ।

ਖ਼ਰਚਾ ਆਬਜ਼ਰਵਰ ਨੇ ਕਿਹਾ ਕਿ ਲੋਕ ਪ੍ਰਤੀਨਿੱਧਤਾ ਕਾਨੂੰਨ 1951 ਦੇ ਸੈਕਸ਼ਨ 77(1) ਮੁਤਾਬਕ ਹਰ ਉਮੀਦਵਾਰ ਨਾਮਜ਼ਦਗੀ ਦੀ ਤਰੀਕ ਤੋਂ ਲੈਕੇ ਵੋਟਾਂ ਦੇ ਨਤੀਜੇ ਦੇ ਐਲਾਨ ਤੱਕ ਆਪਣੇ ਚੋਣ ਖ਼ਰਚੇ ਦਾ ਹਿਸਾਬ ਕਿਤਾਬ ਰੱਖੇਗਾ ਅਤੇ ਲੇਖਾ ਰੱਖਣ ਦੀ ਅਸਫ਼ਲਤਾ ਆਈ.ਪੀ.ਸੀ. ਦੇ ਸੈਕਸ਼ਨ 171-1 ਅਧੀਨ ਚੋਣ ਜ਼ੁਰਮ ਹੈ ਅਤੇ ਖ਼ਰਚਾ ਤੈਅ ਸੀਮਾ ਤੋਂ ਉਪਰ ਖ਼ਰਚ ਕਰਨਾ ਵੀ ਆਰ.ਪੀ. ਐਕਟ ਦੇ ਸੈਕਸ਼ਨ 123 (6) ਦੇ ਪ੍ਰਸੰਗ 'ਚ ਭ੍ਰਿਸ਼ਟ ਕਾਰਵਾਈ ਹੈ। ਆਬਜ਼ਰਵਰ ਨੇ ਕਿਹਾ ਕਿ ਕਿਸੇ ਵੀ ਵੋਟਰ ਨੂੰ ਡਰਾਉਣ, ਧਮਕਾਉਣ, ਕਿਸੇ ਵੀ ਤਰ੍ਹਾਂ ਦਾ ਲਾਲਚ, ਕਿਸੇ ਨਸ਼ੇ, ਧੰਨ ਰਾਸ਼ੀ ਜਾਂ ਤੋਹਫ਼ੇ ਦੇ ਰੂਪ 'ਚ ਕੋਈ ਵਸਤੂ ਦੇਣ ਜਾਂ ਗ਼ੈਰ ਕਾਨੂੰਨੀ ਖਰਚਾ ਕਰਨ ਆਦਿ ਦੀ ਕਾਰਵਾਈ 'ਤੇ ਵੀ ਪੂਰੀ ਨਜ਼ਰ ਰੱਖੀ ਜਾ ਰਹੀ ਹੈ ਇਸ ਲਈ ਬੈਂਕਾਂ 'ਚੋਂ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਤੌਰ 'ਤੇ ਨਕਦੀ ਕਢਵਾਉਣ ਅਤੇ ਜਮ੍ਹਾਂ ਕਰਵਾਉਣ 'ਤੇ ਨਿਗ੍ਹਾ ਰੱਖਣ ਲਈ ਬੈਂਕ ਆਪਣੀ ਜ਼ੁੰਮੇਵਾਰੀ ਨਿਭਾਉਣ।

ਮੀਤੂ ਅਗਰਵਾਲ ਨੇ ਖ਼ਰਚੇ ਪੱਖੋਂ ਸੰਵੇਦਨਸ਼ੀਲ ਇਲਾਕਿਆਂ 'ਤੇ ਵਿਸ਼ੇਸ਼ ਨਿਗਰਾਨੀ ਰੱਖਣ ਦੇ ਸਖ਼ਤ ਨਿਰਦੇਸ਼ ਦਿੰਦਿਆਂ ਕਿਹਾ ਕਿ ਫਲਾਇੰਗ ਸਕੁਐਡ ਟੀਮਾਂ, ਸਟੈਟਿਕ ਸਰਵੇਲੈਂਸ ਟੀਮਾਂ, ਵੀਡੀਓ ਟੀਮਾਂ ਤੇ ਵੀਡੀਓ ਵਿਊਇੰਗ ਟੀਮਾਂ ਪੂਰੀ ਚੌਕਸੀ ਵਰਤਣ। ਉਨ੍ਹਾਂ ਨੇ ਆਬਕਾਰੀ ਤੇ ਆਮਦਨ ਕਰ ਵਿਭਾਗ ਨੂੰ ਨਾਜਾਇਜ਼ ਸ਼ਰਾਬ ਤੇ ਨਗ਼ਦੀ ਦੀ ਆਵਾਜਾਈ ਸਮੇਤ ਪੰਜਾਬ ਦੀ ਹਰਿਆਣਾ ਨਾਲ ਲੱਗਦੀਆਂ ਹੱਦਾਂ ਨੂੰ ਪੂਰੀ ਤਰ੍ਹਾਂ ਨਿਗਰਾਨੀ ਹੇਠ ਲਿਆਉਣ ਅਤੇ ਨਾਕਿਆਂ 'ਤੇ ਹੋਰ ਚੌਕਸੀ ਰੱਖਣ ਲਈ ਵੀ ਆਖਿਆ।

ਐਮ.ਸੀ.ਐਮ.ਸੀ. ਦੇ ਨੋਡਲ ਅਫ਼ਸਰ ਨੇ ਜਾਣਕਾਰੀ ਦਿੱਤੀ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਨਿਯਮਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਪੇਡ ਨਿਊਜ਼, ਫੇਕ ਨਿਊਜ਼ ਤੇ ਹੇਟ ਨਿਊਜ਼ ਸਮੇਤ ਸੋਸ਼ਲ ਮੀਡੀਆ ਤੇ ਇਲੈਕਟ੍ਰੋਨਿਕ ਮੀਡੀਆ ਸਮੇਤ ਹਰੇਕ ਸਿਆਸੀ ਪਾਰਟੀ ਤੇ ਉਮੀਦਵਾਰ ਦੇ ਸੋਸ਼ਲ ਮੀਡੀਆ ਖਾਤਿਆਂ 'ਤੇ ਨਿਗਰਾਨੀ ਲਈ ਐਮ.ਸੀ.ਐਮ.ਸੀ. ਪੂਰੀ ਚੌਕਸ ਹੈ।

# ਪਾਣੀ ਦੀ ਬੱਚਤ ਲਈ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਪੂਸਾ-44 ਕਿਸਮ ਦੀ ਕਾਸ਼ਤ 'ਤੇ ਪਾਬੰਦੀ ਲਾਉਣ ਦਾ ਫੈਸਲਾ

**ਚੰਡੀਗੜ੍ਹ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿਨੋ-ਦਿਨ ਡਿੱਗ ਰਿਹਾ ਧਰਤੀ ਹੇਠਲੇ ਪਾਣੀ ਦੇ ਪੱਧਰ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਜੇਕਰ ਧਰਤੀ ਹੇਠਲੇ ਪਾਣੀ ਨੂੰ ਨਾ ਬਚਾਇਆ ਗਿਆ ਤਾਂ ਪੰਜਾਬ 'ਚ ਵੱਡਾ ਸੰਕਟ ਪੈਦਾ ਹੋ ਜਾਵੇਗਾ। ਇਸ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੇ ਝੋਨੇ ਦੀ ਲੰਬੀ ਮਿਆਦ ਵਾਲੀ ਪੂਸਾ-44 ਕਿਸਮ ਦੀ ਕਾਸ਼ਤ 'ਤੇ ਪਾਬੰਦੀ ਲਗਾਉਣ ਦਾ ਫੈਸਲਾ ਕੀਤਾ ਹੈ, ਜੋ ਕਿ ਨਰਸਰੀ ਦੀ ਬਿਜਾਈ ਤੋਂ ਲੈ ਕੇ ਅਨਾਜ ਦੀ ਕਟਾਈ ਤੱਕ 155-160 ਦਿਨ ਲੈਂਦੀ ਹੈ। ਸੂਬਾ ਸਰਕਾਰ ਚਾਹੁੰਦੀ ਹੈ ਕਿ ਕਿਸਾਨ ਘੱਟ ਮਿਆਦ ਵਾਲੀਆਂ ਕਿਸਮਾਂ ਜਿਵੇਂ ਪੀ.ਆਰ.-126 ਬੀਜਣ, ਜੋ ਲਗਭਗ 125 ਦਿਨਾਂ 'ਚ ਪੱਕ ਜਾਂਦੀਆਂ ਹਨ ਅਤੇ ਘੱਟ ਪਾਣੀ ਦੀ ਖਪਤ ਕਰਦੀਆਂ ਹਨ। ਪੰਜਾਬ ਸਰਕਾਰ



ਨੇ ਝੋਨੇ ਦੀ ਬਿਜਾਈ ਲਈ 11 ਜੂਨ ਦਾ ਦਿਨ ਤੈਅ ਕੀਤਾ ਹੈ।

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਨੋਟੀਫਿਕੇਸ਼ਨ ਜਾਰੀ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਇਕ ਨੋਟੀਫਿਕੇਸ਼ਨ ਜਾਰੀ ਕਰਕੇ ਕਿਸਾਨਾਂ ਨੂੰ 11 ਜੂਨ ਨੂੰ ਝੋਨਾ ਬੀਜਣ ਦੀ ਅਪੀਲ ਕੀਤੀ ਹੈ। ਇਸ ਵਾਰ ਝੋਨੇ ਦੀ ਬਿਜਾਈ ਦੋ ਪੜਾਵਾਂ 'ਚ ਕੀਤੀ ਜਾਵੇਗੀ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਨੋਟੀਫਿਕੇਸ਼ਨ 'ਚ ਕਿਹਾ ਹੈ ਕਿ ਜੇਕਰ ਕਿਸਾਨ ਸਿੱਧੀ ਬਿਜਾਈ ਕਰਨਾ ਚਾਹੁੰਦੇ ਹਨ ਤਾਂ ਉਹ 15 ਮਈ ਤੋਂ ਸ਼ੁਰੂ ਕਰ ਸਕਦੇ ਹਨ। ਸਿੱਧੀ ਬਿਜਾਈ 'ਚ ਪਾਣੀ ਦੀ ਖ਼ਪਤ ਨਾਮਾਤਰ ਹੁੰਦੀ ਹੈ। ਇਸ ਦੇ ਨਾਲ ਹੀ ਪਾਵਰਕਾਮ ਨੇ ਕਿਸਾਨਾਂ ਨੂੰ ਅੱਠ ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣ ਦਾ ਭਰੋਸਾ ਵੀ ਦਿੱਤਾ ਹੈ। ਖੇਤੀਬਾੜੀ ਵਿਭਾਗ ਜਲੰਧਰ ਦੇ ਮੁੱਖ ਇੰਜੀਨੀਅਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਮੁਕਤਸਰ, ਬਠਿੰਡਾ, ਫਾਜ਼ਿਲਕਾ, ਫਰੀਦਕੋਟ, ਮਾਨਸਾ ਅਤੇ ਫਿਰੋਜ਼ਪੁਰ ਦੇ ਕਿਸਾਨਾਂ ਨੂੰ 11 ਜੂਨ ਤੋਂ ਝੋਨਾ ਲਾਉਣ ਦੀ ਇਜਾਜ਼ਤ ਦੇ ਦਿੱਤੀ ਹੈ।

# ਦਲ ਬਦਲੂਆਂ 'ਤੇ ਵਿਸ਼ਵਾਸ ਨਾ ਕਰੋ ਜਿਹਨਾਂ ਨੇ ਆਪਣੀ ਮਾਂ ਪਾਰਟੀ ਨੂੰ ਧੋਖਾ ਦਿੱਤਾ: ਸੁਖਬੀਰ ਸਿੰਘ ਬਾਦਲ

**ਪਟਿਆਲਾ/ਸਮਾਣਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਪੰਜਾਬੀਆਂ ਨੂੰ ਕਿਹਾ ਕਿ ਉਹ ਦਲ ਬਦਲੂਆਂ 'ਤੇ ਵਿਸ਼ਵਾਸ ਨਾ ਕਰਨ ਜਿਹਨਾਂ ਨੇ ਆਪਣੀ ਮਾਂ ਪਾਰਟੀ ਨੂੰ ਧੋਖਾ ਦਿੱਤਾ ਤੇ ਕਿਹਾ ਕਿ ਇਹਨਾਂ ਆਗੂਆਂ ਨੇ ਪਹਿਲਾਂ ਹੀ ਆਪਣੀ ਜ਼ਮੀਰ ਵੇਚ ਦਿੱਤੀ ਹੈ ਤੇ ਇਹਨਾਂ ਤੋਂ ਤੁਹਾਡੇ ਲਈ ਕੁਝ ਵੀ ਕਰਨ ਦੀ ਆਸ ਨਹੀਂ ਕੀਤੀ ਜਾ ਸਕਦੀ।

ਅਕਾਲੀ ਦਲ ਦੇ ਪ੍ਰਧਾਨ, ਜੋ ਇਥੇ ਪੰਜਾਬ ਬਚਾਓ ਯਾਤਰਾ ਤਹਿਤ ਸਾਬਕਾ ਮੰਤਰੀ ਸਰਦਾਰ ਸੁਰਜੀਤ ਸਿੰਘ ਰੱਖੜਾ ਦੇ ਨਾਲ ਰਲ ਕੇ ਸੀਨੀਅਰ ਆਗੂ ਐਨ ਕੇ ਸ਼ਰਮਾ ਦੇ ਹੱਕ ਵਿਚ ਚੋਣ ਪ੍ਰਚਾਰ ਕਰ ਰਹੇ ਸਨ, ਨੇ ਕਿਹਾ ਕਿ ਤਿੰਨੋਂ ਪਾਰਟੀਆਂ ਦੇ ਆਗੂ ਭਾਜਪਾ, ਕਾਂਗਰਸ ਤੇ ਆਮ ਆਦਮੀ ਪਾਰਟੀ (ਆਪ) ਦੇ ਆਗੂਆਂ ਕੋਲ ਕਾਰਗੁਜ਼ਾਰੀ ਦੇ ਨਾਂ 'ਤੇ ਵਿਖਾਉਣ ਵਾਸਤੇ ਕੱਖ ਨਹੀਂ ਹੈ। ਉਹਨਾਂ ਕਿਹਾ ਕਿ ਪ੍ਰਨੀਤ ਕੌਰ ਤੇ ਧਰਮਵੀਰ ਗਾਂਧੀ ਨੇ ਆਪੋ ਆਪਣੀ ਮਾਂ ਪਾਰਟੀ ਨੂੰ ਧੋਖਾ ਦਿੱਤਾ ਹੈ। ਅਜਿਹੇ ਆਗੂ ਤੁਹਾਨੂੰ ਫਿਰ ਧੋਖਾ ਦੇ ਸਕਦੇ ਹਨ ਤੇ ਇਸ ਵਾਰ ਇਹਨਾਂ ਦਾ ਚੋਣਾਂ ਵਿਚ ਹਾਰਨਾ ਜ਼ਰੂਰੀ ਹੈ।

ਸਰਦਾਰ ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਪਿਛਲੀ ਕਾਂਗਰਸ ਤੇ ਮੌਜੂਦਾ ਆਪ ਸਰਕਾਰ ਨੇ ਪੰਜਾਬੀਆਂ ਨਾਲ ਧੋਖਾ ਕੀਤਾ। ਉਹਨਾਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਸਰਕਾਰ ਨੇ ਕਿਸਾਨਾਂ ਨੂੰ ਪੂਰਨ ਕਰਜ਼ਾ ਮੁਆਫੀ ਅਤੇ ਘਰ-ਘਰ ਨੌਕਰੀ ਦਾ ਵਾਅਦਾ ਕੀਤਾ ਪਰ ਕੀਤਾ ਕੱਖ ਵੀ ਨਹੀਂ। ਉਹਨਾਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਤੇ ਪ੍ਰਨੀਤ ਕੌਰ ਨੇ ਪੰਜ ਸਾਲ ਤੱਕ ਸਰਕਾਰ ਚਲਾਉਣ ਦੇ ਬਾਵਜੂਦ ਪਟਿਆਲਾ ਵਿਚ ਇਕ ਵੀ ਵੱਡਾ ਬੁਨਿਆਦੀ ਢਾਂਚਾ ਪ੍ਰਾਜੈਕਟ ਨਹੀਂ ਲਿਆਂਦਾ।

ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਇਸੇ ਤਰੀਕੇ ਆਪ ਸਰਕਾਰ ਨੇ ਸਮਾਜ ਦੇ ਹਰ ਵਰਗ ਨਾਲ ਧੋਖਾ ਕੀਤਾ। ਇਸ ਸਰਕਾਰ ਨੇ ਸਾਰੀਆਂ ਫਸਲਾਂ 'ਤੇ ਪੰਜ ਮਿੰਟ ਵਿਚ ਐਮ ਐਸ ਪੀ ਦੇਣ ਦਾ ਵਾਅਦਾ ਕੀਤਾ ਪਰ ਕੀਤਾ ਕੱਖ ਵੀ ਨਹੀਂ। ਉਹਨਾਂ ਕਿਹਾ ਕਿ ਇਸਨੇ ਕਿਸਾਨਾਂ ਦੀਆਂ ਫਸਲਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦੇਣ ਤੋਂ ਵੀ ਟਾਲਾ ਵੱਟ ਲਿਆ। ਇਸਨੇ ਸਾਰੀਆਂ ਸਮਾਜ ਭਲਾਈ ਸਕੀਮਾਂ ਵਿਚ ਕਟੌਤੀ ਦੀ ਪ੍ਰਧਾਨਗੀ ਕੀਤੀ।

ਸਰਦਾਰ ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਲੋਕਾਂ ਦਾ ਮੁੱਖ ਮੰਤਰੀ ਭਗਵੰਤ ਮਾਨ ਤੋਂ ਵਿਸ਼ਵਾਸ ਉਠ ਗਿਆ ਹੈ ਤੇ ਲੋਕ ਉਹਨਾਂ ਨੂੰ ਸਿਰਫ ਇਕ ਸ਼ਰਾਬੀ ਹੀ ਸਮਝਦੇ ਹਨ ਜੋ ਸਸਤੇ ਤਮਾਸ਼ੇ ਕਰਦਾ ਹੈ।

ਉਹਨਾਂ ਕਿਹਾ ਕਿ ਲੋਕਾਂ ਨੇ ਵੀ ਮਹਿਸੂਸ ਕਰ ਲਿਆ ਹੈ ਕਿ ਆਪ ਤੇ ਕਾਂਗਰਸ ਇਕੋ ਸਿੱਕੇ ਦੇ ਦੋ ਪਹਿਲੂ ਹਨ ਤੇ ਦੋਵੇਂ ਪਾਰਟੀਆਂ ਦੋਸਤਾਨਾ ਮੈਚ ਖੇਡ ਰਹੀਆਂ ਹਨ ਕਿਉਂਕਿ ਉਹਨਾਂ ਦਾ ਕੌਮੀ ਪੱਧਰ 'ਤੇ ਗਠਜੋੜ ਹੈ।

ਲੋਕਾਂ ਨੂੰ ਐਨ ਕੇ ਸ਼ਰਮਾ ਦੀ ਉਮੀਦਵਾਰੀ ਦੀ ਹਮਾਇਤ ਕਰਨ ਦੀ ਜ਼ੋਰਦਾਰ ਅਪੀਲ ਕਰਦਿਆਂ ਉਹਨਾਂ ਕਿਹਾ ਕਿ ਅਕਾਲੀ ਦਲ ਦਾ ਉਮੀਦਵਾਰ ਜ਼ਮੀਨੀ ਪੱਧਰ ਨਾਲ ਜੁੜਿਆ ਆਗੂ ਹੈ ਜਿਸਦਾ ਸਮਾਜ ਸੇਵਾ ਵਿਚ ਵੱਡਾ ਰਿਕਾਰਡ ਹੈ।

# ਬਸਪਾ ਉਮੀਦਵਾਰ ਐਡਵੋਕੇਟ ਬਲਵਿੰਦਰ ਕੁਮਾਰ ਨੇ ਕੀਤਾ ਵੱਡਾ ਰੋਅ ਸ਼ੋਅ, ਨਾਮਜ਼ਦਗੀ ਪੱਤਰ ਦਾਖ਼ਲ ਕੀਤੇ

**ਜਲੰਧਰ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਬਸਪਾ ਦੇ ਜਲੰਧਰ ਲੋਕਸਭਾ ਸੀਟ ਤੋਂ ਉਮੀਦਵਾਰ ਐਡਵੋਕੇਟ ਬਲਵਿੰਦਰ ਕੁਮਾਰ ਨੇ ਅੱਜ ਲੋਕਾਂ ਦੇ ਭਾਰੀ ਇਕੱਠ ਵਿਚਕਾਰ ਨਾਮਜ਼ਦਗੀ ਪੱਤਰ ਦਾਖਲ ਕੀਤੇ। ਇਸ ਦੌਰਾਨ ਡੀਜੇ ’ਤੇ ‘ਐਮਪੀ ਬਲਵਿੰਦਰ ਚਾਹੀਦਾ’ ਗੀਤ ਗੂੰਜਦਾ ਰਿਹਾ, ਜਿਸ ’ਤੇ ਲੋਕਾਂ ਨੇ ਭੰਗੜਾ ਪਾਇਆ। ਇਸ ਦੌਰਾਨ ਲੋਕਾਂ ਨੇ ਫੁੱਲ ਬਰਸਾਏ ਤੇ ਸਵਾਗਤ ’ਚ ਐਡਵੋਕੇਟ ਬਲਵਿੰਦਰ ਕੁਮਾਰ ਨੂੰ ਹਾਰ ਪਾਏ। ਬਸਪਾ ਉਮੀਦਵਾਰ ਐਡਵੋਕੇਟ ਬਲਵਿੰਦਰ ਕੁਮਾਰ ਸਵੇਰੇ 10 ਵਜੇ ਲਾਡੋਵਾਲੀ ਰੋਡ ਵਿਖੇ ਪਹੁੰਚੇ, ਜਿੱਥੋਂ ਉਹ ਵੱਡੇ ਕਾਫਿਲੇ ਨਾਲ ਮਾਰਚ ਕਰਦੇ ਹੋਏ ਡੀਸੀ ਦਫਤਰ ਪਹੁੰਚੇ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਐਡਵੋਕੇਟ ਬਲਵਿੰਦਰ ਕੁਮਾਰ ਨੇ ਕਿਹਾ ਕਿ ਜਲੰਧਰ ਦੇ ਲੋਕਾਂ ਨੇ ਬਾਕੀ ਸਾਰੀਆਂ ਪਾਰਟੀਆਂ ਨੂੰ ਮੌਕਾ ਦਿੱਤਾ ਹੈ, ਪਰ ਉਹ ਪਾਰਟੀਆਂ ਸਰਕਾਰਾਂ ਬਣਾ ਕੇ ਲੋਕਾਂ ਨੂੰ ਇਲਾਜ, ਸਿੱਖਿਆ, ਰੁਜ਼ਗਾਰ ਤੇ ਇਨਸਾਫ ਨਹੀਂ ਦੇ ਸਕੀਆਂ। ਇਸ ਕਰਕੇ ਲੋਕਾਂ ’ਚ ਭਾਰੀ ਨਿਰਾਸ਼ਾ ਹੈ। ਐਡਵੋਕੇਟ ਬਲਵਿੰਦਰ ਕੁਮਾਰ ਨੇ ਅਪੀਲ ਕਰਦਿਆਂ ਕਿਹਾ ਕਿ ਜਲੰਧਰ ਦੇ ਲੋਕ ਉਨ੍ਹਾਂ ਨੂੰ ਇੱਕ ਮੌਕਾ ਜ਼ਰੂਰ ਦੇਣ। ਉਹ ਜਲੰਧਰ ’ਚ ਪੱਤਰਕਾਰ ਵੱਜੋਂ ਲੋਕਾਂ ਦੇ ਮੁੱਦੇ ਚੁੱਕਦੇ ਰਹੇ ਹਨ ਤੇ ਹੁਣ ਸਿਆਸਤ ’ਚ ਆ ਕੇ ਵੀ ਲੋਕ ਭਲਾਈ ਲਈ ਯਤਨਸ਼ੀਲ ਹਨ। ਪਿਛਲੀ ਲੋਕਸਭਾ ਚੋਣ ’ਚ ਉਨ੍ਹਾਂ ਨੂੰ ਜਲੰਧਰ ਤੋਂ 2 ਲੱਖ ਤੋਂ ਵੱਧ ਵੋਟ ਪਈ ਸੀ। ਉਦੋਂ ਤੋਂ ਲੈ ਕੇ ਹੁਣ ਤੱਕ ਦੇ ਪੰਜ ਸਾਲਾਂ ਦੌਰਾਨ ਉਨ੍ਹਾਂ ਨੇ ਲੋਕਾਂ ਲਈ ਲਗਾਤਾਰ ਕੰਮ ਕੀਤਾ ਤੇ ਉਨ੍ਹਾਂ ’ਤੇ ਵਿਸ਼ਵਾਸ ’ਤੇ ਖਰੇ ਉਤਰੇ। ਇਸ ਲਈ ਹੁਣ ਉਨ੍ਹਾਂ ਨੂੰ ਦੁੱਗਣਾ ਹੁੰਗਾਰਾ ਮਿਲ ਰਿਹਾ ਹੈ। ਐਡਵੋਕੇਟ ਬਲਵਿੰਦਰ ਕੁਮਾਰ ਨੇ ਕਿਹਾ ਕਿ ਉਨ੍ਹਾਂ ਨੇ ਜਲੰਧਰ ਦੇ ਲੋਕਾਂ ਦਾ ਵਿਸ਼ਵਾਸ ਜਿੱਤਿਆ ਹੈ ਤੇ ਹੁਣ ਉਨ੍ਹਾਂ ਦੇ ਸਮਰਥਨ ਦੀ ਬਦੌਲਤ ਇੱਥੋਂ ਜਿੱਤ ਵੀ ਪ੍ਰਾਪਤ ਕਰਨਗੇ।

# ਮੁੱਖ ਮੰਤਰੀ ਭਗਵੰਤ ਮਾਨ ਨੇ ਜੂਠਾ ਪਾਣੀ ਪੱਗ ’ਤੇ ਪਾ ਕੇ ਪੱਗ ਦੀ ਬੇਅਦਬੀ ਕੀਤੀ: ਚੰਨੀ

**ਜਲੰਧਰ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਜਲੰਧਰ ਲੋਕ ਸਭਾ ਹਲਕੇ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਨਾਮਜਦਗੀ ਪੱਤਰ ਦਾਖਲ ਕੀਤੇ ਗਏ। ਇਸ ਤੋਂ ਪਹਿਲਾ ਪੁੱਡਾ ਗਰਾਉਂਡ ਵਿੱਚ ਕਾਂਗਰਸ ਪਾਰਟੀ ਵੱਲੋਂ ਇੱਕ ਵੱਡੀ ਰੈਲੀ ਕੀਤੀ ਗਈ ਜਿਸ ਦੌਰਾਨ ਹਜਾਰਾ ਦੀ ਗਿਣਤੀ ਵਿੱਚ ਲੋਕ ਇਕੱਠੇ ਹੋਏ ਤੇ ਇਨਾਂ ਠਾਂਠਾ ਮਾਰਦੇ ਹਜਾਰਾ ਲੋਕਾਂ ਦੇ ਇਕੱਠ ਨੇ ਚਰਨਜੀਤ ਸਿੰਘ ਚੰਨੀ ਦੀ ਵੱਡੀ ਜਿੱਤ ਦੇ ਸੰਕੇਤ ਦੇ ਦਿੱਤੇ।ਇਸ ਤੋਂ ਪਹਿਲਾਂ ਚਰਨਜੀਤ ਸਿੰਘ ਚੰਨੀ ਭਗਵਾਨ ਪਰਸ਼ੂਰਾਮ ਜੀ ਦੇ ਮੰਦਿਰ ਅਤੇ ਗੁਰਦੁਆਰਾ ਮਾਡਲ ਟਾਊਨ ਵਿਖੇ ਨਤਮਸਤਕ ਹੋਏ।ਇਸ ਦੌਰਾਨ ਪੰਜਾਬ ਵਿਧਾਨ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਤੇ ਪੰਜਾਬ ਕਾਂਗਰਸ ਦੇ ਪ੍ਰਭਾਰੀ ਹਰੀਸ਼ ਚੋਧਰੀ ਵੀ ਵਿਸ਼ੇਸ਼ ਤੋਰ ਤੇ ਪਹੁੰਚੇ।ਜਦ ਕਿ ਵਿਧਾਇਕ ਰਾਣਾ ਗੁਰਜੀਤ ਸਿੰਘ ,ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ,ਪ੍ਰਗਟ ਸਿੰਘ,ਸੁਖਵਿੰਦਰ ਸਿੰਘ ਕੋਟਲੀ, ਬਾਵਾ ਹੈਨਰੀ, ਸਾਬਕਾ ਮੰਤਰੀ ਅਵਤਾਰ ਹੈਨਰੀ,ਸਾਬਕਾ ਵਿਧਾਇਕ ਰਜਿੰਦਰ ਸਿੰਘ ਬੇਰੀ,ਡਾ.ਨਵਜੋਤ ਦਾਹੀਆ ਅਤੇ ਸੇਵਾ ਮੁਕਤ ਐਅਪੀ ਰਜਿੰਦਰ ਸਿੰਘ ਵੱਡੇ ਕਾਫਲਿਆਂ ਦੇ ਨਾਲ ਇਸ ਰੈਲੀ ਵਿੱਚ ਪੁੱਜੇ।ਇਸ ਤੋਂ ਬਾਅਦ ਲੋਕਾਂ ਦੇ ਇੱਕ ਵੱਡੇ ਕਾਫਲੇ ਦੇ ਨਾਲ ਚਰਨਜੀਤ ਸਿੰਘ ਚੰਨੀ ਨਾਮਜਦਗੀ ਪੱਤਰ ਦਾਖਲ ਕਰਨ ਦੇ ਪੁੱਜੇ।ਕਾਂਗਰਸ ਪਾਰਟੀ ਵੱਲੋਂ ਕੀਤੀ ਗਈ ਰੈਲੀ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸ਼ਟੇਜ ਤੋਂ ਦੇਸ਼ ਦੇ ਸੰਵਿਧਾਨ ਨੂੰ ਬਚਾਉਣ ਦਾ ਹੋਕਾ ਦਿੱਤਾ। ਚੰਨੀ ਨੇ ਕਿਹਾ ਕਿ ਅੱਜ ਦੇਸ਼ ਦੇ ਸੰਵਿਧਾਨ ਅਤੇ ਪੰਜਾਬ ਦੀ ਹੋਂਦ ਨੂੰ ਭਾਜਪਾ ਤੋਂ ਖਤਰਾ ਹੈ ਤੇ ਸਾਡਾ ਸਵਿਧਾਨ ਬਦਲਣ ਦੀਆ ਕੋਝੀਆਂ ਸਾਜਿਸ਼ਾਂ ਚੱਲ ਰਹੀਆ ਹਨ।ਉਨਾਂ ਕਿਹਾ ਕਿ ਜੇਕਰ ਭਾਜਪਾ ਦੁਬਾਰਾ ਸੱਤਾ ਤੇ ਕਾਬਜ ਹੁੰਦੀ ਹੈ ਤਾਂ ਇਹ ਸੰਵਿਧਾਨ ਨੂੰ ਬਦਲੇਗੀ ਤੇ ਭਾਜਪਾ ਸੰਵਿਧਾਨ ਬਦਲਕੇ ਬਾਬਾ ਭੀਮ ਰਾਉ ਅੰਬੇਦਗਰ ਜੀ ਦੇ ਨਾਮ ਅਤੇ ਉਨਾਂ ਦੀ ਸੋਚ ਖਤਮ ਕਰਨਾ ਚਾਹੁੰਦੀ ਹੈ ਪਰ ਅਸੀ ਇਹ ਹੋਣ ਨਹੀਂ ਦੇਣਾ ਜਿਸ ਕਰਕੇ ਭਾਜਪਾ ਨੂੰ ਕੇਂਦਰ ਵਿੱਚ ਸੱਤਾ ਤੇ ਕਾਬਜ ਹੋਣ ਤੋਂ ਰੋਕਣਾ ਬਹੁਤ ਜਰੂਰੀ ਤੇ ਇਨਾਂ ਦੇ ਮਨਸੂਬੇ ਕਾਮਿਯਾਬ ਨਹੀਂ ਹੋਣ ਦਿੱਤੇ ਜਾਣਗੇ।

ਉਨਾਂ ਕਿਹਾ ਕਿ ਭਾਜਪਾ ਨੂੰ ਵੋਟ ਪਾਉਣਾ ਆਪਣੇ ਬੱਚਿਆਂ ਨੂੰ ਜਹਿਰ ਦੇਣ ਦੇ ਬਰਾਬਰ ਹੈ।ਚੰਨੀ ਨੇ ਕਿਹਾ ਕਿ ਅੱਜ ਜਲੰਧਰ ਵਿੱਚ ਅਮਨ ਕਾਨੂੰਨ ਦੀ ਸਥਿਤੀ ਦਾ ਬੁਰਾ ਹਾਲ ਹੈ। ਉਨਾਂ ਕਿਹਾ ਕਿ ਭਗਵੰਤ ਮਾਨ ਨੇ ਰਿੰਕੂ ਨੂੰ ਵਿਕਾਸ ਦਾ ਪਾਸਵਰਡ ਦਿੱਤਾ ਸੀ ਪਰ 10 ਮਹੀਨੇ ਵਿੱਚ ਰਿੰਕੂ ਨੇ ਜਲੰਧਰ ਦਾ ਕੁੱਝ ਸਵਾਰਿਆ ਤਾਂ ਨਹੀਂ ਉਲਟਾ ਭਗਵੰਤ ਮਾਨ ਦਾ ਪਾਸਵਰਡ ਲੈ ਕੇ ਭਾਜਪਾ ਵਿੱਚ ਸ਼ਾਮਲ ਹੋ ਗਿਆ। ਉਨਾਂ ਕਿਹਾ ਕਿ ਇਨਾਂ ਦਲ ਬਦਲੂ ਲੀਡਰਾਂ ਦਾ ਕੋਈ ਸ਼ਟੈਂਡ ਨਹੀ ਹੈ।

ਚੰਨੀ ਨੇ ਕਿਹਾ ਕਿ ਮੁੱਖ ਮੰਤਰੀ ਨੇ ਜੂਠਾ ਪਾਣੀ ਪੱਗ ਤੇ ਪਾ ਕੇ ਪੱਗ ਦੀ ਬੇਅਦਬੀ ਕੀਤੀ ਹੈ।ਚੰਨੀ ਨੇ ਕਿਹਾ ਕਿ ਐਨ.ਆਰ.ਆਈ ਭਰਾਵਾਂ ਨੇ ਦੁਆਬੇ ਦੀ ਤਰੱਕੀ ਵਿੱਚ ਵਡਮੁੱਲਾ ਯੋਗਦਾਨ ਪਾਇਆ ਹੈ ਤੇ ਉਨਾਂ ਨੂੰ ਪੰਜਾਬ ਵਿੱਚ ਰੈਂਡ ਕਾਰਪੇਟ ਮਿਲੇਗਾ ਜਦ ਕਿ ਉਨਾਂ ਨਾਲ ਕਿਸੇ ਕਿਸਮ ਦਾ ਧੋਖਾ ਨਹੀਂ ਹੋਣ ਦਿੱਤਾ ਜਾਵੇਗਾ।ਉਹਨਾਂ ਕਿਹਾ ਕਿ ਅੱਜ ਹਰ ਮੁਲਾਜਮ ਕਾਂਗਰਸ ਦੇ ਹੱਕ ਵਿੱਚ ਵੋਟ ਪਾਉਣ ਲਈ ਤਿਆਰ ਬੈਠਾ ਹੈ। ਚੰਨੀ ਨੇ ਕਿਹਾ ਕਿ ਇਥੋਂ ਦੇ ਲੀਡਰ ਦੜਾ ਸੱਟਾ ਤੇ ਲਾਟਰੀ ਕਾਰੋਬਾਰ ਚਲਾ ਰਹੇ ਹਨ ਤੇ ਨਸ਼ੇ ਦੀ ਸਪਲਾਈ ਵਿੱਚ ਵੀ ਇਨਾਂ ਦੀ ਹੀ ਸ੍ਰਪਸਤੀ ਹੈ। ਉਨਾਂ ਕਿਹਾ ਕਿ ਜਦੋਂ ਉਨਾਂ ਜਲੰਧਰ ਵਿੱਚ ਆ ਕੇ ਨਸ਼ੇ ਦਾ ਰੋਲਾ ਪਾਇਆ ਤਾਂ ਉਸ ਤੋਂ ਬਾਅਦ ਪੁਲਿਸ ਨੇ ਨਸ਼ੇ ਦੇ ਤਸਕਰਾਂ ਨੂੰ ਪਕੜਨਾ ਸ਼ੁਰੂ ਕੀਤਾ ਤੇ ਸੱਚ ਸਾਹਮਣੇ ਆਇਆ ਕਿ ਫੜੇ ਗਏ ਤਸਕਰਾਂ ਦੇ ਸਬੰਧ ਆਮ ਆਦਮੀ ਪਾਰਟੀ ਤੇ ਭਾਜਪਾ ਦੇ ਇਨਾਂ ਲੀਡਰਾਂ ਨਾਲ ਹਨ।

# ਸਾਹਿਤ ਕਲਸ਼ ਪਟਿਆਲਾ ਵੱਲੋਂ ਅੰਗਦਾਨ ਅਤੇ ਵੋਟਿੰਗ ਸਬੰਧੀ ਕਵੀ ਸੰਮੇਲਨ ਕਰਵਾਇਆ ਗਿਆ

**ਪਟਿਆਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸਾਹਿਤ ਕਲਸ਼ ਪਰਿਵਾਰ ਦੀ ਮਾਸਿਕ ਇਕੱਤਰਤਾ ਗ੍ਰੀਨਵੈੱਲ ਹਾਈ ਸਕੂਲ ਰਾਘੋ ਮਾਜਰਾ, ਪਟਿਆਲਾ ਦੇ ਵਿਹੜੇ ਵਿੱਚ ਕਰਵਾਈ ਗਈ, ਜਿਸ ਵਿੱਚ ਵੱਖ-ਵੱਖ ਰਾਜਾਂ ਤੋਂ ਆਏ ਚਾਲੀ ਕਵੀਆਂ ਦੀਆਂ ਰਚਨਾਵਾਂ ਨਾਲ ਸਬ ਨੂੰ ਨਿਹਾਲ ਕੀਤਾ।

ਮੰਚ ਦੀ ਸ਼ੋਭਾ ਵਧਾਉਣ ਲਈ ਸਤਿਕਾਰਯੋਗ ਦਿਨੇਸ਼ ਸੂਦ, ਡਾ: ਦਰਸ਼ਨ ਸਿੰਘ ਆਸ਼ਠ, ਦਿਨੇਸ਼ ਦੇਵਘਰੀਆ, ਪਵਨ ਗੋਇਲ, ਮੰਜੂ ਮੇਮ, ਡਾ: ਐੱਸ.ਐੱਸ. ਰੇਖੀ, ਸਤਿੰਦਰਪਾਲ ਕੌਰ ਵਾਲੀਆ, ਰਾਕੇਸ਼ ਬੈਂਸ ਅਤੇ ਸਾਹਿਤ ਕਲਸ਼ ਪਰਿਵਾਰ ਦੇ ਸੰਸਥਾਪਕ ਸਾਗਰ ਸੂਦ ਮੁੱਖ ਤੌਰ ’ਤੇ ਹਾਜ਼ਰ ਸਨ। ਮੰਚ ਸੰਚਾਲਨ ਮਨੂ ਵੈਸ਼ਿਆ ਨੇ ਕੀਤਾ।ਦਿਨੇਸ਼ ਸੂਦ ਅਤੇ ਰਾਕੇਸ਼ ਬੈਂਸ ਨੇ ਅੰਗਦਾਨ ਸਬੰਧੀ ਸਾਰਿਆਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਸਾਨੂੰ ਮਰਨ ਉਪਰੰਤ ਆਪਣੇ ਅੰਗ ਦਾਨ ਕਰਕੇ ਦੂਜਿਆਂ ਨੂੰ ਜੀਵਨ ਦੇਣਾ ਚਾਹੀਦਾ ਹੈ। ਪਵਨ ਗੋਇਲ ਅਤੇ ਡਾ.ਐਸ.ਐਸ.ਰੇਖੀ ਜੀ ਨੇ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਨ।

ਇਹ ਸਾਡਾ ਹੱਕ ਹੈ ਅਤੇ ਦੇਸ਼ ਪ੍ਰਤੀ ਸਾਡਾ ਫਰਜ਼ ਵੀ ਹੈ।ਇਸ ਕਵੀ ਸੰਮੇਲਨ ਵਿਚ ਵਰਿੰਦਰ ਕੌਰ, ਪੁਨੀਤ ਗੋਇਲ, ਬਲਜਿੰਦਰ ਸਰੋਏ, ਸ਼ਰਵਣ ਵਰਮਾ, ਵਿਜੇ ਕੁਮਾਰ, ਸੰਜੇ ਦਰਦੀ ਚੋਪੜਾ, ਪਰਵਿੰਦਰ ਸ਼ੋਖ, ਸਤੀਸ਼ ਬਾਵਾ, ਸਤਨਾਮ ਸਿੰਘ, ਰਣਜੀਤ ਆਜ਼ਾਦ ਕਾਂਝਲਾ, ਜਯਾ ਸੂਦ, ਕੁਲਵਿੰਦਰ ਕੁਮਾਰ, ਡਾ: ਸੀਮਾ ਭਾਟੀਆ, ਡਾ: ਵੰਦਨਾ, ਸਤਨਾਮ ਸਿੰਘ ਮੱਟੂ, ਨਦੀਮ ਖਾਨ, ਵੀਨਾ ਸੂਦ, ਅਲਕਾ ਅਰੋੜਾ, ਸੁਰਜੀਤ ਸਿੰਘ, ਆਰ ਪੀ ਗੁਲਾਟੀ, ਅਨੁਪ੍ਰੀਤ ਭੱਟੀ, ਕੁਲਦੀਪ ਕੌਰ ਧੰਜੂ, ਤੇਜਿੰਦਰ ਅਣਜਾਣਾ, ਸਰਿਤਾ ਨੌਹਰੀਆ, ਦਵਿੰਦਰ ਪਟਿਆਲਵੀ, ਕ੍ਰਿਸ਼ਨ ਲਾਲ ਧੀਮਾਨ, ਰਾਜ ਸੂਦ, ਕ੍ਰਿਸ਼ਨਾ ਸੂਦ, ਪੁਲਕੀਤ ਗੁਪਤਾ, ਜੇ. ਜੀ. ਸ਼ਰਮਾ, ਨਵੀ ਮਿੱਤਲ, ਨਮਨ ਜਿੰਦਲ, ਰਾਜੇਸ਼ ਕੋਟੀਆ, ਪੂਰਨ ਸਵਾਮੀ, ਦਲੀਪ ਸਿੰਘ, ਪ੍ਰਵੀਨ ਵਰਮਾ ਅਤੇ ਭੀਮ ਸੈਨ ਮੌਦਗਿਲ ਨੇ ਆਪਣੀਆਂ ਰਚਨਾਵਾਂ ਨਾਲ ਸਭ ਨੂੰ ਮੋਹ ਲਿਆ।

# ਡੇਮੋਕ੍ਰੇਟਿਕ ਟੀਚਰਜ਼ .ਫਰੰਟ ਫਾਜ਼ਿਲਕਾ ਬਲਾਕ-1 ਦੀ ਚੋਣ ਹੋਈ ਸੰਪੰਨ



**ਫਾਜ਼ਿਲਕਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡੀ. ਟੀ. ਐਫ.ਫਾਜ਼ਿਲਕਾ ਬਲਾਕ-1 ਦੀ ਕਮੇਟੀ ਦੀ ਚੋਣ ਸਥਾਨਕ ਹੋਟਲ ਵਿੱਖੇ ਚੋਣ ਕੀਤੀ ਗਈ।ਇਸ ਤੋਂ ਪਹਿਲਾਂ ਅਧਿਆਪਕਾਂ ਦੀ ਮੈਂਬਰਸ਼ਿਪ ਕੀਤੀ ਗਈ ਸੀ।ਮੈਂਬਰਸ਼ਿਪ ਦੇ ਅਧਾਰ ਤੇ ਕਮੇਟੀ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ।ਇਸ ਦੌਰਾਨ ਭਾਰਤ ਭੂਸ਼ਣ ਬਲਾਕ ਪ੍ਰਧਾਨ ਅਤੇ ਸਕੱਤਰ ਵਜੋਂ ਪੂਨਮ ਮੈਣੀ,ਮੀਤ ਪ੍ਰਧਾਨ ਰਣਜੀਤ ਡੱਬਵਾਲਾ, ਵਿੱਤ ਸਕੱਤਰ ਅਮਰਲਾਲ,ਪ੍ਰੈੱਸ ਸਕੱਤਰ ਸੰਜੀਵ ਯਾਦਵ, ਇਹਨਾਂ ਤੋਂ ਇਲਾਵਾ ਜਗਦੀਸ਼ ਲਾਲ,ਸੰਜੀਵ ਛਾਬੜਾ, ਰਣਜੀਤ ਝੋਟਿਆਂ ਵਾਲੀ,ਨੀਲਮ ਰਾਣੀ, ਅਭੈ ਸ਼ਰਮਾ, ਭੀਮਸੈਨ,ਮਹਿੰਦਰ ਕੌੜਿਆਂ ਵਾਲੀ,ਸੁਨੀਲ ਕੁਮਾਰ ਕਮੇਟੀ ਮੈਂਬਰ ਵਜੋਂ ਚੁਣੇ ਗਏ।ਆਉਣੇ ਵਾਲੇ ਦਿਨਾਂ ਵਿਚ ਕਮੇਟੀ ਦਾ ਵਿਸਥਾਰ ਕੀਤਾ ਜਾਵੇਗਾ।

ਇਸ ਮੌਕੇ ਬਲਜਿੰਦਰ ਗਰੇਵਾਲ ਚੋਣ ਅਬਜ਼ਰਵਰ ਦੇ ਤੋਰ ਤੇ ਹਾਜਰ ਰਹੇ।

ਜਿਲ੍ਹਾ ਪ੍ਰਧਾਨ ਮਹਿੰਦਰ ਕੌੜਿਆਂ ਵਾਲੀ ਅਤੇ ਜਗਦੀਸ਼ ਲਾਲ ਨੇ ਬੋਲਦਿਆਂ ਕਿਹਾ ਕਿ ਅੱਜ ਦੇ ਸਮੇਂ ਵਿਚ ਸਿੱਖਿਆ ਨੂੰ ਬਚਾਉਣ ਦੀ ਅਹਿਮ ਲੜਾਈ ਹੈ,ਕਿਉਂਕਿ ਸਿੱਖਿਆ ਲਗਾਤਰ ਕਾਰਪੋਰੇਟ ਦੇ ਹਿੱਤਾਂ ਨੂੰ ਪੂਰਨ ਵਾਲੀ ਬਣਦੀ ਜਾ ਰਹੀ ਹੈ।÷ਸਿੱਖਿਆ ਵਿਚਾਰੀ,ਤਾਂ ਪਰਉਪਕਾਰੀ÷ ਦਾ ਵਿਚਾਰ ਅਲੋਪ ਹੁੰਦਾ ਜਾ ਰਿਹਾ ਹੈ, ਜਿਸ ਕਾਰਣ ਗਰੀਬ ਬੱਚਿਆਂ ਲਈ ਸਿੱਖਿਆ ਇਕ ਮਜ਼ਾਕ ਬਣ ਕੇ ਰਹਿ ਗਿਆ ਹੈ।

ਸਿੱਖਿਆ ਨੀਤੀ 2020 ਦੇਸ਼ ਬਹੁਕੌਮੀ ਸੱਭਿਅਤਾ ਨੂੰ ਨਸ਼ਟ ਕਰਕੇ ਇਕ ਦੇਸ਼ ਇਕ ਧਰਮ ਦੇ ਪੱਖ ਪੂਰਦੀ ਹੈ। ਜੋ ਪੂਰੇ ਦੇਸ਼ ਲਈ ਖਤਰਾ ਹੈ।ਰਣਜੀਤ ਡੱਬਵਾਲਾ ਅਤੇ ਵਰਿੰਦਰ ਕੁੱਕੜ ਨੇ ਕਿਹਾ ਕਿ ਸਕੂਲੀ ਸਿੱਖਿਆ ਨੂੰ ਬਚਾਉਣ ਲਈ ਡੀ ਟੀ ਐਫ ਦਾ ਮਜਬੂਤ ਹੋਣਾ ਬਹੁਤ ਜਰੂਰੀ ਹੈ। ਇਸ ਮੌਕੇ ਗੁਰਵਿੰਦਰ ਸਿੰਘ, ਹਰੀਸ਼ ਕੁਮਾਰ,ਮਨਦੀਪ ਸਿੰਘ, ਨੀਤੂ ਬਾਲਾ, ਸਸ਼ੀ ਬਾਲਾ,ਅਮਿਤਾ ਸ਼ਰਮਾ,ਸੁਨੀਤਾ ਰਾਣੀ, ਨਵਜੋਤ ਕੰਬੋਜ, ਰਾਕੇਸ਼ ਕੰਬੋਜ, ਸੁਭਾਸ਼ ਚੰਦਰ, ਪਿਯੂਸ਼ ਸ਼ਰਮਾ ਅਤੇ ਹੋਰਨਾਂ ਹਾਜਰ ਸਨ।

# ਜਲੰਧਰ ਦੇ ਵੋਟਰ ਭਾਜਪਾ ਨੂੰ ਵੱਡੀ ਲੀਡ ਨਾਲ ਜਿਤਾਉਣ, ਹਲਕਾ ਦਾ ਸਰਵਪੱਖੀ ਵਿਕਾਸ ਕਰਾਂਗੇ: ਗਜੇਂਦਰ ਸਿੰਘ ਸ਼ੇਖਾਵਤ

## ਭਾਜਪਾ ਉਮੀਦਵਾਰ ਸੁਸ਼ੀਲ ਰਿੰਕੂ ਦੀ ਨਾਮਜ਼ਦਗੀ ’ਤੇ ਇਕੱਠੀ ਹੋਈ ਭੀੜ ਨੇ ਵਿਰੋਧੀ ਪਾਰਟੀਆਂ ਨੂੰ ਕੀਤਾ ਹੈਰਾਨ

**ਜਲੰਧਰ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਰਤੀ ਜਨਤਾ ਪਾਰਟੀ (ਭਾਜਪਾ) ਜਲੰਧਰ ਤੋਂ ਲੋਕ ਸਭਾ ਉਮੀਦਵਾਰ ਸੁਸ਼ੀਲ ਰਿੰਕੂ ਦੀ ਨਾਮਜ਼ਦਗੀ ਨੂੰ ਲੈ ਕੇ ਜਿਸ ਤਰ੍ਹਾਂ ਸ਼ਹਿਰ ਦੇ ਲੋਕ ਅਤੇ ਵਰਕਰ ਵੱਡੀ ਗਿਣਤੀ ’ਚ ਬਾਹਰ ਨਿਕਲੇ, ਇਸ ਨਾਲ ਨਾ ਸਿਰਫ ਭਾਜਪਾ ਵਰਕਰਾਂ ਦਾ ਮਨੋਬਲ ਵਧਿਆ ਹੈ, ਸਗੋਂ ਉਨ੍ਹਾਂ ਦਾ ਮਨੋਬਲ ਵੀ ਉੱਚਾ ਹੋਇਆ ਹੈ। ਵਿਰੋਧੀ ਪਾਰਟੀਆਂ ਦੇ ਹੋਸ਼ ਉੱਡ ਗਏ ਇਸ ਮੌਕੇ ਜਿੱਥੇ ਭਾਰਤੀ ਜਨਤਾ ਪਾਰਟੀ ਵੱਲੋਂ ਵਜਾਏ ਢੋਲ ਕਾਰਨ ਹਰ ਪਾਸੇ ਰਿੰਕੂ ਰਿੰਕੂ ਦੇ ਜੈਕਾਰੇ ਗੂੰਜ ਰਹੇ ਸਨ, ਉੱਥੇ ਹੀ ਵੱਡੀ ਗਿਣਤੀ ਵਿੱਚ ਵਰਕਰਾਂ ਅਤੇ ਆਮ ਲੋਕਾਂ ਨੇ ਸ਼ਮੂਲੀਅਤ ਕਰਕੇ ਵਿਰੋਧੀ ਧਿਰ ਨੂੰ ਮਾਤ ਦਿੱਤੀ। ਇਸ ਨਾਮਜ਼ਦਗੀ ਪ੍ਰੋਗਰਾਮ ਵਿੱਚ ਇੱਕ ਤਰ੍ਹਾਂ ਨਾਲ ਭਾਜਪਾ ਨੇ ਆਪਣਾ ਸ਼ਕਤੀ ਪ੍ਰਦਰਸ਼ਨ ਕੀਤਾ ਅਤੇ ਇਹ ਨਾਮਜ਼ਦਗੀ ਪ੍ਰੋਗਰਾਮ ਪਹਿਲਾਂ ਡੀਸੀ ਦਫ਼ਤਰ ਪਹੁੰਚ ਕੇ ਸਮਾਪਤ ਹੋਇਆ ਅਤੇ ਫਿਰ ਸੁਸ਼ੀਲ ਰਿੰਕੂ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਲਈ ਡੀਸੀ ਦਫ਼ਤਰ ਲਈ ਰਵਾਨਾ ਹੋਏ। ਦੇ ਕੌਮੀ ਕਾਰਜਕਾਰਨੀ ਮੈਂਬਰ ਮਨੋਰੰਜਨ ਕਾਲੀਆ, ਸੂਬਾ ਜਨਰਲ ਸਕੱਤਰ ਰਾਕੇਸ਼ ਰਾਠੌਰ, ਸੂਬਾ ਮੀਤ ਪ੍ਰਧਾਨ ਕੇਡੀ ਭੰਡਾਰੀ ਅਤੇ ਰਾਜੇਸ਼ ਬਾਘਾ, ਸਾਬਕਾ ਸੀਪੀਐਸ ਅਵਿਨਾਸ਼ ਚੰਦਰ, ਕਰਮਜੀਤ ਕੌਰ ਚੌਧਰੀ, ਸੂਬਾ ਮੀਡੀਆ ਕਨਵੀਨਰ ਰਾਕੇਸ਼ ਗੋਇਲ, ਧਰੁਵ ਵਧਵਾ, ਰਾਜਨ ਅੰਗੁਰਲ, ਸੁਨੀਤਾ ਰਿੰਕੂ, ਦੇਹਤ ਪ੍ਰਧਾਨ ਰੰਜੀਤ ਪਵਾਰ ਸ਼ਾਮਲ ਸਨ ਆਦਿ ਹਾਜ਼ਰ ਸਨ, ਇਸ ਮੌਕੇ ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਬਿਨਾਂ ਕਿਸੇ ਭੇਦਭਾਵ ਦੇ ਦੇਸ਼ ਦਾ ਵਿਕਾਸ ਕਰ ਰਹੀ ਹੈ ਅਤੇ ਕੇਂਦਰ ਦੀਆਂ ਲਾਭਕਾਰੀ ਸਕੀਮਾਂ ਨੂੰ ਲਾਗੂ ਕਰ ਰਹੀ ਹੈ ਉਨ੍ਹਾਂ ਕਿਹਾ ਕਿ ਭਾਜਪਾ ਦੇ ਉਮੀਦਵਾਰ ਸੁਸ਼ੀਲ ਰਿੰਕੂ ਨੂੰ ਵੱਡੀ ਲੀਡ ਨਾਲ ਜਿਤਾਵਾਂਗੇ ਅਤੇ ਹਲਕੇ ਦਾ ਸਰਬਪੱਖੀ ਵਿਕਾਸ ਕਰਾਂਗੇ ਅਤੇ ਵਿਰੋਧੀ ਪਾਰਟੀਆਂ ਨੂੰ ਨੀਂਦ ਦੀਆਂ ਰਾਤਾਂ ਦਿੱਤੀਆਂ ਹਨ।ਉਨ੍ਹਾਂ ਕਿਹਾ ਕਿ ਜਲੰਧਰ ਲੋਕ ਸਭਾ ਤੋਂ ਭਾਜਪਾ ਦੀ ਜਿੱਤ ਨਿਸ਼ਚਿਤ ਹੈ, ਸਿਰਫ ਐਲਾਨ ਹੋਣਾ ਬਾਕੀ ਹੈ, ਉਨ੍ਹਾਂ ਕਿਹਾ ਕਿ ਜਲੰਧਰ ਦੇ ਲੋਕਾਂ ਅਤੇ ਵਰਕਰਾਂ ਵੱਲੋਂ ਮਿਲੇ ਭਰਵੇਂ ਸਮਰਥਨ ਤੋਂ ਹਰ ਕੋਈ ਖੁਸ਼ ਹੈ ਅਤੇ ਲੋਕਾਂ ਨੇ ਦੱਸਿਆ ਕਿ ਭਾਜਪਾ ਉਮੀਦਵਾਰ ਸੁਸ਼ੀਲ ਰਿੰਕੂ ਸ. ਜਲੰਧਰ ਲੋਕ ਸਭਾ ਹਲਕੇ ਤੋਂ ਅਸੀਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵੱਡੀ ਲੀਡ ਨਾਲ ਜਿਤਾ ਕੇ ਲੋਕ ਸਭਾ ਵਿੱਚ ਭੇਜਾਂਗੇ।ਇਸ ਮੌਕੇ ਸੁਸ਼ੀਲ ਰਿੰਕੂ ਨੇ ਲੋਕਾਂ ਅਤੇ ਭਾਜਪਾ ਵਰਕਰਾਂ ਦਾ ਧੰਨਵਾਦ ਕੀਤਾ ਉਨ੍ਹਾਂ ਨੇ ਜਲੰਧਰ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਉਹ ਜਨਤਾ ਦੀ ਸੇਵਾ ਲਈ ਹਮੇਸ਼ਾ ਵਚਨਬੱਧ ਹਨ, ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਨਾਲ ਜਲੰਧਰ ’ਚ ਅਮਨ-ਕਾਨੂੰਨ ਦਾ ਮਾਹੌਲ ਖਰਾਬ ਹੋ ਰਿਹਾ ਹੈ, ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਹੋਏ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕਾਂਗਰਸ ਦਾ ਕਾਰਜਕਾਲ ਅਤੇ ਹੁਣ ‘ਆਪ’ ਸਰਕਾਰ ਦੇ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਜਲੰਧਰ ਦਾ ਵਿਕਾਸ ਠੱਪ ਹੋ ਗਿਆ ਹੈ, ਇਸ ਸਭ ਤੋਂ ਛੁਟਕਾਰਾ ਪਾਉਣ ਲਈ ਜਲੰਧਰ ਤੋਂ ਭਾਜਪਾ ਨੂੰ ਜਿਤਾਓ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭਾਰੀ ਬਹੁਮਤ ਨਾਲ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਜਲੰਧਰ ਦੇ ਲੋਕਾਂ ਨੇ ਕਾਂਗਰਸ ਅਤੇ ਆਪ ਪਾਰਟੀ ਦਾ ਕਾਰਜਕਾਲ ਦੇਖ ਲਿਆ ਹੈ ਅਤੇ ਲੋਕ ਹੁਣ ਸਮਝ ਚੁੱਕੇ ਹਨ ਕਿ ਜਲੰਧਰ ਦਾ ਭਵਿੱਖ ਅਤੇ ਤਰੱਕੀ ਸਿਰਫ਼ ਭਾਰਤੀ ਜਨਤਾ ਪਾਰਟੀ ਦੇ ਹੱਥਾਂ ਵਿੱਚ ਹੈ। ਇਸ ਲਈ ਲੋਕ ਹੁਣ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਅਤੇ ਯੋਜਨਾਵਾਂ ਤੋਂ ਪੂਰੀ ਤਰ੍ਹਾਂ ਪ੍ਰਭਾਵਿਤ ਹਨ ਅਤੇ ਪ੍ਰਧਾਨ ਮੰਤਰੀ ਦੇ ਹੱਥ ਮਜ਼ਬੂਤ ਕਰਨ ਲਈ ਤਿਆਰ ਹਨ, ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ, ਰਾਜੇਸ਼ ਕਪੂਰ, ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ। ਕਾਲੀਆ, ਦਵਿੰਦਰ ਭਾਰਦਵਾਜ, ਗੁਰਿੰਦਰ ਸਿੰਘ ਲਾਂਬਾ, ਭੁਪਿੰਦਰ ਕੁਮਾਰ, ਦਰਸ਼ਨ ਭਗਤ, ਮੁਨੀਸ਼ ਵਿੱਜ, ਜ਼ਿਲ੍ਹਾ ਸਕੱਤਰ ਅਜੇ ਚੋਪੜਾ, ਸ਼ਾਮ ਸ਼ਰਮਾ, ਅਸ਼ਵਨੀ ਅਟਵਾਲ, ਗੌਰਵ ਮਹੇ, ਅਨੂ ਸ਼ਰਮਾ, ਮੀਨੂੰ ਸ਼ਰਮਾ, ਅਮਿਤ ਭਾਟੀਆ, ਜ਼ਿਲ੍ਹਾ ਕੈਸ਼ੀਅਰ ਹਿਤੇਸ਼ ਸਿਆਲ, ਦਫ਼ਤਰ ਇੰਚਾਰਜ ਸ. ਗੋਪਾਲ ਕ੍ਰਿਸ਼ਨ ਸੋਨੀ, ਦਫ਼ਤਰ ਇੰਚਾਰਜ ਯੋਗੇਸ਼ ਮਲਹੋਤਰਾ, ਜ਼ਿਲ੍ਹਾ ਬੁਲਾਰੇ ਸੰਨੀ ਸ਼ਰਮਾ, ਲੋਕ ਸਭਾ ਮੀਡੀਆ ਤਰੁਣ ਕੁਮਾਰ ਅਤੇ ਅਮਿਤ ਭਾਟੀਆ, ਡਿੰਪੀ ਲੁਬਾਣਾ, ਅਮਰਜੀਤ ਸਿੰਘ ਅਮਰੀ, ਮੰਡਲ ਪ੍ਰਧਾਨਾਂ ਵਿੱਚ ਰਾਜੇਸ਼ ਮਲਹੋਤਰਾ, ਕੁਲਵੰਤ ਸ਼ਰਮਾ, ਗੁਰਪ੍ਰੀਤ ਵਿੱਕੀ, ਅਸ਼ੀਸ਼ ਸਹਿਗਲ, ਸੰਦੀਪ ਕੁਮਾਰ, ਰਾਕੇਸ਼ ਸ਼ਰਮਾ ਸ਼ਾਮਲ ਹਨ। , ਪ੍ਰਦੀਪ ਕਪਾਨੀਆ , ਸ਼ਿਤਿਜ ਢੱਲ , ਰਾਹੁਲ ਜਾਮਵਾਲ , ਕੁਲਦੀਪ ਮਾਣਕ ,, ਅਨੁਜ ਸ਼ਾਰਦਾ, ਗੌਰਵ ਰਾਏ, ਭੁਵਨ ਮਲਹੋਤਰਾ, ਪੰਕਜ ਜੁਲਕਾ, ਅਜਮੇਰ ਸਿੰਘ ਬਾਦਲ, ਕਿਸ਼ਨ ਲਾਲ ਸ਼ਰਮਾ, ਪ੍ਰਮੋਦ ਕਸ਼ਯਪ, ਰਮੇਸ਼ ਸ਼ਰਮਾ, ਹਿਮਾਂਸ਼ੂ ਸ਼ਰਮਾ, ਸੰਨੀ ਸ਼ਰਮਾ, ਮਨੋਜ ਅਗਰਵਾਲ, ਬਲਜੀਤ ਸਿੰਘ ਪ੍ਰਿੰਸ, ਨਰਿੰਦਰਪਾਲ ਸਿੰਘ ਢਿੱਲੋਂ, ਬਲਜੀਤ ਸਿੰਘ ਆਹੂਲਵੀਆ, ਰਾਜੇਸ਼ ਅਗਨੀਹੋਤਰੀ। ਭੋਲਾ ਆਦਿ ਹਾਜ਼ਰ ਸਨ।

# ਵਿਧਾਇਕ ਰੰਧਾਵਾ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਅੰਤਰਿਮ ਜ਼ਮਾਨਤ ਦੇਣ ਦੇ ਸੁਪਰੀਮ ਕੋਰਟ ਦੇ ਫੈਸਲੇ ਦਾ ਕੀਤਾ ਸਵਾਗਤ

**ਜ਼ੀਰਕਪੁਰ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਆਬਕਾਰੀ ਨੀਤੀ ਮਾਮਲੇ ਵਿੱਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਅੰਤਰਿਮ ਜ਼ਮਾਨਤ ਦੇਣ ਦੇ ਸੁਪਰੀਮ ਕੋਰਟ ਦੇ ਫੈਸਲੇ ਦਾ ਸਵਾਗਤ ਕੀਤਾ ਹੈ ਅਤੇ ਆਸ ਪ੍ਰਗਟਾਈ ਹੈ ਕਿ ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਹੇਮੰਤ ਸੋਰੇਨ ਨੂੰ ਵੀ ਉਚਿਤ ਨਿਆਂ ਮਿਲੇਗਾ। ਕੇਜਰੀਵਾਲ ਨੂੰ ਅੰਤ੍ਰਿਮ ਜ਼ਮਾਨਤ ਦੇਣ ਦੇ ਸੁਪਰੀਮ ਕੋਰਟ ਦੇ ਫੈਸਲੇ ਦੀ ਸ਼ਲਾਘਾ ਕਰਦਿਆਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਇਹ ਫੈਸਲਾ ਨਿਆਂ ਯਕੀਨੀ ਬਣਾਉਣ ਵੱਲ ਸਹੀ ਦਿਸ਼ਾ ਵਿੱਚ ਇੱਕ ਕਦਮ ਹੈ। ਰੰਧਾਵਾ ਨੇ ਇਹ ਵੀ ਉਮੀਦ ਜ਼ਾਹਰ ਕੀਤੀ ਕਿ ਭਾਰਤ ਦੇ ਪ੍ਰਧਾਨ ਮੰਤਰੀ ਮੋਦੀ, ਜੋ ਕਿ 4 ਜੂਨ ਤੋਂ ਬਾਅਦ ਜਲਦੀ ਹੀ ਸਾਬਕਾ ਪ੍ਰਧਾਨ ਮੰਤਰੀ ਬਣ ਜਾਣਗੇ, ਇਸ ਸਮੇਂ ਦੀ ਵਰਤੋਂ ਇਹ ਸੋਚਣ ਲਈ ਕਰਨਗੇ ਕਿ ਉਹ ਕਿਸ ਤਰ੍ਹਾਂ ਦੀ ਰਾਜਨੀਤੀ ਵਿੱਚ ਸ਼ਾਮਲ ਰਹੇ ਹਨ। ਉਹ ਉਮੀਦ ਕਰਦੇ ਹਨ ਕਿ ਪ੍ਰਧਾਨ ਮੰਤਰੀ ਸਾਬਰਮਤੀ ਆਸ਼ਰਮ ਵਿੱਚ ਬੈਠ ਕੇ ਆਤਮ-ਪੜਚੋਲ ਕਰਨ ਲਈ ਇਸ ਸਮੇਂ ਦੀ ਵਰਤੋਂ ਕਰਨਗੇ ਅਤੇ ਦੇਸ਼ ਅਤੇ ਇਸਦੇ ਲੋਕਾਂ ’ਤੇ ਉਨ੍ਹਾਂ ਦੀਆਂ ਕਾਰਵਾਈਆਂ ਦੇ ਪ੍ਰਭਾਵ ਨੂੰ ਮਹਿਸੂਸ ਕਰਨਗੇ। ਰੰਧਾਵਾ ਦਾ ਮੰਨਣਾ ਹੈ ਕਿ ਇਸ ਨਾਲ ਭਵਿੱਖ ਵਿੱਚ ਇੱਕ ਹੋਰ ਸਕਾਰਾਤਮਕ ਅਤੇ ਸ਼ਮੂਲੀਅਤ ਵਾਲਾ ਸਿਆਸੀ ਮਾਹੌਲ ਸਿਰਜਿਆ ਜਾਵੇਗਾ।

ਰੰਧਾਵਾ ਨੇ ਕਿਹਾ ਕਿ ਈਡੀ ਦੀ ਗ੍ਰਿਫ਼ਤਾਰੀ ਤੋਂ 40 ਦਿਨਾਂ ਬਾਅਦ ਅੰਤਰਿਮ ਜ਼ਮਾਨਤ ਮਿਲਣਾ ਕਿਸੇ ਚਮਤਕਾਰ ਤੋਂ ਘੱਟ ਨਹੀਂ ਹੈ। ਉਨ੍ਹਾਂ ਕਿਹਾ, ਸੁਪਰੀਮ ਕੋਰਟ ਦੇ ਜ਼ਰੀਏ ਭਗਵਾਨ ਸ਼੍ਰੀ ਰਾਮ ਦਾ ਇਸ਼ਾਰਾ ਹੈ ਕਿ ਭਾਰਤ ਵਿੱਚ ਜੋ ਵੀ ਹੋ ਰਿਹਾ ਹੈ, ਉਸ ਵਿੱਚ ਬਦਲਾਅ ਦੀ ਲੋੜ ਹੈ। ਅਰਵਿੰਦ ਕੇਜਰੀਵਾਲ ਨੂੰ ਭਗਵਾਨ ਬਜਰੰਗਬਲੀ ਦਾ ਅਸ਼ੀਰਵਾਦ ਹੈ ਅਤੇ ਅੱਜ ਉਹ ਜੇਲ੍ਹ ਤੋਂ ਬਾਹਰ ਆਉਣਗੇ। ਮੈਨੂੰ ਲੱਗਦਾ ਹੈ ਕਿ ਇਹ ਕੋਈ ਆਮ ਗੱਲ ਨਹੀਂ ਹੈ। ਗੱਲ ਹੈ ਅਤੇ ਉਹ ਇੱਕ ਵੱਡੇ ਕਾਰਨ ਲਈ ਜੇਲ੍ਹ ਤੋਂ ਬਾਹਰ ਆ ਰਿਹਾ ਹੈ, ਜੋ ਕਿ ਇੱਕ ਅਸਾਧਾਰਨ ਗੱਲ ਹੈ। ਰੰਧਾਵਾ ਨੇ ਕਿਹਾ ਕਿ ਸਾਡੀ ਪਾਰਟੀ ਦੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ।

ਮੈਂ ਇਸ ਫੈਸਲੇ ਲਈ ਸੁਪਰੀਮ ਕੋਰਟ ਦਾ ਧੰਨਵਾਦ ਕਰਦਾ ਹਾਂ। ਪੰਜਾਬ ਦੇ ਲੋਕ ਆਪਣੀਆਂ ਵੋਟਾਂ ਨਾਲ ਇਸਦਾ ਢੁੱਕਵਾਂ ਜਵਾਬ ਦੇਣ ਲਈ ਤਿਆਰ ਹਨ। ਅਸੀਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਵਿੱਚ 13/0 ਨਾਲ ਜਿੱਤ ਪ੍ਰਾਪਤ ਕਰਾਂਗੇ।

# ਜ਼ਿਲ੍ਹਾ ਰੂਪਨਗਰ ਦੇ ਵੋਟਰਾਂ ਨੂੰ ਮਤਦਾਨ ਲਈ ਪ੍ਰੇਰਿਤ ਕਰਨ ਲਈ ਮੋਟਰ ਸਾਈਕਲ ਰੈਲੀ ਕੱਢੀ



**ਸ੍ਰੀ ਅਨੰਦਪੁਰ ਸਾਹਿਬ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ ਡਾ ਪ੍ਰੀਤੀ ਯਾਦਵ ਦੇ ਦਿਸ਼ਾ ਨਿਰਦੇਸ਼ ਤਹਿਤ ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਵੋਟਰਾਂ ਨੂੰ ਜਾਗਰੂਕ ਕਰਨ ਲਈ ਸਵੀਪ ਨੋਡਲ ਅਫਸਰ ਰਣਜੀਤ ਸਿੰਘ ਦੀ ਅਗਵਾਈ ਵਿੱਚ ਇੱਕ ਮੋਟਰਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਰੈਲੀ ਨੂੰ ਅਨਮਜੋਤ ਕੌਰ ਉਪ ਮੰਡਲ ਮਜਿਸਟਰੇਟ ਨੰਗਲ ਨੇ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਉਹਨਾਂ ਨੇ ਕਿਹਾ ਕਿ 1 ਜੂਨ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਰੂਪਨਗਰ ਜ਼ਿਲ੍ਹੇ ਦੇ ਹਰ ਇੱਕ ਵੋਟਰ ਨੂੰ ਮਤਦਾਨ ਕਰਨਾ ਚਾਹੀਦਾ ਹੈ। ਇਹ ਮੋਟਰਸਾਈਕਲ ਰੈਲੀ ਨੰਗਲ ਤੋਂ ਚੱਲ ਕੇ ਐਸਡੀਐਮ ਦਫਤਰ ਸ਼੍ਰੀ ਅਨੰਦਪੁਰ ਸਾਹਿਬ ਪਹੁੰਚੀ ਅਤੇ ਇਸ ਰੈਲੀ ਦਾ ਨਿੱਘਾ ਸਵਾਗਤ ਕੀਤਾ ਗਿਆ ।

ਸ੍ਰੀ ਅਨੰਦਪੁਰ ਸਾਹਿਬ ਤੋਂ ਇਸ ਰੈਲੀ ਨੂੰ ਨਾਇਬ ਤਹਿਸੀਲਦਾਰ ਅਰਾਧਨਾ ਖੋਸਲਾ ਨੇ ਝੰਡੀ ਦਿਖਾ ਕੇ ਰਵਾਨਾ ਕੀਤਾ। ਨਾਇਬ ਤਹਿਸੀਲਦਾਰ ਅਰਾਧਨਾ ਖੋਸਲਾ ਨੇ ਇਸ ਰੈਲੀ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਰੈਲੀ ਸ਼੍ਰੀ ਅਨੰਦਪੁਰ ਸਾਹਿਬ ਤੋਂ ਰੂਪਨਗਰ ਅਤੇ ਉਸ ਤੋਂ ਬਾਅਦ ਸ਼੍ਰੀ ਚਮਕੌਰ ਸਾਹਿਬ ਜਾ ਕੇ ਸਮਾਪਤ ਹੋਵੇਗੀ। ਇਸ ਰੈਲੀ ਦਾ ਮੁੱਖ ਉਦੇਸ਼ ਆਮ ਵੋਟਰਾਂ ਨੂੰ ਆਗਾਮੀ ਲੋਕ ਸਭਾ ਚੋਣਾਂ ਦੇ ਵਿੱਚ ਮਤਦਾਨ ਕਰਨ ਲਈ ਉਤਸ਼ਾਹਿਤ ਕਰਨਾ ਹੈ। ਇਸ ਰੈਲੀ ਵਿੱਚ ਜਤਿੰਦਰ ਸਿੰਘ ਇੰਚਾਰਜ ਚੋਣਾਂ, ਸਹਾਇਕ ਸਵੀਪ ਨੋਡਲ ਅਫਸਰ ਨਰਿੰਦਰ ਸਿੰਘ, ਮਾਸਟਰ ਟ੍ਰੇਨਰ ਅਜੇ ਬੈਂਸ, ਐਡਵੋਕੇਟ ਸਾਹਿਲ ਪਰਾਸ਼ਰ, ਰਮਨਦੀਪ ਰੋਮੀ, ਰਾਜ ਕੁਮਾਰ ਚੌਧਰੀ, ਜਗਜੀਤ ਸਿੰਘ ਕੰਦੋਲਾ, ਐਸਐਮ ਦਲਜੀਤ ਸਿੰਘ, ਹਰਦੀਪ ਸਿੰਘ, ਗੁਰਸੇਵਕ ਸਿੰਘ, ਭੁਪਿੰਦਰ ਸਿੰਘ, ਸਰਬਜੀਤ ਸਿੰਘ, ਜਰਨੈਲ ਸਿੰਘ , ਰੁਪਿੰਦਰ ਵਰਮਾ ਸ਼ਾਮਿਲ ਸਨ।

# ਸ੍ਰੀ ਅਨੰਦਪੁਰ ਸਾਹਿਬ ਵਿਖੇ ਭਗਵਾਨ ਪਰਸ਼ੂਰਾਮ ਜੀ ਦਾ ਜਨਮ ਦਿਹਾੜਾ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ

**ਸ੍ਰੀ ਅਨੰਦਪੁਰ ਸਾਹਿਬ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸਥਾਨਕ ਕਿਸਾਨ ਹਵੇਲੀ ਨੇੜੇ ਸਥਿਤ ਸਰਵ-ਧਰਮ ਗਿਆਨ ਮੰਦਰ ਕੰਪਲੈਕਸ ਵਿਖੇ ਬ੍ਰਾਹਮਣ ਸਭਾ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਭਗਵਾਨ ਸ੍ਰੀ ਪਰਸ਼ੂ ਰਾਮ ਦਾ ਜਨਮ ਦਿਹਾੜਾ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਜਿਸ ਵਿਚ ਬ੍ਰਾਹਮਣ ਸਭਾ ਸ੍ਰੀ ਅਨੰਦਪੁਰ ਸਾਹਿਬ ਨੇ ਨਾ ਸਿਰਫ 70 ਸਾਲ ਦੇ ਬਜ਼ੁਰਗਾਂ ਨੂੰ ਸਨਮਾਨਿਤ ਕੀਤਾ ਸਗੋਂ ਸਿੱਖਿਆ ਦੇ ਖੇਤਰ ਵਿਚ ਅਹਿਮ ਭੂਮਿਕਾ ਨਿਭਾਉਣ ਵਾਲੇ ਬੱਚਿਆਂ ਨੂੰ ਵੀ ਸਨਮਾਨਿਤ ਕੀਤਾ । ਇਸ ਦੌਰਾਨ ਸਵਾਮੀ ਕ੍ਰਿਪਾਲਾ ਨੰਦ ਜੀ ਦੜੌਲੀ ਵਾਲੇ, ਸਵਾਮੀ ਅਨਮੋਲਕਾ ਨੰਦ ਜੀ ਜਹਾਜ਼ ਵਾਲੇ, ਸਨਾਤਨ ਧਰਮ ਸਭਾ ਦੇ ਪ੍ਰਧਾਨ ਪੰਡਿਤ ਹਰੀਓਮ ਸ਼ਰਮਾ, ਮਾਸਟਰ ਰਾਮੇਸ਼ਵਰ ਪ੍ਰਸਾਦ ਜੀ ÷ਨਹਿਰੂ÷ ਅਤੇ ਬ੍ਰਾਹਮਣ ਸਭਾ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਰਮੇਸ਼ ਚੰਦਰ ਸ਼ਾਸਤਰੀ ਜੀ ਨੇ ਆਪਣੇ ਪ੍ਰਵਚਨਾਂ ਰਾਹੀਂ ਕਿਹਾ। ਇਸ ਦੌਰਾਨ ਉਨ੍ਹਾਂ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦੇ ਜੀਵਨ ਬਾਰੇ ਵੀ ਅਨੋਖੀ ਜਾਣਕਾਰੀ ਦਿੱਤੀ ਅਤੇ ਸਾਨੂੰ ਸਾਰਿਆਂ ਨੂੰ ਉਨ੍ਹਾਂ ਦੇ ਦਰਸਾਏ ਮਾਰਗ ’ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਧਾਰਮਿਕ ਸਮਾਗਮ ਵਿੱਚ ਸਭ ਤੋਂ ਪਹਿਲਾਂ ਨਵ ਗ੍ਰਹਿ ਪੂਜਾ, ਹਵਨ ਯੱਗ ਅਤੇ ਕੰਨਿਆ ਪੂਜਾ ਕੀਤੀ ਗਈ, ਉਪਰੰਤ ਸ਼ਰਧਾਲੂਆਂ ਲਈ ਭੰਡਾਰਾ ਵੀ ਕਰਵਾਇਆ ਗਿਆ। ਇਸ ਧਾਰਮਿਕ ਸਮਾਗਮ ਦੌਰਾਨ ਜਿੱਥੇ ਇਲਾਕੇ ਦੇ 70 ਸਾਲ ਦੇ ਬਜ਼ੁਰਗਾਂ ਨੂੰ ਉਚੇਚੇ ਤੌਰ ’ਤੇ ਸਨਮਾਨਿਤ ਕੀਤਾ ਗਿਆ ਉੱਥੇ ਹੀ ਵਿੱਦਿਆ ਦੇ ਖੇਤਰ ’ਚ ਨਾਮਣਾ ਖੱਟਣ ਵਾਲੇ ਬੱਚਿਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪਰਸ ਰਾਮ ਜੀ ਨਿਮੋਹ, ਅਰਜੁਨ ਗਿਰੀ ਜੀ ਸੂਰੇਵਾਲ, ਪੰਡਤ ਅਨੰਤ ਰਾਮ ਜੀ ਬਾਸੋਵਾਲ, ਕਥਾਵਾਚਕ ਰਾਜੇਸ਼ ਕੁਮਾਰ ਜੀ ਦੋਲੋਵਾਲ, ਪੰਡਤ ਰਾਜੇਸ਼ ਜੀ ਝਿੰਝੜੀ. ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਮਦਨ ਮੋਹਨ ਮਿੱਤਲ, ਡਾ. ਪਰਮਿੰਦਰ ਸ਼ਰਮਾ, ਹਰਬੰਸ ਲਾਲ ਮਹਿੰਦੀ, ਕਮਲ ਦੇਵ ਜੋਸ਼ੀ, ਮੁਨੀਸ਼ ਕੈਰਪਾਲ, ਮਨਜਿੰਦਰ ਸਿੰਘ ਬਰਾੜ, ਡਾ. ਪਲਵਿੰਦਰਜੀਤ ਸਿੰਘ ਕੰਗ, ਲੋਕੇਸ਼ ਮੋਹਨ ਸ਼ਰਮਾ, ਪੰਡਿਤ ਵਰਿੰਦਰ ਸ਼ਰਮਾ, ਪੰਡਿਤ ਰਮਨ ਅਚਾਰੀਆ, ਦਿਨੇਸ਼ ਸਰਮਾ, ਪ੍ਰੇਮ ਅਚਾਰੀਆ, ਰਜਤ ਅਚਾਰੀਆ, ਅਨੁਰਤ ਸ਼ਰਮਾ, ਰਾਜ ਕੁਮਾਰ ਵਸ਼ਿਸ਼ਟ, ਡਾ: ਪ੍ਰਦੀਪ ਕੌਸ਼ਲ, ਪਵਨ ਸ਼ਰਮਾ, ਨਰੋਤਮ ਸ਼ਰਮਾ, ਐਨ.ਕੇ.ਸ਼ਰਮਾ, ਸੰਜੀਵ ਕੁਮਾਰ, ਨਰੇਸ਼ ਭਾਰਦਵਾਜ, ਨਰਿੰਦਰ ਸ਼ਰਮਾ, ਜਰਨੈਲ ਸਿੰਘ ਨਿੱਕੂਵਾਲ, ਗੋਪਾਲ ਸ਼ਰਮਾ, ਰਾਜ ਪਾਲ ਆਂਗਰਾ, ਰਮਨ ਕਾਂਤ, ਪ੍ਰਮੋਦ ਕੁਮਾਰ ਜੋਸ਼ੀ, ਲਲਿਤ ਅਚਾਰੀਆ ਅਤੇ ਕੁਮਾਰ ਘਈ ਤੋਂ ਇਲਾਵਾ ਵੱਡੀ ਗਿਣਤੀ ਵਿਚ ਬ੍ਰਾਹਮਣ ਸਮਾਜ ਨਾਲ ਸਬੰਧਤ ਪਤਵੰਤੇ ਅਤੇ ਪਤਵੰਤੇ ਹਾਜ਼ਰ ਸਨ।

# ਅਣਪਛਾਤੇ ਵਿਅਕਤੀਆਂ ਵਿਰੁੱਧ 52-ਏ ਪ੍ਰੀਜ਼ਨ ਐਕਟ ਤਹਿਤ ਮਾਮਲਾ ਦਰਜ

**ਪਟਿਆਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਤ੍ਰਿਪੜੀ ਪਟਿਆਲਾ ਦੀ ਪੁਲਿਸ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ 52-ਏ ਪ੍ਰੀਜਨ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਕੇਂਦਰੀ ਜੇਲ ਪਟਿਆਲਾ ਦੇ ਸਹਾਇਕ ਸੁਪਰਡੈਂਟ ਸਤਨਾਮ ਸਿੰਘ ਵੱਲੋਂ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਗਿਆ ਕਿ ਜਦੋਂ ਜੇਲ ਵਿੱਚ ਬਣੀ ਚੱਕੀ ਨੰਬਰ ਦੋ ਦੀ ਤਲਾਸ਼ੀ ਲਈ ਗਈ ਤਾਂ ਚੱਕੀ ਨੰ 2 ਦੇ ਬਾਹਰ ਜਮੀਨ ਵਿੱਚ ਉਹਨਾਂ ਨੂੰ ਇੱਕ ਮੋਬਾਈਲ ਬੈਟਰੀ ਅਤੇ ਸਿਮ ਕਾਰਡ ਸਮੇਤ ਬਰਾਮਦ ਹੋਇਆ। ਇਸੇ ਤਰ੍ਹਾਂ ਬੈਰਕ ਨੰਬਰ 9/4 ਦੀ ਤਲਾਸ਼ੀ ਕਰਨ ’ਤੇ ਪਾਣੀ ਵਾਲੇ ਕੈਂਪਰ ਵਿੱਚੋਂ ਇਕ ਮੋਬਾਈਲ ਬੈਟਰੀ ਅਤੇ ਸਿਮ ਕਾਰਡ ਸਮੇਤ ਬਰਾਮਦ ਹੋਇਆ ਹੈ।

ਪੁਲਿਸ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਸਿੱਖਿਆ ਸ਼ਾਸਤਰੀ ਅਨਿਲ ਕੁਮਾਰ ਭਾਰਤੀ ਦੇ ਯਤਨਾਂ ਨੂੰ ਅੰਤਰਰਾਸ਼ਟਰੀ ਪੱਧਰ ’ਤੇ ਹੋਰ ਬਲ ਮਿਲਿਆ

## ਭਾਰਤੀ ਰਾਜਦੂਤ ਨੇ ਰੂਸੀ ਅਤੇ ਭਾਰਤੀ ਭਾਈਚਾਰਿਆਂ ਵਿਚਕਾਰ ਭਾਸ਼ਾਈ ਤਾਲਮੇਲ ਲਈ ਭਾਰਤੀ ਦੇ ਯਤਨਾਂ ਦੀ ਸ਼ਲਾਘਾ ਕੀਤੀ

**ਪਟਿਆਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਰੂਸ ਵਿੱਚ ਭਾਰਤੀ ਰਾਜਦੂਤ ਸ਼੍ਰੀ ਵਿਨੇ ਕੁਮਾਰ ਨੂੰ ਸਿੱਖਿਆ ਸ਼ਾਸਤਰੀ ਅਨਿਲ ਕੁਮਾਰ ਭਾਰਤੀ ਦੀ ਨਾਯਾਬ ਕਿਤਾਬ ਭੇਂਟ ਕਰਦੇ ਹੋਏ ਡਾ ਰਾਮੇਸ਼ਵਰ ਸਿੰਘ

ਮਾਸਕੋ ਸਥਿਤ ਭਾਰਤੀ ਦੂਤਾਵਾਸ ਵਿਖੇ ਭਾਰਤੀ ਰਾਜਦੂਤ ਵਿਨੈ ਕੁਮਾਰ ਦੇ ਨਾਲ ਰੂਸ ਵਿਚ ਰਹਿੰਦਿਆਂ ਦੋਵਾਂ ਦੇਸ਼ਾਂ ਦੀ ਦੋਸਤੀ ਨੂੰ ਮਜ਼ਬੂਤ ਕਰਨ ਵਿਚ ਅਹਿਮ ਯੋਗਦਾਨ ਪਾਉਣ ਵਾਲੇ ਭਾਰਤੀਆਂ ਲਈ ਇਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ, ਭਾਰਤੀ ਰਾਜਦੂਤ ਨੇ ਰਸ਼ੀਅਨ-ਇੰਡੀਅਨ ਫਰੈਂਡਸ਼ਿਪ ਸੋਸਾਇਟੀ ‘ਦਿਸ਼ਾ’ ਦੇ ਸੰਸਥਾਪਕ ਪ੍ਰਧਾਨ ਡਾ. ਰਾਮੇਸ਼ਵਰ ਸਿੰਘ ਅਤੇ ਉਨ੍ਹਾਂ ਦੀ ਪੂਰੀ ਟੀਮ ਨਾਲ ਇੱਕ ਬਹੁਤ ਹੀ ਨਿੱਘੀ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਮਹਾਮਹਿਮ ਰਾਜਦੂਤ ਨੂੰ ਦਿਸ਼ਾ ਮੈਗਜ਼ੀਨ ਦੇ ਨਾਲ-ਨਾਲ ਰੂਸ ਅਤੇ ਭਾਰਤ ਵਿਚਕਾਰ ਨਿਰੰਤਰ ਦੋਸਤੀ ਅਤੇ ਸਹਿਯੋਗ ਦੇ ਪ੍ਰਤੀਕ ਵਜੋਂ ਅੰਤਰਰਾਸ਼ਟਰੀ ਲੇਖਕ ਅਤੇ ਸਿੱਖਿਆ ਸ਼ਾਸਤਰੀ ਅਨਿਲ ਕੁਮਾਰ ਭਾਰਤੀ ਦੁਆਰਾ ਲਿਖੀ ਗਈ ਕਿਤਾਬ ÷ਫੋਰ ਇਨ ਵਨ ਮੈਜਿਕ÷ ਭੇਟ ਕੀਤੀ ਗਈ। ਇਸ ਮੌਕੇ ਡਾ: ਰਾਮੇਸ਼ਵਰ ਸਿੰਘ ਨੇ ਭਾਰਤੀ ਰਾਜਦੂਤ ਨੂੰ ਇਹ ਵੀ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਰਸ਼ੀਅਨ ਇੰਡੀਅਨ ਫਰੈਂਡਸ਼ਿਪ ਸੋਸਾਇਟੀ ਅਤੇ ਇੰਟਰਨੈਸ਼ਨਲ ਆਰਗੇਨਾਈਜ਼ੇਸ਼ਨ ਫਾਰ ਲੈਂਗੂਏਜ ਕੋਆਰਡੀਨੇਸ਼ਨ ਦੇ ਸਾਂਝੇ ਸੱਦੇ ’ਤੇ ਭਾਰਤ ਦੇ ਪ੍ਰਸਿੱਧ ਸਿੱਖਿਆ ਸ਼ਾਸਤਰੀ ਅਨਿਲ ਕੁਮਾਰ ਭਾਰਤੀ ਨੇ ਰੂਸ ਅਤੇ ਭਾਰਤ ਨੂੰ ਭਾਸ਼ਾਈ ਏਕਤਾ ਦੇ ਸਰੋਤ ਪ੍ਰਦਾਨ ਕਰਨ ਲਈ ਅਣਥੱਕ ਯਤਨ ਕੀਤੇ ਹਨ ਅਤੇ ਇਸ ਨੂੰ ਅਮਲੀ ਰੂਪ ਪ੍ਰਦਾਨ ਕਰਨ ਲਈ, ਓਹਨਾਂ ਨੇ ਇਸ ਕਿਤਾਬ ‘ਫੋਰ ਇਨ ਵਨ ਮੈਜਿਕ’ ਦੀ ਰਚਨਾ ਕੀਤੀ ਗਈ। ਇਸ ਨਾਯਾਬ ਕਿਤਾਬ ਰਾਹੀਂ ਰੂਸ ਵਿੱਚ ਰਹਿੰਦੇ ਸਾਰੇ ਲੋਕ ਰੂਸੀ ਅਤੇ ਅੰਗਰੇਜ਼ੀ ਦੇ ਨਾਲ-ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾਵਾਂ ਵੀ ਬੜੀ ਆਸਾਨੀ ਨਾਲ ਸਿੱਖ ਸਕਦੇ ਹਨ। ਇੰਨਾ ਹੀ ਨਹੀਂ, ਇਸ ਪੁਸਤਕ ਰਾਹੀਂ ਸਾਰੇ ਭਾਰਤੀਆਂ ਲਈ ਰੂਸੀ ਭਾਸ਼ਾ ਦਾ ਮੁੱਢਲਾ ਗਿਆਨ ਹਾਸਲ ਕਰਨਾ ਵੀ ਬਹੁਤ ਆਸਾਨ ਹੋ ਗਿਆ ਹੈ। ਅੰਤਰਰਾਸ਼ਟਰੀ ਸਿੱਖਿਆ ਸ਼ਾਸਤਰੀ ਸੁਸ਼ੀਲ ਕੁਮਾਰ ਆਜ਼ਾਦ ਨੇ ਵੀ ਮਾਸਕੋ ਵਿੱਚ ਆਪਣੇ ਕਾਰਜਕਾਲ ਦੌਰਾਨ ਇਸ ਪਵਿੱਤਰ ਕਾਰਜ ਨੂੰ ਰੂਪ ਦੇਣ ਵਿੱਚ ਅਭੁੱਲ ਯੋਗਦਾਨ ਪਾਇਆ ਹੈ। ਇਸੇ ਤਰ੍ਹਾਂ ਰਸ਼ੀਅਨ ਇੰਡੀਅਨ ਫਰੈਂਡਸ਼ਿਪ ਐਸੋਸੀਏਸ਼ਨ ਦਿਸ਼ਾ ਵੱਲੋਂ ਡਾ: ਰਾਮੇਸ਼ਵਰ ਸਿੰਘ ਦੀ ਯੋਗ ਅਗਵਾਈ ਹੇਠ ਹਿੰਦੀ ਵਿੱਚ ਪ੍ਰਕਾਸ਼ਿਤ ਹਿੰਦੀ ਮੈਗਜ਼ੀਨ ‘ਦਿਸ਼ਾ’ ਰਾਹੀਂ ਦੋਵਾਂ ਮਹਾਨ ਦੇਸ਼ਾਂ ਦੇ ਲੋਕਾਂ ਅਤੇ ਉਨ੍ਹਾਂ ਦੇ ਮਹਾਨ ਸੱਭਿਆਚਾਰਾਂ ਨੂੰ ਇੱਕ ਦੂਜੇ ਦੇ ਨੇੜੇ ਲਿਆਉਣ ਲਈ ਪਿਛਲੇ ਕਈ ਸਾਲਾਂ ਤੋਂ ਕੰਮ ਕੀਤਾ ਜਾ ਰਿਹਾ ਹੈ ਅਤੇ ਇਸ ਦਿਸ਼ਾ ਵਿਚ ਹੋਰ ਵੀ ਬਹੁਤ ਸਾਰੇ ਸ਼ਾਨਦਾਰ ਯਤਨ ਲਗਾਤਾਰ ਕੀਤੇ ਜਾ ਰਹੇ ਹਨ।

ਮਹਾਮਹਿਮ ਰਾਜਦੂਤ ਸ਼੍ਰੀ ਵਿਨੈ ਕੁਮਾਰ ਨੇ ਇਸ ’ਤੇ ਪ੍ਰਤੀਕਿਰਿਆ ਜ਼ਾਹਰ ਕਰਦੇ ਹੋਏ ਕਿਹਾ ਕਿ ਅਜਿਹੇ ਸ਼ਾਨਦਾਰ ਯਤਨ ਭਾਰਤ ਅਤੇ ਰੂਸ ਦੇ ਆਪਸੀ ਸਬੰਧਾਂ ਨੂੰ ਮਜ਼ਬੂਤ ਤਾਂ ਬਣਾਉਂਦੇ ਹੀ ਹਨ ਅਤੇ ਇਸ ਨਾਲ ਨਾ ਸਿਰਫ ਸਾਡੇ ਦੋਵਾਂ ਦੇਸ਼ਾਂ ਦੇ ਵਿਚਕਾਰ, ਸਗੋਂ ਦੋਵਾਂ ਦੇਸ਼ਾਂ ਦੇ ਨਾਗਰਿਕਾਂ ਵਿਚਕਾਰ ਵੀ ਸਬੰਧਾਂ ਨੂੰ ਹੋਰ ਗੂੜ੍ਹਾ ਕਰਨ ਵਿੱਚ ਮੱਦਦ ਮਿਲਦੀ ਹੈ। ਮਹਾਮਹਿਮ ਰਾਜਦੂਤ ਨੇ ਵੱਖ-ਵੱਖ ਭਾਸ਼ਾਵਾਂ ਵਿੱਚ ਆਪਸੀ ਤਾਲਮੇਲ ਕਾਇਮ ਕਰਨ ਲਈ ਅਜਿਹੇ ਯਤਨਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਦਾ ਸੱਦਾ ਵੀ ਦਿੱਤਾ। ਰੂਸ ਦੇ ਸ਼ਹਿਰ ਮਾਸਕੋ ਸਥਿਤ ਭਾਰਤੀ ਦੂਤਾਵਾਸ ਵਿੱਚ ਆਯੋਜਿਤ ਇਸ ਪ੍ਰੋਗਰਾਮ ਵਿੱਚ ਰੂਸ ਵਿੱਚ ਭਾਰਤ ਦੇ ਮਹਾਮਹਿਮ ਰਾਜਦੂਤ ਸ਼੍ਰੀ ਵਿਨੈ ਕੁਮਾਰ ਦੇ ਨਾਲ ਨਾਲ ਰਸ਼ੀਅਨ-ਇੰਡੀਅਨ ਫਰੈਂਡਸ਼ਿਪ ਸੁਸਾਇਟੀ, ਦਿਸ਼ਾ ਦੇ ਪ੍ਰਧਾਨ ਡਾ: ਰਾਮੇਸ਼ਵਰ ਸਿੰਘ, ਮੀਤ ਪ੍ਰਧਾਨ ਰਤੀ ਕੋਸੀਨੋਵਾ, ਉਪ ਪ੍ਰਧਾਨ ਅਭਿਸ਼ੇਕ ਵਿਕਰਮ ਸਿੰਘ, ਦਿਸ਼ਾ ਦੀ ਮੀਤ ਪ੍ਰਧਾਨ ਨਦੇਜ਼ਦਾ ਸਿੰਘ ਵੀ ਮੌਜੂਦ ਸਨ ਅਤੇ ਸਾਰਿਆਂ ਨੇ ਇਸ ਮੁਲਾਕਾਤ ਲਈ ਰਾਜਦੂਤ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ।

## ਸੰਪਾਦਕੀ

# ਕੇਜਰੀਵਾਲ ਨੂੰ ਜ਼ਮਾਨਤ

ਸੁਪਰੀਮ ਕੋਰਟ ਵੱਲੋਂ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਸ਼ਰਤਾਂ ਸਹਿਤ ਦਿੱਤੀ ਅੰਤਰਿਮ ਜ਼ਮਾਨਤ ਵਿੱਚੋਂ ਭਾਰਤ ਦੇ ਲੋਕਤੰਤਰੀ ਭੂ-ਦ੍ਰਿਸ਼ ਵਿੱਚ ਕਾਨੂੰਨ ਅਤੇ ਰਾਜਨੀਤੀ ਦੇ ਦੁਚਿੱਤੀ ਦੀ ਸੂਖਮਤਾ ਉੱਭਰ ਕੇ ਸਾਹਮਣੇ ਆਈ ਹੈ। ਚੋਣਾਂ ਦੀ ਗਹਿਮਾ-ਗਹਿਮੀ ਦਰਮਿਆਨ ਮਾਰਚ ਮਹੀਨੇ ਕੇਜਰੀਵਾਲ ਦੀ ਗ੍ਰਿਫ਼ਤਾਰੀ ਨੇ ਜਾਂਚ ਏਜੰਸੀਆਂ ਦੀ ਨਿਰਪੱਖਤਾ ਅਤੇ ਸਿਆਸੀ ਮੁਕਾਬਲੇਬਾਜ਼ੀ ਉੱਤੇ ਇਸ ਦੇ ਸੰਭਾਵੀ ਅਸਰ ਬਾਰੇ ਕਈ ਤਰ੍ਹਾਂ ਦੇ ਸਵਾਲ ਖੜ੍ਹੇ ਕੀਤੇ ਸਨ। ਕੇਜਰੀਵਾਲ ਦੀ ਜ਼ਮਾਨਤ ਦਾ ਉਨ੍ਹਾਂ ਦੀ ਨਿੱਜੀ ਆਜ਼ਾਦੀ ਅਤੇ ਭਾਰਤ ਵਿੱਚ ਲੋਕਤੰਤਰੀ ਪ੍ਰਕਿਰਿਆਵਾਂ, ਦੋਵਾਂ ਨਾਲ ਗਹਿਰਾ ਸਬੰਧ ਹੈ। ਆਮ ਚੋਣਾਂ ਦੀ ਚਹਿਲ-ਪਹਿਲ ਦਰਮਿਆਨ ਮਾਰਚ ਵਿਚ ਉਨ੍ਹਾਂ ਦੀ ਗ੍ਰਿਫ਼ਤਾਰੀ ਨੇ ਸਮੁੱਚੇ ਰਾਜਨੀਤਕ ਧਰਾਤਲ 'ਤੇ ਹਲਚਲ ਪੈਦਾ ਕਰ ਦਿੱਤੀ ਸੀ, ਨਾਲ ਹੀ ਜਾਂਚ ਏਜੰਸੀਆਂ ਦੀ ਨਿਰਪੱਖਤਾ ਤੇ ਚੁਣਾਵੀ ਪ੍ਰਕਿਰਿਆ ਦੀ ਅਖੰਡਤਾ ਬਾਰੇ ਵੀ ਚਿੰਤਾਵਾਂ ਖੜ੍ਹੀਆਂ ਕਰ ਦਿੱਤੀਆਂ ਸਨ। ਹੁਣ ਉਨ੍ਹਾਂ ਨੂੰ ਪਹਿਲੀ ਜੂਨ ਤੱਕ ਮਿਲੀ ਜ਼ਮਾਨਤ ਜੋ ਵੋਟਿੰਗ ਦਾ ਆਖ਼ਰੀ ਦਿਨ ਵੀ ਹੈ, ਚੋਣਾਂ ਵਿੱਚ ਪਾਰਦਰਸ਼ਤਾ ਤੇ ਨਿਰਪੱਖਤਾ ਦੇ ਹਾਮੀਆਂ ਲਈ ਰਾਹਤ ਵਾਂਗ ਹੈ। ਕੇਜਰੀਵਾਲ 'ਤੇ ਲਾਈਆਂ ਗਈਆਂ ਸ਼ਰਤਾਂ ਜਿਸ 'ਚ ਮੁੱਖ ਮੰਤਰੀ ਵਜੋਂ ਸਰਕਾਰੀ ਕਾਰਜਾਂ 'ਤੇ ਪਾਬੰਦੀ ਵੀ ਸ਼ਾਮਿਲ ਹੈ, ਨਾਲ ਨਿਆਂ ਅਤੇ ਸਿਆਸੀ ਜ਼ਰੂਰਤਾਂ ਵਿਚਾਲੇ ਨਾਜ਼ੁਕ ਤਵਾਜ਼ਨ ਬਿਠਾਇਆ ਗਿਆ ਹੈ।

ਕੇਜਰੀਵਾਲ ਦੇ ਕੇਸ ਨਾਲ ਜੁੜੇ ਅਸਾਧਾਰਨ ਹਾਲਾਤ ਨੂੰ ਮਾਨਤਾ ਦਿੰਦਿਆਂ ਖ਼ਾਸ ਤੌਰ 'ਤੇ ਵਿਰੋਧੀ ਧਿਰ ਦੀ ਪ੍ਰਮੁੱਖ ਸ਼ਖ਼ਸੀਅਤ ਵਜੋਂ ਉਨ੍ਹਾਂ ਦੀ ਭੂਮਿਕਾ ਅਤੇ ਚੱਲ ਰਹੀ ਚੋਣ ਪ੍ਰਕਿਰਿਆ, ਅਦਾਲਤ ਨੇ ਅਜਿਹੇ ਮਾਮਲਿਆਂ ਵਿੱਚ ਬਾਰੀਕ ਪਹੁੰਚ ਅਪਨਾਉਣ ਦੀ ਲੋੜ ਉਜਾਗਰ ਕੀਤੀ ਹੈ। ਅਦਾਲਤ ਨੇ ਸਾਰਿਆਂ ਨੂੰ ਬਰਾਬਰ ਮੌਕਾ ਦੇਣ ਅਤੇ ਲੋਕਤੰਤਰੀ ਸਿਧਾਂਤਾਂ ਦੀ ਅਹਿਮੀਅਤ ਉੱਤੇ ਵੀ ਜ਼ੋਰ ਦਿੱਤਾ ਹੈ। ਕੇਜਰੀਵਾਲ ਦੀ ਗ੍ਰਿਫ਼ਤਾਰੀ ਕੋਈ ਇਕੱਲੀ ਘਟਨਾ ਨਹੀਂ ਸੀ ਬਲਕਿ ਉੱਘੇ ਆਗੂਆਂ ਨੂੰ ਹਿਰਾਸਤ ਵਿੱਚ ਲੈਣ ਦੀ ਲੜੀ ਦਾ ਹਿੱਸਾ ਸੀ ਜਿਨ੍ਹਾਂ ਵਿੱਚ 'ਆਪ' ਦੇ ਮੰਤਰੀ ਤੇ ਵਿਰੋਧੀ ਧਿਰ ਦੀਆਂ ਸ਼ਖ਼ਸੀਅਤਾਂ ਸ਼ਾਮਿਲ ਹਨ। ਇਸ ਘਟਨਾਕ੍ਰਮ ਨੇ ਇੱਕਪਾਸੜ ਲਾਭ ਲਈ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਬਾਰੇ ਫ਼ਿਕਰ ਵੀ ਪੈਦਾ ਕੀਤੇ ਸਨ। ਚੋਣਾਂ ਦੀ ਰੁੱਤ ਵਿੱਚ ਇਨ੍ਹਾਂ ਗ੍ਰਿਫ਼ਤਾਰੀਆਂ ਦੇ ਸਮੇਂ ਤੋਂ ਸਿਆਸੀ ਬਦਲਾਖੋਰੀ ਦੀ ਬੂ ਆ ਰਹੀ ਸੀ।

ਅਦਾਲਤ ਦੇ ਦਖ਼ਲ ਨੇ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਢਾਹ ਲੱਗਣ ਤੋਂ ਬਚਾਉਣ ਲਈ ਚਾਰਦੀਵਾਰੀ ਦਾ ਕੰਮ ਕੀਤਾ ਹੈ ਤੇ ਸੰਵਿਧਾਨਕ ਕਦਰਾਂ ਦੇ ਰਖਵਾਲੇ ਵਜੋਂ ਨਿਆਂਪਾਲਿਕਾ ਦੀ ਭੂਮਿਕਾ ਵੀ ਉੱਭਰ ਕੇ ਸਾਹਮਣੇ ਆਈ ਹੈ। ਲੋਕ ਸਭਾ ਚੋਣਾਂ ਦੀ ਪ੍ਰਕਿਰਿਆ ਵਿੱਚੋਂ ਲੰਘ ਰਹੇ ਮੁਲਕ ਵਿੱਚ ਸਾਰੇ ਹਿੱਤ ਧਾਰਕਾਂ ਲਈ ਜ਼ਰੂਰੀ ਹੈ ਕਿ ਉਹ ਚੋਣ ਅਮਲ ਤੇ ਪ੍ਰਸ਼ਾਸਕੀ ਕਾਰਜਾਂ ਵਿਚ ਨਿਰਪੱਖਤਾ, ਇਨਸਾਫ਼ ਅਤੇ ਪਾਰਦਰਸ਼ਤਾ ਯਕੀਨੀ ਬਣਾਉਣ। ਪਿਛਲੇ ਕੁਝ ਸਮੇਂ ਤੋਂ ਇਹ ਗੱਲ ਵਾਰ-ਵਾਰ ਉੱਭਰ ਕੇ ਸਾਹਮਣੇ ਆ ਰਹੀ ਸੀ ਕਿ ਮੌਜੂਦਾ ਕੇਂਦਰ ਸਰਕਾਰ ਵੱਖ-ਵੱਖ ਸੰਸਥਾਵਾਂ ਵਿਚ ਦਖ਼ਲ ਦੇ ਕੇ ਲੋਕਤੰਤਰੀ ਕਦਰਾਂ-ਕੀਮਤਾਂ ਦਾ ਘਾਣ ਕਰ ਰਹੀ ਹੈ। ਵਿਰੋਧੀ ਧਿਰ ਨਾਲ ਸਬੰਧਤ ਪਾਰਟੀਆਂ ਅਤੇ ਆਗੂਆਂ ਵੱਲ ਵਤੀਰਾ ਬਹੁਤ ਸਖ਼ਤ ਰੱਖਿਆ ਜਾ ਰਿਹਾ ਹੈ। ਕੇਜਰੀਵਾਲ ਦੀ ਗ੍ਰਿਫ਼ਤਾਰੀ ਨੂੰ ਇਸੇ ਵਰਗ ਵਿੱਚ ਰੱਖ ਕੇ ਦੇਖਿਆ ਜਾ ਰਿਹਾ ਸੀ ਪਰ ਅਦਾਲਤ ਨੇ ਕੇਂਦਰ ਸਰਕਾਰ ਨੂੰ ਸੁਨੇਹਾ ਦੇਣ ਦਾ ਯਤਨ ਕੀਤਾ ਹੈ ਕਿ ਲੋਕਤੰਤਰੀ ਅਮਲ ਵਿਚ ਵਿਰੋਧੀ ਧਿਰ ਨਾਲ ਅਜਿਹਾ ਵਿਹਾਰ ਕਤਈ ਨਹੀਂ ਕੀਤਾ ਜਾ ਸਕਦਾ।

## ਫ਼ਲਸਤੀਨ ਨੂੰ ਮੁਲਕ ਦਾ ਦਰਜਾ

ਗਾਜ਼ਾ ਸੰਕਟ 'ਤੇ ਵੱਡੀ ਵਿਸ਼ੇਸ਼ ਸੈਸ਼ਨ ਸੱਦਣ ਲਈ ਸ਼ੁੱਕਰਵਾਰ ਨੂੰ ਨਿਊਯਾਰਕ ਵਿੱਚ ਸੰਯੁਕਤ ਰਾਸ਼ਟਰ (ਯੂਐੱਨ) ਮਹਾਸਭਾ ਦੀ ਬੈਠਕ ਹੋਈ। ਇਸ ਮੌਕੇ ਸੰਯੁਕਤ ਰਾਸ਼ਟਰ ਵਿੱਚ ਮੁਕੰਮਲ ਮੈਂਬਰਸ਼ਿਪ ਤੋਂ ਬਿਨਾਂ ਨਿਗਰਾਨ ਰਾਜ ਵਜੋਂ ਫ਼ਲਸਤੀਨ ਦੇ ਹੱਕਾਂ ਵਿੱਚ ਵਾਧਾ ਕਰਨ ਬਾਰੇ ਮਤਾ ਵੱਡੀ ਬਹੁਗਿਣਤੀ ਨਾਲ ਪਾਸ ਕੀਤਾ ਗਿਆ। ਆਲਮੀ ਸੰਗਠਨ ਵਿੱਚ ਫ਼ਲਸਤੀਨ ਦੇ ਅਧਿਕਾਰਾਂ ਦਾ ਦਰਜਾ ਉੱਚਾ ਚੁੱਕਣ ਨੂੰ ਮਿਲੇ ਭਰਵੇਂ ਕੌਮਾਂਤਰੀ ਹੁੰਗਾਰੇ ਦੇ ਨਾਲ-ਨਾਲ ਸੰਯੁਕਤ ਰਾਸ਼ਟਰ ਸਲਾਮਤੀ ਪਰਿਸ਼ਦ ਨੂੰ ਬੇਨਤੀ ਕੀਤੀ ਗਈ ਕਿ ਉਹ ਫ਼ਲਸਤੀਨ ਨੂੰ ਸੰਪੂਰਨ ਰਾਜ ਦਾ ਦਰਜਾ ਦੇਣ ਉੱਤੇ ਵਿਚਾਰ ਕਰੇ। ਇਸ ਮਤੇ ਨਾਲ ਸੰਯੁਕਤ ਰਾਸ਼ਟਰ ਅੰਦਰ ਫ਼ਲਸਤੀਨ ਦੇ ਹੱਕਾਂ ਦਾ ਦਾਇਰਾ ਵਧ ਗਿਆ ਹੈ; ਹਾਲਾਂਕਿ ਇਸ ਨਾਲ ਉਸ ਨੂੰ ਵੋਟ ਦਾ ਹੱਕ ਜਾਂ ਸੰਯੁਕਤ ਰਾਸ਼ਟਰ ਇਕਾਈਆਂ ਦੀਆਂ ਚੋਣਾਂ ਵਿਚ ਖੜ੍ਹੇ ਹੋਣ ਦਾ ਅਧਿਕਾਰ ਨਹੀਂ ਮਿਲੇਗਾ।

ਹੁਣ 10 ਸਤੰਬਰ ਨੂੰ ਜਦੋਂ ਸੰਯੁਕਤ ਰਾਸ਼ਟਰ ਮਹਾਸਭਾ ਆਪਣਾ ਅਗਲਾ ਸੈਸ਼ਨ ਆਰੰਭੇਗੀ, ਉਦੋਂ ਫ਼ਲਸਤੀਨੀ ਸਟੇਟ ਹਾਸ਼ੀਏ 'ਤੇ ਨਹੀਂ ਰਹੇਗੀ। ਵਰਣਮਾਲਾ ਦੇ ਕ੍ਰਮ ਅਨੁਸਾਰ ਇਹ ਬਾਕੀ ਮੈਂਬਰ ਮੁਲਕਾਂ ਦੇ ਨਾਲ ਬੈਠੇਗਾ, ਤਜਵੀਜ਼ਾਂ ਤੇ ਸੋਧਾਂ ਵਿੱਚ ਇਸ ਦੀ ਭੂਮਿਕਾ ਹੋਵੇਗੀ। ਫ਼ਲਸਤੀਨੀ ਪ੍ਰਤੀਨਿਧੀਆਂ ਨੂੰ ਯੂਐੱਨ ਮਹਾਸਭਾ ਦੀਆਂ ਕਈ ਪੂਰਨ ਅਤੇ ਮੁੱਖ ਕਮੇਟੀਆਂ ਵਿੱਚ ਅਧਿਕਾਰੀਆਂ ਵਜੋਂ ਚੁਣਿਆ ਜਾ ਸਕੇਗਾ। ਇਸ ਕਦਮ ਦੀ ਵੱਡੀ ਪ੍ਰਤੀਕਾਤਮਕ ਕੀਮਤ ਹੈ; ਹਾਲਾਂਕਿ ਇਸ ਨਾਲ ਫਲਸਤੀਨੀਆਂ ਦੀ ਮੌਜੂਦਾ ਅਤੇ ਹੋਂਦ ਨਾਲ ਜੁੜੀ ਪੀੜ ਘੱਟ ਨਹੀਂ ਜਾਂਦੀ। ਇਸ ਵਕਤ ਸਭ ਤੋਂ ਵੱਧ ਅਹਿਮੀਅਤ ਗੋਲੀਬੰਦੀ, ਮਾਨਵੀ ਮਦਦ ਵਿੱਚ ਵੱਡੇ ਵਾਧੇ ਅਤੇ ਇਜ਼ਰਾਇਲੀ ਬੰਦੀਆਂ ਦੀ ਵਾਪਸੀ ਦੀ ਹੈ।

ਫ਼ਲਸਤੀਨ ਨੂੰ ਮੁਕੰਮਲ ਮੈਂਬਰਸ਼ਿਪ ਦੇਣ ਦੇ ਨਾਲੋ-ਨਾਲ ਹੀ ਗੋਲੀਬੰਦੀ ਹੋਣੀ ਚਾਹੀਦੀ ਹੈ। 143 ਮੁਲਕਾਂ ਵੱਲੋਂ ਮਿਲਿਆ ਭਰਵਾਂ ਹੁੰਗਾਰਾ, ਵੋਟ ਨਾ ਪਾਉਣ ਵਾਲੇ 25 ਮੁਲਕਾਂ ਅਤੇ 'ਨਾਂਹ' ਕਰਨ ਵਾਲੇ ਅਮਰੀਕਾ ਦੀ ਅਗਵਾਈ ਹੇਠਲੇ 9 ਜਣਿਆਂ ਉੱਤੇ ਭਾਰੂ ਪਿਆ ਹੈ। ਸੰਸਾਰ ਖ਼ਾਸ ਤੌਰ 'ਤੇ 'ਗਲੋਬਲ ਸਾਊਥ' ਜਿਸ ਵਿੱਚ ਅਫ਼ਰੀਕਾ, ਲਾਤੀਨੀ ਅਮਰੀਕਾ, ਕੈਰੀਬੀਅਨ, ਏਸ਼ੀਆ (ਇਜ਼ਰਾਈਲ, ਜਪਾਨ ਤੇ ਦੱਖਣੀ ਕੋਰੀਆ ਨੂੰ ਛੱਡ ਕੇ) ਤੇ ਓਸ਼ਨੀਆ (ਆਸਟਰੇਲੀਆ ਤੇ ਨਿਊਜ਼ੀਲੈਂਡ ਨੂੰ ਛੱਡ ਕੇ) ਦੇ ਸਾਰੇ ਮੁਲਕ ਆਉਂਦੇ ਹਨ, ਖੇਤਰ ਵਿਚ ਵਾਰ-ਵਾਰ ਉੱਠ ਰਹੇ ਟਕਰਾਅ ਦੇ ਝਟਕਿਆਂ 'ਚੋਂ ਉਪਜੇ ਨਕਾਰਾਤਮਕ ਸਿੱਟਿਆਂ ਨੂੰ ਬਰਦਾਸ਼ਤ ਨਹੀਂ ਕਰ ਸਕਦਾ। ਪਿਛਲੇ ਮਹੀਨੇ, ਸੰਯੁਕਤ ਰਾਸ਼ਟਰ ਸਲਾਮਤੀ ਪਰਿਸ਼ਦ 'ਚ ਫ਼ਲਸਤੀਨ ਨੂੰ ਮੁਲਕ ਦਾ ਦਰਜਾ ਦੇਣ ਦੇ ਮਤੇ ਦਾ ਇੱਕੋ-ਇੱਕ ਵਿਰੋਧੀ ਅਮਰੀਕਾ ਸੀ। ਅਮਰੀਕੀ ਕਾਲਜਾਂ-ਯੂਨੀਵਰਸਿਟੀਆਂ ਵਿੱਚ ਉੱਠੇ ਵਿਦਰੋਹ ਨੂੰ ਧਿਆਨ ਵਿੱਚ ਰੱਖਦਿਆਂ ਵਾਸ਼ਿੰਗਟਨ ਵੀ ਹੁਣ ਇਹ ਸਮਝ ਸਕਦਾ ਹੈ ਕਿ ਘਰੇਲੂ ਪੱਧਰ ਉੱਤੇ ਹਵਾ ਕਿਸ ਰੁਖ਼ ਵਗ ਰਹੀ ਹੈ। ਅਮਰੀਕਾ ਨੇ ਸਦਾ ਇਜ਼ਰਾਈਲ ਦਾ ਪੱਖ ਪੂਰਿਆ ਹੈ ਅਤੇ ਫ਼ਲਸਤੀਨ ਦੇ ਹੱਕ ਵਿਚ ਆਉਣ ਵਾਲਾ ਹਰ ਮਤਾ ਵੀਟੋ ਕੀਤਾ ਹੈ। ਇਜ਼ਰਾਈਲ ਨੇ ਜਿਸ ਤਰ੍ਹਾਂ ਗਾਜ਼ਾ ਦੀ ਤਬਾਹੀ ਕੀਤੀ ਹੈ, ਉਸ ਨਾਲ ਸਾਰਾ ਸੰਸਾਰ ਹੀ ਦੰਗ ਰਹਿ ਗਿਆ ਹੈ ਅਤੇ ਇਜ਼ਰਾਈਲ ਦੀਆਂ ਜ਼ਿਆਦਤੀਆਂ ਖ਼ਿਲਾਫ ਆਵਾਜ਼ ਹੌਲੀ-ਹੌਲੀ ਬੁਲੰਦ ਹੋਣੀ ਆਰੰਭ ਹੋਈ ਹੈ। ਉਧਰ, ਅਮਰੀਕੀ ਸ਼ਾਸਕ ਵੀ ਕਸੂਤੇ ਫਸੇ ਹੋਏ ਹਨ। ਉੱਥੇ ਮੁਲਕ ਦੇ ਉਗਲ ਰਾਸ਼ਟਰਪਤੀ ਦੀ ਚੋਣ ਲਈ ਕਵਾਇਦ ਬਾਕਾਇਦਾ ਚੱਲ ਰਹੀ ਹੈ ਅਤੇ ਸਿਆਸੀ ਧਿਰਾਂ ਨੂੰ ਫੂਕ-ਫੂਕ ਕੇ ਪੈਰ ਧਰਨਾ ਪੈ ਰਿਹਾ ਹੈ। ਸਿੱਟੇ ਵਜੋਂ ਹੁਣ ਹਾਲਾਤ ਅਜਿਹੇ ਬਣ ਰਹੇ ਹਨ ਕਿ ਸੰਯੁਕਤ ਰਾਸ਼ਟਰ ਅੰਦਰ ਫ਼ਲਸਤੀਨ ਦੇ ਹੱਕ ਵਿਚ ਲਾਮਬੰਦੀ ਹੋਣ ਲੱਗ ਪਈ ਹੈ।

# ਮੱਧ ਪੂਰਬ ਦੇ ਹਾਲਾਤ ਅਤੇ ਵਿਸ਼ਵ ਸਿਆਸਤ

**ਮਨਦੀਪ**



ਅਮਰੀਕਾ ਵੱਲੋਂ ਇਜ਼ਰਾਈਲ ਨਾਲ ਮਿਲ ਕੇ ਫ਼ਲਸਤੀਨ ਦੀ ਨਸਲਕੁਸ਼ੀ ਜਾਰੀ ਹੈ। ਪੱਛਮੀ ਤਾਕਤਾਂ ਦੇ ਸਾਂਝੇ ਸਹਿਯੋਗ ਨਾਲ ਚਲਾਈ ਜਾ ਰਹੀ ਇਸ ਕਵਾਇਦ ਵਿੱਚ ਇਜ਼ਰਾਈਲ ਨੇ ਪਿਛਲੇ 6 ਮਹੀਨਿਆਂ ਵਿੱਚ 36000 ਤੋਂ ਵੱਧ ਬੇਕਸੂਰ ਲੋਕ ਮਾਰ ਦਿੱਤੇ ਹਨ। ਗਾਜ਼ਾ ਪੱਟੀ ਨੂੰ ਮਲਬੇ ਦੇ ਢੇਰ ਵਿੱਚ ਅਤੇ ਰਾਫਾਹ ਦੇ 'ਸੁਰੱਖਿਅਤ ਲਾਂਘੇ' ਨੂੰ ਸੰਸਾਰ ਦੇ ਵੱਡੇ 'ਕੈਦਖਾਨੇ' ਵਿੱਚ ਬਦਲ ਦਿੱਤਾ ਹੈ ਦਿੱਤਾ ਹੈ ਜਿੱਥੇ 10 ਲੱਖ ਤੋਂ ਵੱਧ ਲੋਕ ਭੋਜਨ, ਪਾਣੀ ਤੇ ਇਲਾਜ ਦੀ ਥੁੜ੍ਹ ਦਾ ਸਾਹਮਣਾ ਕਰ ਰਹੇ ਹਨ। 'ਸੰਸਾਰ ਸ਼ਾਂਤੀ' ਅਤੇ 'ਮਾਨਵਤਾਵਾਦ' ਦਾ ਦਮ ਭਰਨ ਵਾਲੀਆਂ ਸਾਰੀਆਂ ਸਾਮਰਾਜੀ ਜੰਗਬਾਜ਼ ਤਾਕਤਾਂ ਇਜ਼ਰਾਈਲ ਦੀ ਪਿੱਠ 'ਤੇ ਹਨ। ਅਮਰੀਕਾ ਅੰਦਰ ਫ਼ਲਸਤੀਨ ਦੇ ਪੱਖ ਵਿੱਚ ਜ਼ੋਰਦਾਰ ਆਵਾਜ਼ ਉਠਾਈ ਜਾ ਰਹੀ ਹੈ ਅਤੇ ਸੰਸਾਰ ਭਰ ਵਿੱਚ ਫ਼ਲਸਤੀਨੀਆਂ ਦੀ ਨਸਲਕੁਸ਼ੀ ਵਿਰੁੱਧ ਰੋਸ ਪ੍ਰਦਰਸ਼ਨਾਂ ਦੇ ਬਾਵਜੂਦ ਜੰਗਬੰਦੀ ਦੀ ਬਜਾਇ ਇਹ ਟਕਰਾਅ ਮੱਧ ਪੂਰਬ ਵੱਲ ਵਧ ਰਿਹਾ ਹੈ।

ਇਹ ਟਕਰਾਅ ਇਜ਼ਰਾਈਲ ਦੇ ਗੁਆਂਢ ਇਰਾਨ, ਲਿਬਨਾਨ, ਯਮਨ, ਸੀਰੀਆ ਅਤੇ ਫ਼ਲਸਤੀਨ ਦੇ ਕਰੀਬੀ ਦੇਸ਼ਾਂ ਦੁਆਲੇ ਪੈਦਾ ਹੋ ਰਿਹਾ ਹੈ। ਅਮਰੀਕਾ ਨੇ ਆਪਣੇ ਸਾਮਰਾਜੀ ਵਪਾਰਕ ਤੇ ਸਿਆਸੀ ਹਿੱਤਾਂ ਲਈ ਯੂਕਰੇਨ ਅਤੇ ਇਜ਼ਰਾਈਲ ਨੂੰ ਜੰਗ ਦੀ ਭੱਠੀ ਵਿੱਚ ਝੋਕਿਆ। ਯੂਕਰੇਨ ਅਤੇ ਇਜ਼ਰਾਈਲ ਨੂੰ ਹਥਿਆਰ, ਫ਼ੌਜੀ ਤੇ 'ਹਰ ਪ੍ਰਕਾਰ' ਦੀ ਸਹਾਇਤਾ ਦਿੱਤੀ ਜਾ ਰਹੀ ਹੈ। ਯੂਕਰੇਨ ਜੰਗ ਕਾਰਨ ਦੁਨੀਆ ਭਰ ਵਿੱਚ ਮਹਿੰਗਾਈ ਤੇ ਟੈਕਸ ਬੋਝ ਦੇ ਸੰਕਟ ਨਾਲ ਸਾਰੇ ਸੰਸਾਰ ਅੰਦਰ ਆਰਥਿਕ-ਸਿਆਸੀ ਸੰਕਟ ਪੈਦਾ ਹੋ ਰਿਹਾ ਹੈ ਜਿਸ ਕਰ ਕੇ ਅਮਰੀਕਾ ਸਮੇਤ ਪੱਛਮੀ ਸਾਮਰਾਜੀ ਤਾਕਤਾਂ ਲਈ ਨਿੱਤ ਨਵੀਆਂ ਮੁਸ਼ਕਿਲਾਂ ਖੜ੍ਹੀਆਂ ਹੋ ਰਹੀਆਂ ਹਨ।

ਜੰਗ ਵਿੱਚ ਹਿੱਸੇਦਾਰ ਤਾਕਤਾਂ ਦੇ ਸਿਆਸੀ ਨੇਤਾਵਾਂ ਦੇ ਰਾਜਨੀਤਕ ਕਰੀਅਰ ਦਾਅ 'ਤੇ ਹਨ। ਜਾਪਾਨ 'ਤੇ ਦੂਜੀ ਸੰਸਾਰ ਜੰਗ ਸਮੇਂ ਫੌਜੀ ਹਥਿਆਰ ਬਣਾਉਣ ਉਤੇ ਲੱਗੀ ਰੋਕ ਹਟਾਈ ਜਾ ਰਹੀ ਹੈ ਤੇ ਅਮਰੀਕਾ ਵਿੱਚ ਚੋਣਾਂ ਨਜ਼ਦੀਕ ਹੋਣ ਕਰ ਕੇ ਬਾਇਡਨ ਪ੍ਰਸ਼ਾਸਨ ਬੁਰੀ ਤਰ੍ਹਾਂ ਘਿਰ ਗਿਆ ਹੈ। ਇਸ ਨੇ ਯੂਕਰੇਨ ਤੇ ਇਜ਼ਰਾਈਲ ਨੂੰ ਵੱਖ-ਵੱਖ ਤਰ੍ਹਾਂ ਦੀ ਸਹਾਇਤਾ ਸਪਲਾਈ ਵਿੱਚ ਕਮੀ ਲਿਆਂਦੀ ਹੈ ਪਰ ਇਸ ਨੂੰ ਪੂਰੀ ਤਰ੍ਹਾਂ ਬੰਦ ਨਹੀਂ ਕੀਤਾ; ਹੁਣ ਇਹ ਜੰਗ ਹਾਰ ਰਹੇ ਯੂਕਰੇਨ ਨੂੰ ਅਰਬਾਂ ਡਾਲਰਾਂ ਦੀ ਸਹਾਇਤਾ ਅਤੇ ਹਥਿਆਰ ਸਪਲਾਈ ਕਰ ਰਿਹਾ ਹੈ; ਹੋਰ ਵਿਸ਼ੇਸ਼ ਪੈਕੇਜਾਂ ਦੀ ਜ਼ਰੂਰਤ ਕਾਰਨ ਯੂਕਰੇਨ ਤੇ ਇਜ਼ਰਾਇਲੀ ਹਾਕਮ ਇੱਕ ਪਾਸੇ ਅਮਰੀਕਾ ਤੇ ਪੱਛਮੀ ਤਾਕਤਾਂ ਨਾਲ ਬਗਲਗੀਰ ਹਨ, ਦੂਜੇ ਪਾਸੇ ਉਹ ਇਨ੍ਹਾਂ ਤਾਕਤਾਂ ਵੱਲੋਂ ਹਥਿਆਰਾਂ ਤੇ ਵਿਸ਼ੇਸ਼ ਫੰਡਾਂ ਦੀ ਘਾਟ ਕਰ ਕੇ ਨਾਰਾਜ਼ਗੀ ਵੀ ਜ਼ਾਹਿਰ ਕਰਦੇ ਰਹਿੰਦੇ ਹਨ। ਇਜ਼ਰਾਈਲ ਨੇ ਪਹਿਲੀ ਅਪਰੈਲ ਨੂੰ ਦਮਸ਼ਕ (ਸੀਰੀਆ) ਸਥਿਤ ਇਰਾਨ ਦੇ ਸ਼ਰਾਫਤਖਾਨੇ ਉੱਤੇ ਹਮਲਾ ਕਰ ਕੇ ਇਰਾਨੀ ਸਰਕਾਰ ਨੂੰ ਜਵਾਬੀ ਹਮਲਾ ਕਰਨ ਲਈ ਮਜਬੂਰ ਕੀਤਾ। ਇਸ ਹਮਲੇ ਨੇ ਅਮਰੀਕਾ ਨੂੰ ਅਸਿੱਧੇ ਤੌਰ 'ਤੇ ਜੰਗ ਵਿੱਚ ਖਿੱਚ ਲਿਆ। ਇਜ਼ਰਾਇਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਇਰਾਨ ਨਾਲ ਯੁੱਧ ਭੜਕਾਉਣ ਦੀ ਕੋਸ਼ਿਸ਼ ਕਰ ਕੇ ਖਿੱਤੇ ਵਿੱਚ ਤਣਾਅ ਪੈਦਾ ਕਰ ਦਿੱਤਾ। ਇਹ ਜੰਗੀ ਘਟਨਾਵਾਂ ਮੱਧ ਪੂਰਬ ਦੇ ਨਾਲ-ਨਾਲ ਪੱਛਮ ਅਤੇ ਕੁੱਲ ਆਲਮ ਉੱਤੇ ਮਾੜਾ ਪ੍ਰਭਾਵ ਪਾਉਣ ਵਾਲੀਆਂ ਹਨ। ਇਨ੍ਹਾਂ ਘਟਨਾਵਾਂ ਬਾਅਦ ਸੰਸਾਰ ਭਰ ਵਿੱਚ ਜੰਗੀ ਤਣਾਅ ਦੇ ਨਾਲ-ਨਾਲ ਗਲੋਬਲ ਸ਼ੇਅਰ ਮਾਰਕਿਟ ਵਿੱਚ ਗਿਰਾਵਟ ਪੈਦਾ ਹੋਈ। ਸੋਨੇ ਤੇ ਤੇਲ ਕੀਮਤਾਂ ਵਿੱਚ ਵਾਧਾ ਅਤੇ ਅਰਬ ਖਿੱਤੇ ਦੀ ਭੂ-ਸਿਆਸੀ ਹਾਲਤ ਵਿੱਚ ਵੱਡੀਆਂ ਚੁਣੌਤੀਆਂ ਖੜ੍ਹੀਆਂ ਹੋ ਗਈਆਂ।

ਇਰਾਨ ਤੇਲ ਉਤਪਾਦਕ ਦੇਸ਼ ਹੈ। ਜੇ ਇਹ ਤਣਾਅ ਹੋਰ ਵਧਦਾ ਹੈ ਤਾਂ ਮੱਧ ਪੂਰਬ ਦੇ ਤੇਲ ਉਤਪਾਦਕ ਦੇਸ਼ ਇਸ ਜੰਗ ਜਾਂ ਟਕਰਾਅ ਤੋਂ ਅਛੂਤੇ ਨਹੀਂ ਰਹਿਣਗੇ। ਮੱਧ ਪੂਰਬ ਵਿੱਚ ਜੰਗ ਜਾਂ ਜੰਗੀ ਝਗੜਿਆਂ ਦਾ ਸਪੱਸ਼ਟ ਨਤੀਜਾ ਹੋਵੇਗਾ ਕਿ ਖੇਤਰ ਵਿੱਚ ਕੌਮਾਂਤਰੀ ਵਪਾਰਕ ਲਾਂਘਿਆਂ ਵਿੱਚ ਔਕੜਾਂ ਆਉਣਗੀਆਂ। ਮੱਧ ਪੂਰਬੀ ਤੇਲ ਦੀ ਸਪਲਾਈ ਪ੍ਰਭਾਵਿਤ ਹੋਣ ਨਾਲ ਕੌਮਾਂਤਰੀ ਮੰਡੀ ਵਿੱਚ ਤੇਲ ਕੀਮਤਾਂ ਵਿੱਚ ਵਾਧਾ ਹੋਵੇਗਾ ਜਿਸ ਨਾਲ ਢੋਆ-ਢੁਆਈ ਤੇ ਸਭ ਜ਼ਰੂਰੀ ਵਸਤਾਂ ਦੇ ਭਾਅ ਵਧ ਜਾਣਗੇ। ਮਹਿੰਗਾਈ ਵਧਣ ਨਾਲ ਕੇਂਦਰੀ ਬੈਂਕਾਂ ਦੀਆਂ ਵਿਆਜ ਦਰਾਂ ਵਿੱਚ ਵਾਧਾ ਹੋਵੇਗਾ ਜਿਸ ਨਾਲ ਲੋਕਾਂ ਦੀ ਖਰੀਦ ਸ਼ਕਤੀ ਪ੍ਰਭਾਵਿਤ ਹੋਵੇਗੀ। ਇਰਾਨ-ਇਜ਼ਰਾਈਲ ਟਕਰਾਅ ਕਾਰਨ ਅਮਰੀਕਾ ਨੇ ਇਰਾਨ ਦੀਆਂ ਸਟੀਲ, ਕਾਰ, ਮੈਨੂਫੈਕਚਰਿੰਗ ਆਦਿ ਕੰਪਨੀਆਂ ਉੱਤੇ ਆਰਥਿਕ ਰੋਕਾਂ ਲਾ ਦਿੱਤੀਆਂ ਹਨ। ਇਰਾਨ ਨੇ ਪਾਕਿਸਤਾਨ, ਸ੍ਰੀਲੰਕਾ ਤੇ ਬਾਕੀ ਮੁਸਲਿਮ ਦੇਸ਼ਾਂ ਨਾਲ ਵਪਾਰਕ ਸਬੰਧਾਂ ਵਿੱਚ ਤੇਜ਼ੀ ਲਿਆਉਣੀ ਸ਼ੁਰੂ ਕਰ ਦਿੱਤੀ ਹੈ ਜਿਸ ਨਾਲ ਵੱਖ-ਵੱਖ ਦੇਸ਼ਾਂ ਵਿਚਕਾਰ ਭੂ-ਸਿਆਸੀ, ਵਪਾਰਕ ਤੇ ਕੂਟਨੀਤਕ ਸਬੰਧਾਂ ਦੀਆਂ ਸਮੱਸਿਆਵਾਂ ਖੜ੍ਹੀਆਂ ਹੋ ਸਕਦੀਆਂ ਹਨ। ਇਉਂ ਸੰਸਾਰ ਵਿੱਚ ਵੱਖ-ਵੱਖ ਤਾਕਤਾਂ ਵਿਚਕਾਰ ਧਰੁਵੀਕਰਨ ਲਗਾਤਾਰ ਤੇਜ਼ ਅਤੇ ਤਿੱਖਾ ਹੋ ਰਿਹਾ ਹੈ।

ਇਰਾਨ ਅਤੇ ਇਜ਼ਰਾਈਲ ਮੱਧ ਪੂਰਬ ਵਿੱਚ ਪ੍ਰਭਾਵੀ ਖੇਤਰੀ ਸ਼ਕਤੀਆਂ ਹਨ ਜਿਨ੍ਹਾਂ ਵਿੱਚੋਂ ਇਜ਼ਰਾਈਲ ਜਿੱਥੇ ਅਮਰੀਕਾ ਦੇ ਮੱਧ ਪੂਰਬ ਵਿੱਚ ਫੌਜੀ ਤੇ ਰਣਨੀਤਕ ਅੱਡੇ ਸਮਾਨ ਹੈ, ਉੱਥੇ ਇਰਾਨ ਅਮਰੀਕਾ ਤੇ ਇਜ਼ਰਾਈਲ ਦਾ ਪੁਰਾਣਾ ਦੁਸ਼ਮਣ ਹੈ। ਇਰਾਨ ਇਜ਼ਰਾਈਲ ਵਿਚਕਾਰ ਧਾਰਮਿਕ ਤੇ ਵਿਚਾਰਧਾਰਕ ਮੱਤਭੇਦ ਰਹੇ ਹਨ। ਇਰਾਨ ਇਸਲਾਮੀ ਗਣਰਾਜ ਹੈ ਜੋ ਯੇਰੂਸ਼ਲਮ ਵਿੱਚ ਮੁਸਲਮਾਨਾਂ ਦਾ ਮੱਕਾ ਆਖੀ ਜਾਂਦੀ ਅਲ ਅਕਸਾ ਮਸਜਿਦ 'ਤੇ ਕੰਟਰੋਲ ਸਥਾਪਿਤ ਕਰ ਕੇ ਅਰਬ ਮੁਲਕਾਂ ਦੀ ਅਗਵਾਈ ਕਰਨਾ ਚਾਹੁੰਦਾ ਹੈ; ਇਜ਼ਰਾਈਲ ਨਸਲਵਾਦੀ ਯਹੂਦੀ ਸਟੇਟ ਹੈ ਜਿਸ ਦੇ ਆਪਣੇ ਖੇਤਰੀ ਤੇ ਨਸਲੀ ਮਨਸੂਬੇ ਹਨ। ਦੋਵਾਂ ਦਰਮਿਆਨ ਧਾਰਮਿਕ ਤੇ ਇਤਿਹਾਸਕ ਦੁਸ਼ਮਣੀ ਕਾਰਨ ਮੌਜੂਦਾ ਹਮਲਿਆਂ ਦੇ ਪਸਾਰ ਗੁੰਝਲਦਾਰ ਹਨ।

ਇਜ਼ਰਾਈਲ ਇਰਾਨ ਅਤੇ ਹਿਜ਼ਬੁੱਲਾ ਤੇ ਹਮਾਸ ਵਰਗੇ ਗਰੁੱਪਾਂ ਨੂੰ ਆਪਣੀ ਖੇਤਰੀ ਤੇ ਵਪਾਰਕ ਸੁਰੱਖਿਆ ਲਈ ਖ਼ਤਰੇ ਵਜੋਂ ਦੇਖਦਾ ਹੈ। ਇਜ਼ਰਾਈਲ ਇਰਾਨ ਦੇ ਪਰਮਾਣੂ ਪ੍ਰੋਗਰਾਮ ਦਾ ਵੀ ਲਗਾਤਾਰ ਵਿਰੋਧ ਕਰ ਰਿਹਾ ਹੈ। ਉੱਧਰ ਇਰਾਨ ਇਜ਼ਰਾਈਲ ਦੀ ਫੌਜੀ ਤਾਕਤ ਅਤੇ ਉਸ ਦੇ ਅਮਰੀਕਾ ਤੇ ਪੱਛਮੀ ਤਾਕਤਾਂ ਨਾਲ ਗਠਜੋੜ ਨੂੰ ਆਪਣੀ ਸੁਰੱਖਿਆ ਲਈ ਖ਼ਤਰਾ ਮੰਨਦਾ ਹੈ। ਕਿਸੇ ਸਮੇਂ ਅਮਰੀਕਾ ਦਾ ਪਿੱਠੂ ਰਿਹਾ ਇਰਾਨ 1979 ਦੇ 'ਇਸਲਾਮੀ ਇਨਕਲਾਬ' ਤੋਂ ਬਾਅਦ ਉਸ ਦਾ ਵੱਡਾ ਦੁਸ਼ਮਣ ਬਣ ਕੇ ਸਾਹਮਣੇ ਆਇਆ ਹੈ।

ਪਹਿਲੀ ਅਪਰੈਲ ਦੇ ਹਮਲਿਆਂ ਬਾਅਦ ਅਮਰੀਕਾ ਨੇ 18 ਬਿਲੀਅਨ ਡਾਲਰ ਤੋਂ ਵੱਧ ਦੇ ਸੌਦਿਆਂ ਵਿੱਚ ਇਜ਼ਰਾਈਲ ਨੂੰ 50 ਐੱਫ-15 ਲੜਾਕੂ ਜਹਾਜ਼ਾਂ ਦੀ ਵਿਕਰੀ ਨੂੰ ਮਨਜ਼ੂਰੀ ਦੇਣ ਲਈ ਕਾਂਗਰਸ 'ਤੇ ਜ਼ੋਰ ਦੇਣਾ ਸ਼ੁਰੂ ਕਰ ਦਿੱਤਾ। ਉੱਧਰ, ਆਸਟਰੇਲੀਆ ਦੀਆਂ ਕੰਪਨੀਆਂ ਦੁਆਰਾ 13 ਮਿਲੀਅਨ ਡਾਲਰ ਦੇ ਹਥਿਆਰ ਅਤੇ ਗੋਲਾ ਬਾਰੂਦ ਇਜ਼ਰਾਈਲ ਨੂੰ ਬਰਾਮਦ ਕੀਤੇ ਹਨ। ਇਸੇ ਤਰ੍ਹਾਂ ਇੰਗਲੈਂਡ, ਜਰਮਨੀ, ਕੈਨੇਡਾ ਤੇ ਹੋਰ ਪੱਛਮੀ ਤਾਕਤਾਂ ਇਜ਼ਰਾਈਲ ਨੂੰ ਵਿੱਤੀ ਤੇ ਹਥਿਆਰਾਂ ਦੀ ਸਹਾਇਤਾ ਦੇ ਰਹੀਆਂ ਹਨ।

ਬੀਤੇ ਦਿਨੀਂ ਬਾਇਡਨ ਪ੍ਰਸ਼ਾਸਨ ਨੇ 'ਸੰਸਾਰ ਸ਼ਾਂਤੀ' ਦੇ ਬਹਾਨੇ ਯੂਕਰੇਨ, ਇਜ਼ਰਾਈਲ ਅਤੇ ਤਾਇਵਾਨ ਨੂੰ 95 ਬਿਲੀਅਨ ਡਾਲਰ ਦੇ ਵਿਦੇਸ਼ੀ ਸਹਾਇਤਾ ਪੈਕੇਜ ਦੇਣ ਲਈ ਕਾਨੂੰਨ ਬਣਾਉਣ ਦੀ ਪੇਸ਼ਕਸ਼ ਕੀਤੀ। ਇਸ ਨੇ ਇਸ ਕਾਨੂੰਨ ਰਾਹੀਂ 'ਸੰਸਾਰ ਨੂੰ ਸੁਰੱਖਿਅਤ ਬਣਾਉਣ' ਦਾ ਦਾਅਵਾ ਕੀਤਾ। ਵ੍ਹਾਈਟ ਹਾਊਸ 'ਚ ਬਾਇਡਨ ਨੇ ਕਿਹਾ ਕਿ ਅਮਰੀਕਾ ਕੁਝ ਘੰਟਿਆਂ ਦੇ ਅੰਦਰ ਯੂਕਰੇਨ ਨੂੰ ਹਥਿਆਰ ਅਤੇ ਸਾਜ਼ੋ-ਸਾਮਾਨ ਭੇਜਣਾ ਸ਼ੁਰੂ ਕਰ ਦੇਵੇਗਾ। ਇਸ ਕਾਨੂੰਨ ਵਿੱਚ ਯੂਕਰੇਨ ਨੂੰ 60.8 ਬਿਲੀਅਨ ਡਾਲਰ, ਇਜ਼ਰਾਈਲ ਲਈ 26.3 ਬਿਲੀਅਨ ਡਾਲਰ ਅਤੇ ਇੰਡੋ-ਪੈਸੇਫਿਕ ਖੇਤਰ ਲਈ 8.1 ਬਿਲੀਅਨ ਡਾਲਰ ਦੀ 'ਸ਼ਾਂਤੀ ਸਹਾਇਤਾ' ਸ਼ਾਮਲ ਹੈ। ਇਸ ਸਮੇਂ ਸੁਰੱਖਿਆ ਬਿੱਲ ਵਿੱਚ ਸ਼ੋਸ਼ਲ ਮੀਡੀਆ ਪਲੈਟਫਾਰਮ ਟਿਕ-ਟੌਕ 'ਤੇ ਦੇਸ਼-ਵਿਆਪੀ ਪਾਬੰਦੀ ਵੀ ਲਗਾਈ ਜਾ ਰਹੀ ਹੈ। ਜਦੋਂ ਬਾਇਡਨ ਇਹ ਸਭ ਬੋਲ ਰਿਹਾ ਸੀ, ਉਦੋਂ ਦੇਸ਼ ਦੀਆਂ ਦਰਜਨਾਂ ਵੱਕਾਰੀ ਯੂਨੀਵਰਸਿਟੀਆਂ ਦੇ ਵਿਦਿਆਰਥੀ ਯੁੱਧ ਵਿਰੁੱਧ ਪ੍ਰਦਰਸ਼ਨ ਕਰ ਰਹੇ ਸਨ।

ਸਾਮਰਾਜੀ ਅਮਰੀਕਾ ਤੇ ਨਸਲਵਾਦੀ ਇਜ਼ਰਾਈਲ ਦੇ ਨਾਲ-ਨਾਲ ਇਸਲਾਮੀ ਇਰਾਨੀ ਹੁਕਮਰਾਨ ਵੀ ਲੋਕਾਂ ਦੇ ਖੈਰ-ਖੁਆਹ ਨਹੀਂ। ਉਹ ਆਪਣੀ ਧਾਰਮਿਕ ਸੱਤਾ ਅਤੇ ਪਿਤਰਕੀ ਵਿਚਾਰਧਾਰਾ ਵਾਲਾ ਸ਼ਾਸਨ ਕਾਇਮ ਰੱਖਣ ਅਤੇ ਮੱਧ ਪੂਰਬ 'ਚ ਇਸ ਦੇ ਵਿਸਥਾਰ ਲਈ ਯਤਨਸ਼ੀਲ ਹਨ। ਇਰਾਨ ਦਹਾਕਿਆਂ ਤੋਂ ਸਾਊਦੀ ਅਰਬ, ਤੁਰਕੀ ਤੇ ਇਜ਼ਰਾਈਲ ਨਾਲ ਇਸਲਾਮੀ ਸਟੇਟ ਸਥਾਪਿਤ ਕਰਨ ਲਈ ਟਕਰਾਅ ਵਿੱਚ ਹੈ। ਜਾਪਾਨ ਨੂੰ ਦੂਜੀ ਸੰਸਾਰ ਜੰਗ ਸਮੇਂ ਹੀਰੋਸ਼ੀਮਾ ਅਤੇ ਨਾਗਾਸਾਕੀ ਵਿਚ ਅਮਰੀਕਾ ਦੇ ਪਰਮਾਣੂ ਬੰਬਾਂ ਕਾਰਨ ਵੱਡਾ ਨੁਕਸਾਨ ਉਠਾਉਣਾ ਪਿਆ ਸੀ ਅਤੇ ਉਸ ਉਪਰ ਹਥਿਆਰ ਬਣਾਉਣ 'ਤੇ ਪਾਬੰਦੀ ਲੱਗੀ ਹੋਈ ਸੀ ਪਰ ਹੁਣ ਉਸ ਨੇ ਵੀ ਜੰਗੀ ਤਿਆਰੀਆਂ ਵਿੱਢਣ ਲਈ ਕਾਨੂੰਨ ਪਾਸ ਕਰਨ ਦੇ ਮਨਸੂਬੇ ਬਣਾ ਲਏ ਹਨ। ਇਉਂ ਸੰਸਾਰ ਅੰਦਰ ਜੰਗੀ ਤਿਆਰੀਆਂ ਹੋ ਰਹੀਆਂ ਹਨ ਤੇ ਸੰਸਾਰ ਸ਼ਾਂਤੀ ਲਈ ਵੱਡੇ ਖ਼ਤਰੇ ਬਣ ਰਹੇ ਹਨ। ਇਸ ਲਈ ਸੰਸਾਰ ਸ਼ਾਂਤੀ ਲਈ ਜੰਗਬਾਜ਼ ਸਾਮਰਾਜੀ ਤਾਕਤਾਂ ਅਤੇ ਉਨ੍ਹਾਂ ਦੇ ਹੱਥ-ਠੋਕੇ ਵੱਖ-ਵੱਖ ਮੁਲਕਾਂ ਦੇ ਹਾਕਮਾਂ ਤੇ ਉਨ੍ਹਾਂ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਵਿਰੋਧ ਜ਼ਰੂਰੀ ਹੈ।

# ਪੰਜਾਬੀ ਸਾਹਿਤ ਸਭਾ ਵੱਲੋਂ ਡਾ. ਸੁਰਜੀਤ ਪਾਤਰ ਨਮਿੱਤ ਸ਼ੋਕ ਸਭਾ

**ਪਟਿਆਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬੀ ਸਾਹਿਤ ਸਭਾ ਪਟਿਆਲਾ ਵੱਲੋਂ ਭਾਸ਼ਾ ਵਿਭਾਗ ਵਿੱਚ ਪੰਜਾਬੀ ਦੇ ਨਾਮਵਰ ਸ਼ਾਇਰ ਪਦਮਸ਼੍ਰੀ ਡਾ. ਸੁਰਜੀਤ ਪਾਤਰ ਦੀ ਯਾਦ ਨੂੰ ਸਮਰਪਿਤ ਸ਼ੋਕ ਸਭਾ 'ਸਾਡੇ ਸਮਿਆਂ ਦਾ ਨਾਮਵਰ ਸ਼ਾਇਰ ਪਦਮਸ਼੍ਰੀ ਸੁਰਜੀਤ ਪਾਤਰ' ਕਰਵਾਈ ਗਈ।

ਸ਼ੋਕ ਸਭਾ ਵਿੱਚ ਪੰਜਾਬੀ ਸਾਹਿਤ ਸਭਾ ਪਟਿਆਲਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ ਆਸ਼ਟ, ਵਿਦਵਾਨ ਡਾ. ਗੁਰਬਚਨ ਸਿੰਘ ਰਾਹੀ, ਸ਼੍ਰੋਮਣੀ ਸੰਸਕ੍ਰਿਤ ਸਾਹਿਤਕਾਰ ਡਾ. ਮਹੇਸ਼ ਗੌਤਮ, ਲਘੂ ਕਥਾ ਕਲਸ਼ ਦੇ ਸੰਪਾਦਕ ਯੋਗਰਾਜ ਪ੍ਰਭਾਕਰ, ਸਾਬਕਾ ਸਹਾਇਕ ਡਾਇਰੈਕਟਰ, ਭਾਸ਼ਾ ਵਿਭਾਗ, ਕੰਵਲਜੀਤ ਕੌਰ, ਮਾਸਿਕ 'ਅਣੂ'(ਲੁਧਿਆਣਾ) ਦੇ ਸੰਪਾਦਕ ਸੁਰਿੰਦਰ ਕੈਲੇ, ਰੰਗਕਰਮੀ ਮਨਪਾਲ ਟਿਵਾਣਾ ਅਤੇ ਭਾਸ਼ਾ ਵਿਭਾਗ, ਪਟਿਆਲਾ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਅਤੇ ਜਨਰਲ ਸਕੱਤਰ ਦਵਿੰਦਰ ਪਟਿਆਲਵੀ ਨੇ ਸ਼ਿਰਕਤ ਕੀਤੀ। ਇਸ ਸ਼ੋਕ ਸਭਾ ਵਿਚ ਪ੍ਰਧਾਨ ਡਾ. ਦਰਸ਼ਨ ਸਿੰਘ ਆਸ਼ਟ ਨੇ ਡਾ. ਪਾਤਰ ਦੀਆਂ ਪਟਿਆਲਾ ਸ਼ਹਿਰ ਨਾਲ ਸਬੰਧਤ ਪੁਰਾਣੀਆਂ ਯਾਦਾਂ ਸਾਂਝੀਆਂ ਕਰਦਿਆਂ ਕਿਹਾ ਕਿ ਪੰਜਾਬੀ ਜ਼ੁਬਾਨ-ਓ-ਅਦਬ ਦੇ ਇਤਿਹਾਸ ਵਿੱਚ ਡਾ. ਪਾਤਰ ਨੂੰ ਪੰਜਾਬੀ ਸ਼ਾਇਰੀ ਦੇ ਇਕ ਸੁਨਹਿਰੀ ਪੰਨੇ ਵਜੋਂ ਯਾਦ ਕੀਤਾ ਜਾਇਆ ਕਰੇਗਾ। ਰਾਜਪੁਰਾ (ਨਿੱਜੀ ਪੱਤਰ ਪ੍ਰੇਰਕ): ਪਦਮ ਸ੍ਰੀ ਸੁਰਜੀਤ ਪਾਤਰ ਦੇ ਦੇਹਾਂਤ ਉੱਤੇ ਸਾਹਿਤ ਕਲਾਂ ਮੰਚ ਰਾਜਪੁਰਾ ਵੱਲੋਂ ਸਾਹਿਤਕਾਰ ਸੁੱਚਾ ਸਿੰਘ ਗੰਡਾ ਦੀ ਪ੍ਰਧਾਨਗੀ ਹੇਠ ਸ਼ੋਕ ਸਭਾ ਰੱਖੀ ਗਈ। ਸ਼ੋਕ ਸਭਾ ਵਿੱਚ ਹਾਜ਼ਰ ਲੇਖਕਾਂ, ਕਵੀਆਂ, ਸਾਹਿਤਕਾਰਾਂ ਅਤੇ ਪੱਤਰਕਾਰਾਂ ਨੇ ਦੋ ਮਿੰਟ ਦਾ ਮੌਨ ਧਾਰਨ ਕਰ ਕੇ ਵਿੱਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਦੌਰਾਨ ਤੇਜਵੰਤ ਮਾਨ ਸਾਹਿਤ ਰਤਨ ਦੀ ਪ੍ਰਧਾਨਗੀ ਹੇਠ ਹੋਈ ਪੰਜਾਬੀ ਸਾਹਿਤ ਸਭਾ ਸੰਗਰੂਰ ਦੀ ਇੱਕ ਸ਼ੋਕ ਇੱਕਤਰਤਾ ਵਿਚ ਪਦਮਸ਼੍ਰੀ ਸੁਰਜੀਤ ਪਾਤਰ ਦੀ ਮੌਤ ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

# ਸ਼ੁਭਮ ਵਰਮਾ ਨੇ ਵਧਾਇਆ ਰਾਜਪੁਰਾ ਦਾ ਮਾਣ



**ਰਾਜਪੁਰਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਰਾਣਾ ਰਾਜਪੁਰਾ ਦੇ ਰਹਿਣ ਵਾਲ਼ੇ ਸ਼ੁਭਮ ਵਰਮਾ ਪੁੱਤਰ ਰਜਨੀਸ਼ ਵਰਮਾ ਨੇ ਏਅਰ ਫੋਰਸ ਕਾਮਨ ਐਡਮਿਸ਼ਨ ਟੈਸਟ (ਐੱਫ਼ ਕੈਟ) ਵਿੱਚੋਂ ਦੇਸ਼ ਭਰ ਵਿੱਚੋਂ 12ਵਾਂ ਰੈਂਕ ਹਾਸਲ ਕਰ ਕੇ ਰਾਜਪੁਰਾ ਸ਼ਹਿਰ, ਮਾਤਾ ਪਿਤਾ ਅਤੇ ਆਪਣੇ ਅਧਿਆਪਕਾਂ ਦਾ ਮਾਣ ਵਧਾਇਆ ਹੈ। ਸ਼ੁਭਮ ਵਰਮਾ ਦੁਕਾਨਦਾਰ ਦੇ ਪੁੱਤਰ ਹਨ। ਜਿਵੇਂ ਹੀ ਐੱਫ਼ ਕੈਟ ਨੇ ਆਪਣੀ ਵੈੱਬ ਸਾਈਟ ਉਪਰ ਨਤੀਜਾ ਪਾਇਆ ਤਾਂ ਸ਼ੁਭਮ ਦਾ 12ਵਾਂ ਰੈਂਕ ਦੇਖ ਕੇ ਵਰਮਾ ਪਰਿਵਾਰ ਦੀ ਖ਼ੁਸ਼ੀ ਦਾ ਟਿਕਾਣਾ ਨਾ ਰਿਹਾ। ਸ਼ੁਭਮ ਨੇ ਦੱਸਿਆ ਕਿ ਲਿਖਤੀ ਟੈਸਟ ਤੋਂ ਬਾਅਦ 10 ਹਜ਼ਾਰ ਵਿਦਿਆਰਥੀਆਂ ਨੂੰ ਇੰਟਰਵਿਊ ਲਈ ਬੁਲਾਇਆ ਗਿਆ ਸੀ ਜਿਸ ਵਿਚ ਕੇਵਲ 184 ਵਿਦਿਆਰਥੀ ਹੀ ਸਫਲ ਹੋ ਸਕੇ ਹਨ। ਇਹ ਟੈਸਟ ਫਲਾਇੰਗ ਅਫ਼ਸਰ ਲਈ ਦਿੱਤਾ ਗਿਆ ਸੀ। ਪੰਜਾਬ ਵਿੱਚੋਂ ਉਨ੍ਹਾਂ ਦਾ ਪਹਿਲਾ ਰੈਂਕ ਹੈ।

# ਆਸ਼ਾ ਵਰਕਰਾਂ ਨੇ ਸਿਹਤ ਮੰਤਰੀ ਦਾ ਦਫਤਰ ਘੇਰਿਆ




**ਪਟਿਆਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ 'ਤੇ ਆਧਾਰਿਤ ਸਾਂਝਾ ਮੋਰਚਾ ਪੰਜਾਬ ਨੇ ਅੱਜ ਆਪਣੀਆਂ ਮੰਗਾਂ ਦੀ ਪੂਰਤੀ ਲਈ 'ਆਪ' ਉਮੀਦਵਾਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਮੁੱਖ ਦਫ਼ਤਰ ਦਾ ਘਿਰਾਓ ਕੀਤਾ। ਇਸ ਦੌਰਾਨ ਉਨ੍ਹਾਂ ਨੇ ਆਪਣਾ ਚੋਣ ਪ੍ਰਚਾਰ ਵਿੱਚ ਹੀ ਛੱਡ ਕੇ ਇਨ੍ਹਾਂ ਵਰਕਰਾਂ ਕੋਲੋਂ ਮੰਗ ਪੱਤਰ ਹਾਸਲ ਕੀਤਾ।

ਇਸ ਮੌਕੇ ਕਨਵੀਨਰ ਮਨਦੀਪ ਕੌਰ ਜਲੰਧਰ, ਅਮਰਜੀਤ ਕੌਰ ਫਰੀਦਕੋਟ, ਰਾਣੋ ਖੇੜੀ ਸੰਗਰੂਰ ਅਤੇ ਸਰੋਜ ਬਾਲਾ ਅੰਮ੍ਰਿਤਸਰ ਨੇ ਕਿਹਾ ਕਿ ਪੰਜਾਬ ਵਿੱਚ ਕੰਮ ਕਰਦੀਆਂ ਹਜ਼ਾਰਾਂ ਆਸ਼ਾ ਵਰਕਰਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਅਤੇ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਬਜਾਏ ਉਨ੍ਹਾਂ ਨੂੰ 58 ਸਾਲ ਦੀ ਉਮਰ ਵਿੱਚ ਨੌਕਰੀ ਤੋਂ ਫਾਰਗ ਕਰਨ ਦਾ ਪੱਤਰ ਜਾਰੀ ਕਰ ਕੇ ਉਨ੍ਹਾਂ ਨੂੰ ਖਾਲੀ ਹੱਥ ਘਰ ਤੋਰਿਆ ਜਾ ਰਿਹਾ ਹੈ। ਪੰਜਾਬ ਵਿੱਚ ਕੰਮ ਕਰਦੇ ਹਜ਼ਾਰਾਂ ਵਰਕਰਾਂ ਨੂੰ ਪੱਕਾ ਕਰਨ ਦੇ ਸਾਰੇ ਵਾਅਦੇ ਝੂਠ ਦਾ ਪੁਲੰਦਾ ਸਾਬਤ ਹੋਏ ਹਨ, ਕਿਸੇ ਵੀ ਮੁਲਾਜ਼ਮ ਵਰਗ ਦੀਆਂ ਮੰਗਾਂ ਨੂੰ ਪੂਰਾ ਨਹੀਂ ਕੀਤਾ ਗਿਆ ਜਿਸ ਕਾਰਨ ਹਰ ਤਰ੍ਹਾਂ ਦੇ ਮੁਲਾਜ਼ਮ ਵਰਗ ਤੇ ਵਰਕਰਾਂ ਵਿੱਚ ਭਾਰੀ ਰੋਸ ਹੈ।

ਇਸ ਮੌਕੇ ਪਰਮਜੀਤ ਕੌਰ ਮਾਨ, ਜਸਵੀਰ ਕੌਰ , ਬਲਵੀਰ ਗਿੱਲਾਂ ਤੇ ਸ਼ਕੁਤਲਾ ਸਰੋਏ ਨੇ ਕਿਹਾ ਕਿ ਜੇ ਮੌਜੂਦਾ ਸਰਕਾਰਾਂ ਆਪਣੇ ਵਿਚਾਰ ਲੋਕਾਂ ਤੱਕ ਲੈ ਕੇ ਜਾ ਰਹੇ ਹਨ, ਤਾਂ ਦੂਜੇ ਪਾਸੇ ਲੋਕਾਂ ਦੇ ਵਿਚਾਰਾਂ ਨੂੰ ਦਰਕਿਨਾਰ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਜਲੰਧਰ ਫੇਰੀ ਦੌਰਾਨ ਅਨੇਕਾਂ ਆਗੂਆਂ ਦੇ ਘਰਾਂ ਵਿੱਚ ਛਾਪੇ ਮਾਰ ਕਰ ਕੇ ਉਨ੍ਹਾਂ ਨੂੰ ਨਜ਼ਰਬੰਦ ਕਰਨ ਦੀ ਨਿਖੇਧੀ ਕੀਤੀ। ਲੰਮਾ ਸਮਾਂ ਧਰਨਾ ਚੱਲਣ ਤੋਂ ਬਾਅਦ ਖੁਦ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਆਪਣੀ ਚੋਣ ਸਰਗਰਮੀ ਨੂੰ ਛੱਡ ਕੇ ਸਾਂਝੇ ਮੋਰਚੇ ਨਾਲ ਗੱਲਬਾਤ ਲਈ ਆਉਣਾ ਪਿਆ ਜਿਸ ਦੌਰਾਨ ਉਨ੍ਹਾਂ ਨੇ ਮੰਗ ਪੱਤਰ ਹਾਸਲ ਕੀਤਾ।

# ਸੁਣਨ-ਬੋਲਣ ਤੋਂ ਅਸਮਰੱਥ ਵਿਅਕਤੀ ਹੁਣ ਆਪਣੀ ਇਸ਼ਾਰਿਆਂ ਦੀ ਭਾਸ਼ਾ ਰਾਹੀਂ ਤੁਰੰਤ ਸਮਝ ਸਕਣਗੇ ਅੰਗਰੇਜ਼ੀ ਖ਼ਬਰਾਂ: ਪੰਜਾਬੀ ਯੂਨੀਵਰਸਿਟੀ ਦੀ ਖੋਜ

**ਪਟਿਆਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਣਨ-ਬੋਲਣ ਤੋਂ ਅਸਮਰੱਥ ਵਿਅਕਤੀ ਜੇਕਰ ਅੰਗਰੇਜ਼ੀ ਭਾਸ਼ਾ ਵਿੱਚ ਉਪਲਬਧ ਖ਼ਬਰਾਂ ਨੂੰ ਸਮਝਣਾ ਚਾਹੁਣ ਤਾਂ ਉਹ ਇੱਕ ਸਾਫ਼ਟਵੇਅਰ ਰਾਹੀਂ ਕਲਿੱਕ ਕਰਕੇ ਤੁਰੰਤ ਇਸ ਨੂੰ ਆਪਣੀ ਇਸ਼ਾਰਿਆਂ ਦੀ ਭਾਸ਼ਾ 'ਇੰਡੀਅਨ ਸਾਈਨ ਲੈਂਗੁਏਜ' ਵਿੱਚ ਬਦਲ ਕੇ ਸਮਝ ਸਕਣਗੇ। ਇਸੇ ਤਰ੍ਹਾਂ ਇੱਕ ਹੋਰ ਵੱਖਰੇ ਸਾਫ਼ਟਵੇਅਰ ਰਾਹੀਂ ਜਨਤਕ ਥਾਵਾਂ ਉੱਤੇ ਹੁੰਦੀਆਂ ਘੋਸ਼ਣਾਵਾਂ ਨੂੰ ਵੀ ਤੁਰੰਤ ਅਜਿਹੀ ਵੀਡੀਓ ਵਿੱਚ ਬਦਲਿਆ ਜਾ ਸਕੇਗਾ ਜਿਸ ਵੀਡੀਓ ਤੋਂ ਅਜਿਹੇ ਵਿਸ਼ੇਸ਼ ਲੋੜਾਂ ਵਾਲ਼ੇ ਵਿਦਿਆਰਥੀ ਆਪਣੀ ਗੱਲ ਸਮਝ ਸਕਣ।

ਇਹ ਦੋਹੇਂ ਸਾਫ਼ਟਵੇਅਰ ਪੰਜਾਬੀ ਯੂਨੀਵਰਸਿਟੀ ਦੇ ਕੰਪਿਊਟਰ ਵਿਗਿਆਨ ਵਿਭਾਗ ਵਿਖੇ ਦੋ ਵਿਦਿਆਰਥੀਆਂ ਵੱਲੋਂ ਆਪਣੇ ਪੀ-ਐੱਚ. ਡੀ. ਖੋਜ ਕਾਰਜ ਦੌਰਾਨ ਬਣਾਏ ਗਏ ਹਨ।

ਇਹ ਦੋਹੇ ਖੋਜਾਂ ਇਸ ਵਿਭਾਗ ਤੋਂ ਪ੍ਰੋ. ਵਿਸ਼ਾਲ ਗੋਇਲ, ਜੋ ਕਿ ਮੌਜੂਦਾ ਸਮੇਂ ਯੂਨੀਵਰਸਿਟੀ ਦੇ ਕੰਟਰੋਲਰ ਪ੍ਰੀਖਿਆਵਾਂ ਵਜੋਂ ਵੀ ਕਾਰਜਸ਼ੀਲ ਹਨ, ਦੀ ਅਗਵਾਈ ਤਹਿਤ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਖੋਜਾਂ ਸਮਾਜ ਦੀ ਭਲਾਈ ਲਈ ਅਤੇ ਸਮਾਜ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਸੀਮਾਵਾਂ ਅਤੇ ਸਮਰੱਥਾਵਾਂ ਨਾਲ ਜਿਉਂ ਰਹੇ ਵਿਸ਼ੇਸ਼ ਜੀਆਂ ਦੀਆਂ ਚੁਣੌਤੀਆਂ ਨੂੰ ਧਿਆਨ ਵਿੱਚ ਰੱਖ ਕੇ ਕੀਤੀਆਂ ਗਈਆਂ ਹਨ ਜੋ ਉਨ੍ਹਾਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣ ਲਈ ਲਾਹੇਵੰਦ ਸਾਬਤ ਹੋ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਇਹ ਖੋਜਾਂ ਸੰਸਾਰ ਵਿੱਚ ਆਪਣੀ ਕਿਸਮ ਦੀਆਂ ਪਹਿਲੀਆਂ ਖੋਜਾਂ ਹਨ। ਉਨ੍ਹਾਂ ਦੱਸਿਆ ਕਿ ਉਹ ਇਸ ਖੇਤਰ ਵਿੱਚ ਨਿੱਠ ਕੇ ਕਾਰਜ ਕਰ ਰਹੇ ਹਨ ਤਾਂ ਕਿ ਸਮਾਜ ਦੇ ਸਾਰੇ ਜੀਆਂ ਦੀ ਬੇਹਤਰੀ ਲਈ ਕੰਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਆਉਣ ਵਾਲ਼ੇ ਸਮੇਂ ਵਿੱਚ ਇਸ ਕਿਸਮ ਦੀਆਂ ਹੋਰ ਖੋਜਾਂ ਵੀ ਸਾਹਮਣੇ ਲਿਆਂਦੀਆਂ ਜਾਣਗੀਆਂ।

ਖੋਜਾਰਥੀ ਅਨੂ ਬਾਲਾ ਨੇ ਆਪਣੀ ਖੋਜ ਦੇ ਹਵਾਲੇ ਨਾਲ ਦੱਸਿਆ ਕਿ ਦੱਸਿਆ ਕਿ ਉਨ੍ਹਾਂ ਸੁਣਨ ਅਤੇ ਬੋਲਣ ਤੋਂ ਅਸਮਰਥ ਵਿਅਕਤੀਆਂ ਦੀ ਭਲਾਈ ਲਈ ਇੱਕ ਅਜਿਹਾ ਸਾਫ਼ਟਵੇਅਰ ਤਿਆਰ ਕੀਤਾ ਹੈ ਜੋ ਇੱਕ ਕਲਿੱਕ ਕਰਨ ਉੱਤੇ ਅੰਗਰੇਜ਼ੀ ਖ਼ਬਰਾਂ ਨੂੰ ਭਾਰਤੀ ਸੰਕੇਤਕ ਭਾਸ਼ਾ ਵਿੱਚ ਬਦਲਣ ਦੇ ਸਮਰੱਥ ਹੈ।

ਉਨ੍ਹਾਂ ਕਿਹਾ ਕਿ ਸੁਣਨ-ਬੋਲਣ ਤੋਂ ਅਸਮਰੱਥ ਵਿਅਕਤੀ ਇਸ ਸੰਕੇਤਕ ਭਾਸ਼ਾ ਨੂੰ ਸਮਝਣ ਦੇ ਯੋਗ ਹੁੰਦੇ ਹਨ। ਅਜਿਹਾ ਹੋਣ ਨਾਲ਼ ਹੁਣ ਉਹ ਵਿਅਕਤੀ ਨਿੱਤ-ਦਿਨ ਦੀਆਂ ਖ਼ਬਰਾਂ ਆਪਣੀ ਭਾਸ਼ਾ ਵਿੱਚ ਬਦਲ ਕੇ ਇਸ ਸਮਾਜ ਦੀ ਸਿੱਧੀ ਸਮਝ ਰੱਖ ਸਕਦੇ ਹਨ ਅਤੇ ਸਮਾਜ ਨਾਲ਼ ਸਿੱਧਾ ਰਾਬਤਾ ਕਾਇਮ ਕਰਨ ਦੇ ਸਮਰੱਥ ਹੋ ਸਕਦੇ ਹਨ।

ਖੋਜਾਰਥੀ ਰਾਕੇਸ਼ ਕੁਮਾਰ ਨੇ ਆਪਣੀ ਖੋਜ ਬਾਰੇ ਦੱਸਿਆ ਕਿ ਉਸ ਨੇ ਇੱਕ ਅਜਿਹਾ ਸਾਫ਼ਟਵੇਅਰ ਪ੍ਰੋਗਰਾਮ ਤਿਆਰ ਕੀਤਾ ਹੈ ਜਿਸ ਨਾਲ਼ ਜਨਤਕ ਥਾਵਾਂ ਜਿਵੇਂ ਕਿ ਰੇਲਵੇ ਸਟੇਸ਼ਨ, ਬੱਸ ਅੱਡਾ, ਹਵਾਈ ਅੱਡਾ ਆਦਿ ਉੱਤੇ ਹੋਣ ਵਾਲੀਆਂ ਜ਼ਰੂਰੀ ਘੋਸ਼ਣਾਵਾਂ ਨੂੰ ਤੁਰੰਤ ਭਾਰਤੀ ਸੰਕੇਤਕ ਭਾਸ਼ਾ ਨਾਲ਼ ਸੰਬੰਧਤ ਵੀਡੀਓ ਵਿੱਚ ਬਦਲਿਆ ਜਾ ਸਕਦਾ ਹੈ। ਜੇਕਰ ਇਨ੍ਹਾਂ ਜਨਤਕ ਥਾਵਾਂ ਉੱਤੇ ਵੱਡੀਆਂ ਸਕਰੀਨਾਂ ਲਗਾ ਕੇ ਇਸ ਸਾਫ਼ਟਵੇਅਰ ਦੀ ਮਦਦ ਲਈ ਜਾਵੇਗੀ ਤਾਂ ਇੱਥੇ ਹੁੰਦੀਆਂ ਨਿੱਤ-ਦਿਨ ਦੀਆਂ ਜ਼ਰੂਰੀ ਘੋਸ਼ਣਾਵਾਂ ਨੂੰ ਤੁਰੰਤ ਇਸ ਭਾਸ਼ਾ ਵਿੱਚ ਅਨੁਵਾਦ ਕੇ ਸੁਣਨ-ਬੋਲਣ ਤੋਂ ਅਸਮਰਥ ਵਿਅਕਤੀਆਂ ਲਈ ਲਾਹੇਵੰਦ ਬਣਾਇਆ ਜਾ ਸਕਦਾ ਹੈ।

ਵਾਈਸ ਚਾਂਸਲਰ ਪ੍ਰੋ ਕੇ. ਕੇ. ਯਾਦਵ, ਆਈ. ਏ. ਐੱਸ. ਵੱਲੋਂ ਇਸ ਸਬੰਧੀ ਵਧਾਈ ਦਿੰਦੇ ਹੋਏ ਦੋਹਾਂ ਖੋਜਾਰਥੀਆਂ ਅਤੇ ਨਿਗਰਾਨ ਪ੍ਰੋ. ਵਿਸ਼ਾਲ ਗੋਇਲ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਮਾਜ ਲਈ ਸਿੱਧੇ ਤੌਰ ਉਤੇ ਲਾਭਦਾਇਕ ਹੋਣ ਵਾਲੀਆਂ ਅਜਿਹੀਆਂ ਖੋਜਾਂ ਨੂੰ ਹੋਰ ਵਧੇਰੇ ਉਤਸ਼ਾਹਿਤ ਕੀਤੇ ਜਾਣ ਦੀ ਲੋੜ ਹੈ।

# ਕੇਅਰ ਹੈਲਥ ਇੰਸ਼ੋਰੈਂਸ ਨੇ ਮਾਂ ਦਿਵਸ 'ਤੇ ਭਾਰਤ ਵਿੱਚ ਛਾਤੀ ਦੇ ਕੈਂਸਰ ਦੀਆਂ ਵਧਦੀਆਂ ਦਰਾਂ ਨਾਲ ਨਜਿੱਠਣ ਲਈ ਛੇਤੀ ਖੋਜ ਪਹਿਲਕਦਮੀ ਦੀ ਸ਼ੁਰੂਆਤ ਕੀਤੀ

**ਲੁਧਿਆਣਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇਸ ਵਾਰ ਮਾਂ ਦਿਵਸ ਦੇ ਮੌਕੇ 'ਤੇ ਕੇਅਰ ਹੈਲਥ ਇੰਸ਼ੋਰੈਂਸ ਨੇ ਵਿਸ਼ਵ ਪੱਧਰ 'ਤੇ ਔਰਤਾਂ ਲਈ ਇੱਕ ਗੰਭੀਰ ਸਿਹਤ ਸਮੱਸਿਆ, ਛਾਤੀ ਦੇ ਕੈਂਸਰ ਬਾਰੇ ਜਾਗਰੂਕਤਾ ਪੈਦਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਹੈ। ਇਕੱਲੇ ਦੱਖਣ-ਪੂਰਬੀ ਏਸ਼ੀਆ ਖੇਤਰ ਵਿੱਚ, ਛਾਤੀ ਦੇ ਕੈਂਸਰ ਨਾਲ ਹੋਣ ਵਾਲੀਆਂ ਮੌਤਾਂ ਵਿੱਚ 2040 ਤੱਕ 61.7% ਵਾਧਾ ਹੋਣ ਦਾ ਅਨੁਮਾਨ ਹੈ, ਜੋ ਇਸ ਬਿਮਾਰੀ ਦਾ ਮੁਕਾਬਲਾ ਕਰਨ ਲਈ ਕਿਰਿਆਸ਼ੀਲ ਕਦਮ ਚੁੱਕਣ ਦੀ ਜ਼ਰੂਰਤ ਨੂੰ ਦਰਸਾਉਂਦਾ ਹੈ। ਸਮੇਂ ਸਿਰ ਪਤਾ ਲਗਾਉਣ ਦੀ ਜ਼ਰੂਰਤ ਨੂੰ ਸਮਝਦੇ ਹੋਏ, ਕੇਅਰ ਹੈਲਥ ਇੰਸ਼ੋਰੈਂਸ ਭਾਰਤੀ ਔਰਤਾਂ ਦੀ ਸਿਹਤ ਅਤੇ ਤੰਦਰੁਸਤੀ ਦੀ ਸੁਰੱਖਿਆ ਲਈ ਕੰਮ ਕਰਨ ਦੀ ਕੋਸ਼ਿਸ਼ ਕਰਦੀ ਹੈ। ਛਾਤੀ ਦੇ ਕੈਂਸਰ ਦੀਆਂ ਘਟਨਾਵਾਂ ਵਿੱਚ ਵਾਧੇ ਦੇ ਨਾਲ, ਖਾਸ ਤੌਰ 'ਤੇ 25 ਤੋਂ 59 ਸਾਲ ਦੀ ਉਮਰ ਦੀਆਂ ਔਰਤਾਂ ਵਿੱਚ ਅਤੇ ਵੱਖ-ਵੱਖ ਪੀੜ੍ਹੀਆਂ ਵਿੱਚ ਜੋਖਮ ਦੇ ਕਾਰਕਾਂ ਦੇ ਨਾਲ, ਗੁਣਵੱਤਾ ਵਾਲੀ ਸਿਹਤ ਸੰਭਾਲ ਨੂੰ ਆਸਾਨੀ ਨਾਲ ਪਹੁੰਚਯੋਗ ਬਣਾਉਣਾ ਇੱਕ ਲੋੜ ਬਣ ਗਈ ਹੈ। ਸ਼੍ਰੀ ਅਜੈ ਸ਼ਾਹ, ਡਿਸਟ੍ਰੀਬਿਊਸ਼ਨ ਦੇ ਮੁਖੀ, ਕੇਅਰ ਹੈਲਥ ਇੰਸ਼ੋਰੈਂਸ ਨੇ ਕਿਹਾ, ਅਸੀਂ ਛਾਤੀ ਦੇ ਕੈਂਸਰ ਦੇ ਇਲਾਜ ਲਈ ਸਹੀ ਡਾਕਟਰੀ ਸਲਾਹ ਦੇ ਨਾਲ ਛੇਤੀ ਪਛਾਣ ਦੇ ਮਹੱਤਵ ਨੂੰ ਸਮਝਦੇ ਹਾਂ। ÷ਇਸ ਲਈ ਸਾਡੇ ਲਈ ਇਹ ਯਕੀਨੀ ਬਣਾਉਣਾ ਲਾਜ਼ਮੀ ਹੈ ਕਿ ਅਸੀਂ ਉਹ ਉਤਪਾਦ ਪ੍ਰਦਾਨ ਕਰੀਏ ਜੋ ਸਾਰਿਆਂ ਲਈ ਪਹੁੰਚਯੋਗ ਅਤੇ ਕਿਫਾਇਤੀ ਹੋਣ। ਉਸਨੇ ਅੱਗੇ ਕਿਹਾ, ਪੈਸੇ ਲਈ ਸਾਡੇ ਮੁੱਲ, ਵਿਆਪਕ ਉਤਪਾਦਾਂ ਅਤੇ ਕਿਰਿਆਸ਼ੀਲ ਸਿਹਤ ਅਤੇ ਤੰਦਰੁਸਤੀ ਪਹਿਲਕਦਮੀਆਂ ਦੇ ਨਾਲ, ਸਾਡਾ ਉਦੇਸ਼ ਔਰਤਾਂ ਨੂੰ ਉਹਨਾਂ ਸਰੋਤਾਂ ਅਤੇ ਸਹਾਇਤਾ ਨਾਲ ਸਸ਼ਕਤ ਕਰਨਾ ਹੈ ਜਿਸਦੀ ਉਹਨਾਂ ਨੂੰ ਸ਼ੁਰੂਆਤੀ ਪੜਾਵਾਂ ਵਿੱਚ ਪ੍ਰਭਾਵੀ ਢੰਗ ਨਾਲ ਖੋਜ ਕਰਨ ਅਤੇ ਉਹਨਾਂ ਨਾਲ ਲੜਨ ਲਈ ਲੋੜ ਹੁੰਦੀ ਹੈ। ਸਾਡਾ ਮੰਨਣਾ ਹੈ ਕਿ ਕੈਂਸਰ ਲਈ ਸਿਹਤ ਬੀਮਾ ਖਰੀਦਣਾ ਨਾ ਸਿਰਫ਼ ਤੁਹਾਡੀ ਲੋੜ ਦੇ ਸਮੇਂ ਵਿੱਚ ਵਿੱਤੀ ਤੌਰ 'ਤੇ ਤੁਹਾਡੀ ਮਦਦ ਕਰੇਗਾ, ਬਲਕਿ ਇਹ ਵੀ ਯਕੀਨੀ ਬਣਾਏਗਾ ਕਿ ਤੁਸੀਂ ਸਾਡੇ ਕੈਸ਼ਲੈੱਸ ਹੈਲਥਕੇਅਰ ਪ੍ਰਦਾਤਾਵਾਂ ਦੇ ਵਿਆਪਕ ਨੈੱਟਵਰਕ ਵਿੱਚ ਮਿਆਰੀ ਸਿਹਤ ਸੰਭਾਲ ਪ੍ਰਾਪਤ ਕਰੋ। ÷ਇਹ ਬਿਮਾਰੀ ਦੇ ਨਤੀਜਿਆਂ ਨੂੰ ਮਹੱਤਵਪੂਰਣ ਰੂਪ ਵਿੱਚ ਪ੍ਰਭਾਵਿਤ ਕਰ ਸਕਦੇ ਹਨ।

# ਬਿੱਟੂ ਵੱਲੋਂ ਦਰਜ ਕਰਵਾਈ ਸ਼ਿਕਾਇਤ ਬਾਰੇ ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਦੇ ਪ੍ਰਮੁੱਖ ਸਕੱਤਰ ਤੋਂ ਰਿਪੋਰਟ ਮੰਗੀ

**ਚੰਡੀਗੜ੍ਹ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੁਧਿਆਣਾ ਤੋਂ ਸੰਸਦ ਮੈਂਬਰ ਰਵਨੀਤ ਸਿੰਘ ਬਿੱਟੂ ਵੱਲੋਂ ਦਰਜ ਕਰਵਾਈ ਸ਼ਿਕਾਇਤ ਬਾਰੇ ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਦੇ ਪ੍ਰਮੁੱਖ ਸਕੱਤਰ ਤੋਂ ਰਿਪੋਰਟ ਮੰਗੀ ਹੈ। ਇਸ ਸ਼ਿਕਾਇਤ ਵਿੱਚ ਰਵਨੀਤ ਸਿੰਘ ਬਿੱਟੂ ਦਾ ਕਹਿਣਾ ਹੈ ਕਿ ਨਗਰ ਨਿਗਮ ਕਮਿਸ਼ਨਰ ਨੇ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਉਨ੍ਹਾਂ ਨੂੰ ਨੋ ਡਿਊ ਸਰਟੀਫਿਕੇਸ਼ਨ (ਐਨ.ਡੀ.ਸੀ.) ਜਾਰੀ ਨਹੀਂ ਕੀਤਾ ਅਤੇ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕੀਤੀ ਹੈ।

ਜ਼ਿਕਰਯੋਗ ਹੈ ਕਿ ਰਵਨੀਤ ਸਿੰਘ ਬਿੱਟੂ ਨੇ ਬਿਨੈ-ਪੱਤਰ ਜਮ੍ਹਾਂ ਕਰਨ ਦੇ 48 ਘੰਟਿਆਂ ਦੇ ਅੰਦਰ-ਅੰਦਰ ਲੁਧਿਆਣਾ ਦੇ ਮਿਉਂਸਪਲ ਕਮਿਸ਼ਨਰ ਵੱਲੋਂ ਐਨ.ਡੀ.ਸੀ. ਜਾਰੀ ਨਾ ਕੀਤੇ ਜਾਣ ਸਬੰਧੀ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੂੰ ਸ਼ਿਕਾਇਤ ਦਿੱਤੀ ਸੀ, ਜਿਸ ਵਿੱਚ ਉਨ੍ਹਾਂ ਨੇ ਕਿਹਾ ਸੀ ਕਿ ਐਨ.ਡੀ.ਸੀ ਜਾਰੀ ਨਾ ਹੋਣ ਕਰਕੇ ਲੋਕ ਸਭਾ ਚੋਣਾਂ 2024 ਵਿੱਚ ਹਿੱਸਾ ਲੈਣ ਲਈ ਉਨ੍ਹਾਂ ਦੀ ਯੋਗਤਾ ਵਿੱਚ ਰੁਕਾਵਟ ਪਈ ਹੈ।

ਇਸ ਮਾਮਲੇ 'ਤੇ ਤੁਰੰਤ ਕਾਰਵਾਈ ਕਰਦਿਆਂ ਮੁੱਖ ਚੋਣ ਅਧਿਕਾਰੀ ਨੇ ਪ੍ਰਮੁੱਖ ਸਕੱਤਰ ਨੂੰ ਜਲਦੀ ਜਾਂਚ ਕਰਕੇ ਰਿਪੋਰਟ ਪੇਸ਼ ਕਰਨ ਲਈ ਲਿਖਿਆ ਹੈ ਤਾਂ ਜੋ ਭਾਰਤੀ ਚੋਣ ਕਮਿਸ਼ਨ ਨੂੰ ਇਸ ਮਾਮਲੇ ਸਬੰਧੀ ਜਾਣੂ ਕਰਵਾਇਆ ਜਾ ਸਕੇ।

# ਭਾਜਪਾ ਕੌਂਸਲਰ ਉਮੀਦਵਾਰ ਊਸ਼ਾ ਅਤੇ ਉਨ੍ਹਾਂ ਦੇ ਪਤੀ ਰਜਿੰਦਰ ਨੀਟੂ ਕਾਂਗਰਸ ਵਿੱਚ ਸ਼ਾਮਲ ਹੋਏ

## ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੇ ਬਿੱਟੂ ਦੀ ਸਰਕਾਰੀ ਰਿਹਾਇਸ਼ ਦੇ ਨੋ ਡਿਊ ਸਰਟੀਫਿਕੇਟ ਬਾਰੇ ਸਥਾਨਕ ਸਰਕਾਰਾਂ ਵਿਭਾਗ ਦੇ ਪ੍ਰਮੁੱਖ ਸਕੱਤਰ ਤੋਂ ਰਿਪੋਰਟ ਮੰਗੀ



**ਚੰਡੀਗੜ੍ਹ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਦੇ ਸੂਬਾ ਪ੍ਰਧਾਨ ਹਰਮੋਹਿੰਦਰ ਸਿੰਘ ਲੱਕੀ ਅਤੇ ਚੰਡੀਗੜ੍ਹ ਤੋਂ ਲੋਕ ਸਭਾ ਉਮੀਦਵਾਰ ਸ੍ਰੀ ਮਨੀਸ਼ ਤਿਵਾੜੀ ਨੇ ਕਾਂਗਰਸ ਵਿੱਚ ਸ਼ਾਮਲ ਹੋਣ 'ਤੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਵਧਾਈ ਦਿੰਦਿਆਂ ਕਿਹਾ ਕਿ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ ਦੇ ਮੌਜੂਦਾ ਪ੍ਰਧਾਨ ਸ ਸੈਕਟਰ 25 ਤੋਂ ਸ੍ਰੀਮਤੀ ਊਸ਼ਾ ਨੇ ਭਾਜਪਾ ਦੀ ਟਿਕਟ 'ਤੇ ਵਾਰਡ ਨੰਬਰ 16 ਤੋਂ ਨਗਰ ਨਿਗਮ ਦੀ ਚੋਣ ਲੜੀ ਹੈ।

ਉਸ ਨੇ ਦੱਸਿਆ ਕਿ ਉਹ ਭਾਜਪਾ ਦੀਆਂ ਦਲਿਤ ਵਿਰੋਧੀ ਨੀਤੀਆਂ ਤੋਂ ਤੰਗ ਆ ਚੁੱਕੇ ਹਨ ਅਤੇ ਸੰਵਿਧਾਨ ਅਤੇ ਰਾਖਵੇਂਕਰਨ ਨੂੰ ਖਤਮ ਕਰਨ ਦੀਆਂ ਗੱਲਾਂ ਕਰ ਰਹੇ ਹਨ। ਸਾਡਾ ਸਮਾਜ ਇਨ੍ਹਾਂ ਨੀਤੀਆਂ ਦੇ ਪੂਰੀ ਤਰ੍ਹਾਂ ਵਿਰੁੱਧ ਹੈ ਅਤੇ ਲਗਾਤਾਰ ਭਾਜਪਾ ਨੂੰ ਅਲਵਿਦਾ ਕਹਿ ਰਿਹਾ ਹੈ ਅਤੇ ਇਸ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਵਿੱਚ ਸ਼ਾਮਲ ਹੋ ਰਿਹਾ ਹੈ। ਊਸ਼ਾ ਨੇ ਨਗਰ ਨਿਗਮ ਚੋਣਾਂ 'ਚ ਕਰੀਬ ਤਿੰਨ ਹਜ਼ਾਰ ਵੋਟਾਂ ਹਾਸਲ ਕੀਤੀਆਂ ਅਤੇ ਦੂਜੇ ਨੰਬਰ 'ਤੇ ਰਹੀ। ਪ੍ਰਧਾਨ ਹਰਮੋਹਿੰਦਰ ਸਿੰਘ ਲੱਕੀ ਨੇ ਕਿਹਾ ਕਿ ਉਨ੍ਹਾਂ ਦੇ ਆਗੂਆਂ ਦਾ ਭਾਜਪਾ ਤੋਂ ਮੋਹ ਭੰਗ ਹੋ ਚੁੱਕਾ ਹੈ, ਭਾਜਪਾ ਬੁਖਲਾਹਟ 'ਤੇ ਹੈ ਅਤੇ ਸ਼ਹਿਰ ਵਾਸੀਆਂ ਨਾਲ ਕੀਤੇ ਵਾਅਦਿਆਂ ਤੋਂ ਮੁੱਕਰ ਗਈ ਹੈ। ਭਾਜਪਾ ਬਸਤੀਆਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਸਿਰਫ਼ ਵੋਟਾਂ ਲਈ ਵਰਤਦੀ ਹੈ। ਕਾਂਗਰਸ ਦੇਸ਼ ਦੇ ਹਰ ਵਰਗ ਨੂੰ ਨਾਲ ਲੈ ਕੇ ਚੱਲਣ ਵਾਲੀ ਪਾਰਟੀ ਹੈ।

ਗੀਤਾ ਰਾਮ, ਸ਼੍ਰੀ ਚੌਧਰੀ ਗੀਤਾ ਰਾਮ, ਵਿਜੇ ਕੇਸ਼ਾਲਾ, ਊਸ਼ਾ ਦੇਵੀ, ਭੰਵਰ ਸਿੰਘ, ਘੀਸੂ ਰਾਮ, ਵਿਰਾਮ ਪਾਲ, ਮੇਹਰ ਕਲਿਆਣ, ਪਿੰਕੂ ਢੋਲਡ, ਵਿਕਰਮ, ਭਾਗਮਲ, ਰਮੇਸ਼, ਰਿਸ਼ੀ ਪਾਲ, ਰਕਮ ਸਿੰਘ, ਆਜ਼ਾਦ ਬਿਰਲਾ, ਅਤੇ ਸੈਂਕੜੇ ਭਾਜਪਾ ਵਰਕਰ। ਕਾਂਗਰਸ ਭਵਨ ਦੇ ਵਰਕਰ ਸ਼ਾਮਲ ਹੋਏ।

# ਜ਼ਿਲ੍ਹੇ 'ਚ ਚੋਣਾਂ ਨਾਲ ਸਬੰਧਤ ਪੁੱਜੀਆਂ 437 ਸ਼ਿਕਾਇਤਾਂ 'ਚੋਂ 411 ਦਾ ਸਮਾਂਬੱਧ ਨਿਪਟਾਰਾ : ਜ਼ਿਲ੍ਹਾ ਚੋਣ ਅਫ਼ਸਰ

## ਚੋਣ ਜ਼ਾਬਤੇ ਦੀ ਉਲੰਘਣਾ ਰੋਕਕੇ, ਸਾਰੇ ਉਮੀਦਵਾਰਾਂ ਨੂੰ ਚੋਣ ਲੜਨ ਦੇ ਬਰਾਬਰ ਮੌਕੇ ਪ੍ਰਦਾਨ ਕਰਨਾ ਮੁੱਖ ਟੀਚਾ-ਸ਼ੌਕਤ ਅਹਿਮਦ ਪਰੇ

**ਪਟਿਆਲਾ, 15 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਚੋਣਾਂ ਕਰਵਾਉਣ ਲਈ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਬਾਅਦ ਜ਼ਿਲ੍ਹੇ ਵਿੱਚ ਹੁਣ ਤੱਕ 437 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿੱਚੋਂ 411 ਦਾ ਸਮਾਂਬੱਧ ਨਿਪਟਾਰਾ ਕਰ ਦਿੱਤਾ ਗਿਆ ਹੈ ਅਤੇ ਬਾਕੀ ਸ਼ਿਕਾਇਤਾਂ ਉਪਰ ਕਾਰਵਾਈ ਕੀਤੀ ਜਾ ਰਹੀ ਹੈ। ਇਹ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕੀਤਾ। ਉਨ੍ਹਾਂ ਦੱਸਿਆ ਕਿ ਸੀ-ਵਿਜਿਲ ਐਪ ਉਪਰ ਹੁਣ ਤੱਕ ਆਈਆਂ 158 ਸ਼ਿਕਾਇਤਾਂ ਦਾ ਵੀ ਸਮਾਂਬੱਧ ਨਿਪਟਾਰਾ ਕੀਤਾ ਗਿਆ ਹੈ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਦਾ ਇੱਕੋ-ਇੱਕ ਏਜੰਡਾ ਚੋਣ ਅਮਲ ਦੌਰਾਨ ਕਿਸੇ ਵੀ ਤਰ੍ਹਾਂ ਦੇ ਚੋਣ ਜ਼ਾਬਤੇ ਦੀ ਉਲੰਘਣਾ ਨੂੰ ਰੋਕ ਕੇ, ਸਾਰੇ ਉਮੀਦਵਾਰਾਂ ਨੂੰ ਚੋਣ ਲੜਨ ਲਈ ਬਰਾਬਰ ਦੇ ਮੌਕੇ ਪ੍ਰਦਾਨ ਕਰਨ ਸਮੇਤ ਵੋਟਰਾਂ ਨੂੰ ਭਰਮਾਉਣ ਦੀ ਕਿਸੇ ਵੀ ਤਰ੍ਹਾਂ ਦੀ ਕੋਸ਼ਿਸ਼ ਨੂੰ ਰੋਕਣਾ ਤੇ ਵੋਟਰਾਂ ਵਿੱਚ ਭਰੋਸੇ, ਨਿੱਡਰਤਾ ਅਤੇ ਨਿਰਪੱਖਤਾ ਦਾ ਮਾਹੌਲ ਸਿਰਜਣਾ ਹੈ। ਉਨ੍ਹਾਂ ਦੱਸਿਆ ਕਿ ਇਸ ਲਈ ਫਲਾਇੰਗ ਸਕੂਐਡ ਤੇ ਸਟੈਟਿਕ ਸਰਵੇਲੈਂਸ ਟੀਮਾਂ ਨਿਰੰਤਰ 24 ਘੰਟੇ ਜ਼ਿਲ੍ਹੇ ਵਿੱਚ ਸਰਗਰਮ ਹਨ। ਉਨ੍ਹਾਂ ਕਿਹਾ ਕਿ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਚੋਣ ਅਮਲ ਨੂੰ ਨਿਰਪੱਖ, ਸੁਤੰਤਰ, ਸ਼ਾਂਤਮਈ ਤੇ ਨਿਰਵਿਘਨ ਸੰਪੂਰਨ ਕਰਨ ਲਈ ਯਤਨਸ਼ੀਲ ਹੈ।



ਜ਼ਿਲ੍ਹਾ ਚੋਣ ਅਫ਼ਸਰ ਪਟਿਆਲਾ ਦੇ ਦਫ਼ਤਰ ਵਿਖੇ ਸੀਵਿਜਿਲ ਐਪ 'ਤੇ ਨਿਗਰਾਨੀ ਰੱਖਦੀ ਹੋਈ ਟੀਮ।

ਸ਼ੌਕਤ ਅਹਿਮਦ ਪਰੇ ਨੇ ਅੱਗੇ ਦੱਸਿਆ ਕਿ ਐਂਡਰਾਇਡ ਤੇ ਆਈ.ਓ.ਐਸ ਪਲੇਟਫ਼ਾਰਮ ਅਧਾਰਿਤ ਆਨਲਾਈਨ ਸ਼ਿਕਾਇਤ ਪ੍ਰਣਾਲੀ ਸੀ-ਵਿਜਿਲ ਰਾਹੀਂ 16 ਮਾਰਚ ਤੋਂ ਲੈਕੇ ਅੱਜ ਤੱਕ ਆਈਆਂ 158 ਸ਼ਿਕਾਇਤਾਂ ਵਿੱਚੋਂ ਚੋਣ ਪ੍ਰਕ੍ਰਿਆ ਨਾਲ ਸਬੰਧਤ ਨਾ ਹੋਣ ਕਰਕੇ 55 ਰੱਦ ਕਰ ਦਿਤੀਆਂ ਗਈਆਂ ਅਤੇ 102 ਦਾ ਸ਼ਿਕਾਇਤਾਂ ਦਾ ਸਮਾਂਬੱਧ ਨਿਪਟਾਰਾ ਕੀਤਾ ਗਿਆ ਹੈ ਤੇ ਬਾਕੀ ਇੱਕ ਉਪਰ ਕਾਰਵਾਈ ਜਾਰੀ ਹੈ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਸੀ-ਵਿਜਿਲ 'ਤੇ ਆਉਂਦੀ ਸ਼ਿਕਾਇਤ ਨੂੰ ਪ੍ਰਾਪਤ ਹੋਣ ਦੇ ਪੰਜ ਮਿੰਟ 'ਚ ਹੀ ਫਲਾਇੰਗ ਸਕੂਐਡ ਟੀਮ ਨੂੰ ਸੌਂਪ ਦਿੱਤਾ ਜਾਂਦਾ ਹੈ। ਟੀਮ 15 ਮਿੰਟ 'ਚ ਸਬੰਧਤ ਥਾਂ 'ਤੇ ਪਹੁੰਚਦੀ ਹੈ। ਉਸ ਤੋਂ ਬਾਅਦ 30 ਮਿੰਟ 'ਚ ਉਸ ਸ਼ਿਕਾਇਤ ਦੇ ਤੱਥ ਜਾਂਚ ਕੇ, ਉਸ ਦੇ ਸਹੀ ਜਾਂ ਗ਼ਲਤ ਹੋਣ ਬਾਰੇ ਸਬੰਧਤ ਵਿਧਾਨ ਸਭਾ ਹਲਕੇ ਦੇ ਸਹਾਇਕ ਰਿਟਰਨਿੰਗ ਅਫ਼ਸਰ ਨੂੰ ਅਗਲੇਰੀ ਕਾਰਵਾਈ ਲਈ ਭੇਜ ਦਿੱਤੀ ਜਾਂਦੀ ਹੈ। ਸਹਾਇਕ ਰਿਟਰਨਿੰਗ ਅਫ਼ਸਰ ਉਸ ਸ਼ਿਕਾਇਤ 'ਤੇ ਅਗਲੇ 50 ਮਿੰਟ 'ਚ ਆਪਣੇ ਵੱਲੋਂ ਕੀਤੀ ਜਾਣ ਵਾਲੀ ਕਾਰਵਾਈ ਕਰਕੇ ਇਸ ਦਾ ਨਿਪਟਾਰਾ ਕਰ ਦਿੰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਕੇਵਲ 100 ਮਿੰਟ 'ਚ ਸ਼ਿਕਾਇਤ ਨੂੰ ਹੱਲ ਕਰਨਾ ਯਕੀਨੀ ਬਣਾਇਆ ਜਾਂਦਾ ਹੈ।

ਜ਼ਿਲ੍ਹਾ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਸ਼ਿਕਾਇਤਾਂ ਦੇ ਨਿਪਟਾਰੇ, ਸੁਝਾਓ ਤੇ ਫੀਡਬੈਕ ਪ੍ਰਾਪਤੀ ਲਈ ਬਣਾਏ ਸਿੰਗਲ ਵਿੰਡੋ (ਐਨ.ਜੀ.ਐਸ.ਪੀ.) ਨੈਸ਼ਨਲ ਗ੍ਰੀਵਾਂਸ ਸਰਵਿਸ ਪੋਰਟਲ 'ਤੇ 16 ਮਾਰਚ ਤੋਂ ਲੈਕੇ 12 ਮਈ ਤੱਕ ਕੁਲ 260 ਸ਼ਿਕਾਇਤਾਂ ਪ੍ਰਾਪਤ ਹੋਈਆਂ, ਜਿਨ੍ਹਾਂ 'ਚੋਂ 255 ਦਾ ਨਿਪਟਾਰਾ ਕਰ ਦਿੱਤਾ ਗਿਆ ਤੇ 5 ਉਪਰ ਕਾਰਵਾਈ ਕੀਤੀ ਜਾ ਰਹੀ ਹੈ।

ਇਸੇ ਤਰ੍ਹਾਂ ਈਮੇਲ ਕੰਪਲੇਟਸੈਲਪੀਟੀਏ2024 ਐਟ ਦੀ ਰੇਟ ਜੀਮੇਲ ਉਪਰ 177 ਸ਼ਿਕਾਇਤਾ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚੋਂ 156 ਦਾ ਨਿਪਟਾਰਾ ਤੁਰੰਤ ਕੀਤਾ ਗਿਆ ਤੇ 21 ਸ਼ਿਕਾਇਤਾਂ 'ਤੇ ਕਾਰਵਾਈ ਕੀਤੀ ਜਾ ਰਹੀ ਹੈ। ਜਦਕਿ ਸ਼ਿਕਾਇਤ ਸੈਲ ਦੇ ਫੋਨ ਨੰਬਰ 0175-2923084 ਅਤੇ ਵਟਸਐਪ ਨੰਬਰ 70095-50957 'ਤੇ ਅਜੇ ਕੋਈ ਸ਼ਿਕਾਇਤ ਦਰਜ ਨਹੀਂ ਹੋਈ ਹੈ।

ਸ਼ੌਕਤ ਅਹਿਮਦ ਪਰੇ ਨੇ ਅੱਗੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਦਿੱਤੇ ਗਏ ਟੋਲ ਫਰੀ ਨੰਬਰ 1950 ਉਪਰ ਲੋਕ ਸਭਾ ਹਲਕੇ ਪਟਿਆਲਾ ਨਾਲ ਸਬੰਧਤ ਨਾਗਰਿਕਾਂ ਦੀਆਂ 953 ਕਾਲਾਂ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚੋਂ ਜਿਆਦਾਤਰ ਵੋਟਰ ਕਾਰਡ ਦੀ ਪੁੱਛਗਿੱਛ ਬਾਰੇ ਹੀ ਸਨ ਅਤੇ ਇਸ 'ਤੇ ਪੁੱਛੀ ਗਈ ਜਾਣਕਾਰੀ ਤੁਰੰਤ ਮੁਹੱਈਆ ਕਰਵਾ ਦਿੱਤੀ ਗਈ।

ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਚੱਲ ਰਹੇ ਚੋਣ ਅਮਲ ਨਾਲ ਸਬੰਧਤ ਸ਼ਿਕਾਇਤ ਕੇਂਦਰ 24 ਘੰਟੇ ਕੰਮ ਕਰ ਰਹੇ ਹਨ, ਜਿੱਥੇ ਜ਼ਿਲ੍ਹਾ ਪੱਧਰ 'ਤੇ ਨੋਡਲ ਅਫ਼ਸਰ ਸ਼ਿਕਾਇਤਾਂ-ਕਮ-ਪੀਡੀਏ ਦੇ ਮਿਲਖ ਅਫ਼ਸਰ- ਆਰ.ਟੀ.ਓ. ਦੀਪਜੋਤ ਕੌਰ ਦੀ ਅਗਵਾਈ ਹੇਠ ਹਰੇਕ ਸ਼ਿਕਾਇਤ ਨੂੰ ਸਬੰਧਤ ਰਿਟਰਨਿੰਗ ਅਫ਼ਸਰ ਨੂੰ ਭੇਜਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕੁੱਝ ਸ਼ਿਕਾਇਤਾਂ ਸਿੱਧੇ ਤੌਰ 'ਤੇ ਮੁੱਖ ਚੋਣ ਅਫ਼ਸਰ ਦੇ ਦਫ਼ਤਰ ਵੀ ਪੁੱਜਦੀਆਂ ਹਨ, ਜਿਨ੍ਹਾਂ ਨੂੰ ਨਿਪਟਾ ਕੇ, ਮੁੱਖ ਚੋਣ ਅਫ਼ਸਰ ਨੂੰ ਸੂਚਿਤ ਕੀਤਾ ਜਾਂਦਾ ਹੈ।

# ਹਰਿਆਣਾ ਰੋਡਵੇਜ਼ ਦੇ ਬੱਸ ਡਰਾਇਵਰ ਅਤੇ ਕੰਡਕਟਰ ਦੀ ਕੁੱਟਮਾਰ ਕਰਨ ਦੇ ਵਿਰੋਧ ਵਿੱਚ ਠੋਕਿਆ ਧਰਨਾ



**ਪਾਤੜਾਂ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਤੜਾਂ ਨਜ਼ਦੀਕ ਪਿੰਡ ਖਾਨੇਵਾਲ ਕੋਲ ਹਰਿਆਣਾ ਰੋਡਵੇਜ਼ ਦੀ ਬੱਸ ਦੇ ਡਰਾਇਵਰ ਅਤੇ ਕੰਡਕਟਰ ਦੀ ਮੋਟਰਸਾਈਕਲ ਸਵਾਰਾਂ ਵੱਲੋਂ ਕੀਤੀ ਕੁੱਟਮਾਰ ਦੇ ਵਿਰੋਧ ਵਿੱਚ ਹਰਿਆਣਾ ਅਤੇ ਪੰਜਾਬ ਦੇ ਬੱਸ ਡਰਾਇਵਰਾਂ ਅਤੇ ਕੰਡਕਟਰਾਂ ਨੇ ਬੱਸਾਂ ਨੂੰ ਸੜਕ ਵਿਚਕਾਰ ਖੜ੍ਹਾ ਕੇ ਆਵਾਜਾਈ ਠੱਪ ਕਰ ਦਿੱਤੀ। ਪੀੜਤ ਬੱਸ ਦੇ ਡਰਾਇਵਰ ਅਮਿਤ ਕੁਮਾਰ ਅਤੇ ਕੰਡਕਟਰ ਸੁਨੀਲ ਕੁਮਾਰ ਨੇ ਦੱਸਿਆ ਕਿ ਸਾਡੀ ਹਰਿਆਣਾ ਰੋਡਵੇਜ਼ ਦੀ ਬੱਸ ਪਾਤੜਾਂ ਤੋਂ ਫਤਿਆਬਾਦ ਹਰਿਆਣਾ ਨੂੰ ਚੱਲੀ ਸੀ। ਪ੍ਰੰਤੂ ਜਦੋਂ ਅਸੀਂ ਪਾਤੜਾਂ ਬਾਈਪਾਸ ਤੋਂ ਮੂਨਕ ਰੋਡ ਤੇ ਚੜ੍ਹੇ ਤਾਂ ਇੱਕ ਮੋਟਰਸਾਈਕਲ ਸਵਾਰ ਨੌਜਵਾਨ ਨੇ ਆਪਣਾ ਮੋਟਰਸਾਈਕਲ ਸਾਡੀ ਬੱਸ ਅੱਗੇ ਲਗਾ ਕੇ ਰੋਕਣ ਦੀ ਕੋਸ਼ਿਸ਼ ਕਰਨ ਲੱਗਾ। ਇਸੇ ਤਰ੍ਹਾਂ ਕਈ ਕਿਲੋਮੀਟਰ ਦੂਰ ਬੱਸ ਅੱਗੇ ਜਾ ਰਹੇ ਉਸ ਨੌਜਵਾਨ ਨੇ ਮੋਟਰਸਾਈਕਲ 'ਤੇ ਜਾਂਦਿਆਂ ਹੀ ਫੋਨ ਰਾਹੀਂ ਆਪਣੇ ਹੋਰ ਸਾਥੀਆਂ ਨੂੰ ਵੀ ਬੁਲਾ ਲਿਆ। ਫਿਰ ਪਿੰਡ ਖਾਨੇਵਾਲ ਦੇ ਬੱਸ ਅੱਡੇ 'ਤੇ ਆ ਕੇ ਉਸ ਨੇ ਆਪਣਾ ਮੋਟਰਸਾਈਕਲ ਬੱਸ ਅੱਗੇ ਖੜ੍ਹਾ ਕਰ ਦਿੱਤਾ। ਜਿਸ ਕਾਰਨ ਮਜ਼ਬੂਰਨ ਸਾਨੂੰ ਬੱਸ ਰੋਕਣੀ ਪਈ। ਇਸੇ ਦੌਰਾਨ ਉਸ ਨੇ ਆਪਣੇ ਹੋਰਨਾਂ ਸਾਥੀਆਂ ਨਾਲ ਮਿਲ ਕੇ ਮੇਰੀ ਅਤੇ ਕੰਡਕਟਰ ਦੀ ਬੁਰੀ ਤਰ੍ਹਾਂ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਇਸ ਦੌਰਾਨ ਉਨ੍ਹਾਂ ਨੇ ਪੈਸਿਆਂ ਵਾਲਾ ਬੈਗ ਵੀ ਖੋਹ ਲਿਆ ਅਤੇ ਫਰਾਰ ਹੋ ਗਏ। ਉਨ੍ਹਾਂ ਦੋਸ਼ ਲਗਾਉਂਦਿਆਂ ਕਿਹਾ ਕਿ ਕਈ ਘੰਟੇ ਬੀਤ ਜਾਣ ਦੇ ਬਾਵਜੂਦ ਵੀ ਪੁਲਸ ਨੇ ਕੁੱਟਮਾਰ ਕਰਨ ਵਾਲੇ ਨੌਜਵਾਨਾਂ ਨੂੰ ਗਿਰਫ਼ਤਾਰ ਨਹੀਂ ਕੀਤਾ। ਜਿਸ ਦੇ ਵਿਰੋਧ ਵਿੱਚ ਹਰਿਆਣਾ ਅਤੇ ਪੰਜਾਬ ਦੀਆਂ ਬੱਸਾਂ ਦੇ ਡਰਾਇਵਰਾਂ ਅਤੇ ਕੰਡਕਟਰਾਂ ਨੂੰ ਸੜਕ 'ਤੇ ਜਾਮ ਲਗਾਉਣ ਲਈ ਮਜਬੂਰ ਹੋਣਾ ਪਿਆ ਹੈ। ਮੌਕੇ 'ਤੇ ਪੁੱਜੇ ਥਾਣਾ ਪਾਤੜਾਂ ਦੇ ਇੰਚਾਰਜ ਜਸਪ੍ਰੀਤ ਸਿੰਘ ਵੱਲੋਂ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਦਾ ਭਰੋਸਾ ਦੇਣ 'ਤੇ ਬੱਸਾਂ ਦੇ ਡਰਾਇਵਰਾਂ ਅਤੇ ਕੰਡਕਟਰਾਂ ਨੇ ਜਾਮ ਖੋਲ੍ਹਿਆ।

# ਬਲਾਚੌਰ ਵਿਖੇ ਡਾਕਟਰ ਸੁਭਾਸ ਸ਼ਰਮਾ ਨੇ ਚੋਣ ਮੁਹਿੰਮ ਦਾ ਆਗਾਜ਼



**ਨਵਾਂ ਸ਼ਹਿਰ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਦਾਣਾ ਮੰਡੀ ਬਲਾਚੌਰ ਵਿੱਖੇ ਡਾਕਟਰ ਸੁਭਾਸ ਸ਼ਰਮਾਂ ਨੇ ਚੋਣ ਮੁਹਿੰਮ ਦਾ ਆਗਾਜ਼ ਕੀਤਾ। ਭਾਜਪਾ ਕਾਰਜਕਰਤਾਵਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

ਲੋਕਾਂ ਦਾ ਭਾਰੀ ਹਜ਼ੂਮ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਮਾਨਯੋਗ ਪ੍ਰਧਾਨਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਦੀਆਂ ਲੋਕ ਭਲਾਈ ਨੀਤੀਆਂ ਨੂੰ ਦੇਖਦੇ ਹੋਏ ਲੋਕ ਕਾਫੀ ਪ੍ਰਭਾਵਿਤ ਹਨ ਅਤੇ ਲੋਕਾਂ ਨੂੰ ਵਿਸ਼ਵਾਸ ਹੈ ਪੰਜਾਬ ਨੂੰ ਤਰੱਕੀ ਦੀ ਰਾਹ 'ਤੇ ਸਿਰਫ ਭਾਜਪਾ ਹੀ ਲੈ ਜਾ ਸਕਦੀ।

ਇਸ ਦੌਰਾਨ ਕੇਂਦਰੀ ਮੰਤਰੀ ਸ਼੍ਰੀ ਗਜਿਦਰ ਸਿੰਘ,ਮੰਡਲ ਪ੍ਰਧਾਨ ਸ਼੍ਰੀ ਨੰਦ ਕਿਸ਼ੋਰ ਜੀ,ਜ਼ਿਲ੍ਹਾ ਪ੍ਰਧਾਨ ਸ਼੍ਰੀ ਰਵਿੰਦਰ ਬਹਾਦੁਰ ਚੰਦ ਅਰੌੜਾ ਡਾਕਟਰ ਅਸ਼ਵਨੀ ਧੀਰ ,ਨਮਰਤਾ,ਤੇ ਹੋਰ ਭਾਜਪਾ ਕਾਰਜਕਰਤਾ ਸ਼ਾਮਲ ਹੋਏ।

# ਦੇਸ਼ ਵਿੱਚ ਸੰਵਿਧਾਨ ਅਤੇ ਲੋਕਤੰਤਰ ਬਚਾਉਣ ਲਈ ਭਾਜਪਾ ਨੂੰ ਸੱਤਾ ਤੋਂ ਹਟਾਉਣ ਜਰੂਰੀ : ਬਲਤੇਜ ਪੰਨੂੰ

**ਪਟਿਆਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਜੀ ਦੇ ਮੀਡੀਆ ਸਲਾਹਕਾਰ ਬਲਤੇਜ ਪੰਨੂੰ ਨੇ ਆਮ ਆਦਮੀ ਪਾਰਟੀ ਦੀ ਸਮੂਹ ਟੀਮ ਨਾਲ ਸਥਾਨਕ ਪੁਰਾਣਾ ਬੱਸ ਅੱਡਾ ਤੇ ਸਥਿਤ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਜੀ ਦੇ ਸਮਾਰਕ ਵਿਖੇ ਪਹੁੰਚ ਕੇ ਬਾਬਾ ਸਾਹਿਬ ਨੂੰ ਨਤਮਸਤਕ ਹੋ ਕੇ ਸ਼ਰਧਾਂਜਲੀ ਦਿੱਤੀ ਅਤੇ ਉਹਨਾਂ ਤੋਂ ਆਸ਼ੀਰਵਾਦ ਲਿਆ। ਇਸ ਮੌਕੇ ਉਹਨਾਂ ਸਮੁੱਚੀ ਟੀਮ ਦੇ ਨਾਲ ਸੰਵਿਧਾਨ ਨੂੰ ਬਚਾਉਣ ਲਈ ਵੱਧ ਚੜ੍ਹਕੇ ਕੰਮ ਕਰਨ ਦਾ ਪ੍ਰਣ ਲਿਆ।



ਬਲਤੇਜ ਪੰਨੂੰ ਨੇ ਕਿਹਾ ਕਿ ਆਉਣ ਵਾਲੀਆਂ ਚੋਣਾਂ ਸਿਰਫ ਲੋਕਸਭਾ ਦੀਆਂ ਚੋਣਾਂ ਨਹੀਂ ਹਨ, ਬਲਕਿ ਦੇਸ਼ ਦੇ ਸੰਵਿਧਾਨ ਨੂੰ ਬਚਾਉਣ ਦੀ ਲੜਾਈ ਹੈ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਭਾਰਤੀ ਸੰਵਿਧਾਨ ਨੂੰ ਬਦਲਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ, ਜੇਕਰ ਅਸੀਂ ਲੋਕ ਇਸ ਵਾਰੀ ਸਮਾਂ ਨਾ ਸੰਭਾਲ ਸਕੇ, ਤਾਂ ਫੇਰ ਸਾਨੂੰ ਬਾਬਾ ਸਾਹਿਬ ਦੁਆਰਾ ਬਣਾਏ ਗਏ ਭਾਰਤੀ ਸੰਵਿਧਾਨ ਨੂੰ ਬਚਾਉਣ ਦਾ ਸਮਾਂ ਵੀ ਨਹੀਂ ਮਿਲੇਗਾ।

ਦੇਸ਼ ਦੇ ਕਾਨੂੰਨ ਨੂੰ ਛਿੱਕੇ ਟੰਗ ਕੇ ਦੇਸ਼ ਦੀਆਂ ਵਿਰੋਧੀ ਧਿਰਾਂ ਦੇ ਆਗੂਆਂ ਨੂੰ ਜੇਲਾਂ ਵਿੱਚ ਸੁੱਟਿਆ ਜਾ ਰਿਹਾ ਹੈ, ਤਾਂ ਜੋ ਆਮ ਲੋਕਾਂ ਦੀ ਆਵਾਜ਼ ਬੁਲੰਦ ਕਰਨ ਦੇ ਲਈ ਵਿਰੋਧੀ ਧਿਰਾਂ ਦਾ ਕੋਈ ਲੀਡਰ ਹੀ ਨਾ ਬਚੇ।

## ਟ੍ਰੈਫਿਕ ਪੁਲਿਸ ਪਟਿਆਲਾ ਦੇ ਏ ਐਸ ਆਈ ਜਗਮਿੰਦਰ ਸਿੰਘ ਬੁੱਟਰ ਨਿਭਾ ਰਹੇ ਹਨ ਪੂਰੀ ਤਨਦੇਹੀ ਨਾਲ ਡਿਊਟੀ



**ਪਟਿਆਲਾ, 15 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਨਯੋਗ ਸੀਨੀਅਰ ਕਪਤਾਨ ਪੁਲੀਸ ਪਟਿਆਲਾ ਵਾਰੁੱਣ ਸ਼ਰਮਾ ਆਈ ਪੀ ਐਸ,, ਐਸ ਪੀ ਸਿਟੀ ਮਹੁੰਮਦ ਸਰਫ਼ਰਾਜ਼ ਆਲਮ ਆਈ ਪੀ ਐਸ, ਡੀ ਐਸ ਪੀ ਟ੍ਰੈਫਿਕ ਕਰਨੈਲ ਸਿੰਘ, ਇੰਸਪੈਕਟਰ ਜੋਗਿੰਦਰ ਸਿੰਘ ਜ਼ਿਲ੍ਹਾ ਇੰਚਾਰਜ ਟ੍ਰੈਫਿਕ ਪਟਿਆਲਾ,ਏ ਐਸ ਆਈ ਦਲੇਰ ਸਿੰਘ ਇੰਚਾਰਜ ਟੈਰਫਿਕ ਸਿਟੀ 1 ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਟਿਆਲਾ ਸ਼ਹਿਰ ਵਿੱਚ ਟ੍ਰੈਫਿਕ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਏ ਐਸ ਆਈ ਜਗਮਿੰਦਰ ਸਿੰਘ ਬੁੱਟਰ ਪੂਰੀ ਤਨਦੇਹੀ ਨਾਲ ਡਿਊਟੀ ਨਿਭਾ ਰਹੇ ਹਨ ਜਿਥੇ ਉਹਨਾਂ ਵਲੋਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨਾਲ ਸਖ਼ਤੀ ਵਰਤੀ ਜਾ ਰਹੀ ਹੈ ਉਥੇ ਹੀ ਪਬਲਿਕ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਵੀ ਪ੍ਰੇਰਿਤ ਕੀਤਾ ਜਾ ਰਿਹਾ ਹੈ।

# ਭਾਜਪਾ ਉਮੀਦਵਾਰ ਅਰਵਿੰਦ ਖੰਨਾ ਦੀ ਮਾਲੇਰਕੋਟਲਾ ਪਹਿਲੀ ਫੇਰੀ 'ਤੇ ਕਿਸਾਨ ਵੱਲੋਂ ਵਿਰੋਧ

**ਮਲੇਰਕੋਟਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਹਲਕਾ ਸੰਗਰੂਰ ਤੋਂ ਭਾਜਪਾ ਦੇ ਉਮੀਦਵਾਰ ਅਰਵਿੰਦ ਖੰਨਾ ਨੂੰ ਬੀਤੇ ਦਿਨੀਂ ਭਾਜਪਾ ਵੱਲੋਂ ਟਿਕਟ ਮਿਲਣ 'ਤੇ ਅੱਜ ਚੋਣ ਪ੍ਰਚਾਰ ਲਈ ਮਾਲੇਰਕੋਟਲਾ ਆਏ ਖੰਨਾ ਦਾ ਕਿਸਾਨ ਜਥੇਬੰਦੀਆਂ ਵੱਲੋਂ ਜ਼ੋਰਦਾਰ ਵਿਰੋਧ ਕੀਤਾ ਗਿਆ ਜਿੱਥੇ ਭਾਰਤੀਅ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪ੍ਰਧਾਨ ਕੁਲਵਿੰਦਰ ਸਿੰਘ ਭੂਦਨ ਦੀ ਅਗਵਾਈ ਹੇਠ ਸਥਾਨਕ ਟਰੱਕ ਯੂਨੀਅਨ ਵਿਖੇ ਇਕੱਤਰ ਹੋਏ ਸੈਂਕੜੇ ਕਿਸਾਨ ਆਗੂਆਂ ਦੀ ਹਾਜ਼ਰੀ ਵਿੱਚ ਭਾਜਪਾ ਉਮੀਦਵਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਦੱਸਣਾ ਬਣਦਾ ਹੈ ਕਿ ਭਾਜਪਾ ਉਮੀਦਵਾਰ ਅਰਵਿੰਦ ਖੰਨਾ ਵੱਲੋਂ ਅੱਜ ਮਾਲੇਰਕੋਟਲਾ ਵਿਖੇ ਚੋਣ ਪ੍ਰਚਾਰ ਲਈ ਵੱਖੋ ਵੱਖਰੇ 5 ਪ੍ਰੋਗਰਾਮ ਉਲੀਕੇ ਗਏ ਸਨ ਜਿਸ ਦੀ ਭਿਣਕ ਮਿਲਦਿਆਂ ਹੀ ਭਾਰਤੀਅ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਵਿਰੋਧ ਕਰਨਾ ਚਾਹਿਆ ਤਾਂ ਪੁਲਿਸ ਨੇ ਕਿਸਾਨਾਂ ਦੀ ਸਪੀਕਰ ਵਾਲੀ ਗੱਡੀ ਦੀ ਚਾਬੀ ਕੱਢ ਲਈ। ਜਿਸ ਨੂੰ ਲੈਕੇ ਕਿਸਾਨਾਂ ਨੇ ਉਥੇ ਹੀ ਚੌਕ ਵਿੱਚ ਧਰਨਾ ਦੇ ਦਿੱਤਾ ਤੇ ਦੋਵੇਂ ਪਾਸੇ ਲੰਬੀਆਂ ਲੰਬੀਆਂ ਟਰੱਕ, ਬੱਸਾਂ ਤੇ ਹੋਰ ਵਹਿਕਲਾ ਦਾ ਜਾਮ ਲੱਗ ਗਿਆ। ਇਸ ਮੌਕੇ ਕਿਸਾਨਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖੁਦ ਕਹਿੰਦਾ ਸੀ ਕਿ ਤੁਸੀਂ ਲੀਡਰਾਂ ਕੋਲ ਸਵਾਲ ਕਰਕੇ ਪੁੱਛਿਆ ਕਰੋ ਪਰ ਅੱਜ ਜਦੋਂ ਅਰਵਿੰਦ ਖੰਨਾ ਨੂੰ ਕੇਂਦਰ ਵਿਚ ਭਾਜਪਾ ਸਰਕਾਰ ਵਲੋਂ ਕਿਸਾਨਾਂ ਨਾਲ ਕੀਤੀ ਵਧੀਕੀਆਂ ਬਾਰੇ ਪੁੱਛਣਾ ਸੀ ਤਾਂ ਉਸ ਦੀ ਪੁਲਿਸ ਨੇ ਗੱਡੀ ਦੀ ਚਾਪੀ ਕੱਢ ਲਈ ਤੇ ਕਿਸਾਨਾਂ ਨੂੰ ਚੁੱਕ ਕੇ ਲੈ ਗਈ ਇਹਨਾਂ ਕਿਸਾਨਾਂ ਨੇ ਕਿਹਾ ਕਿ ਅਸੀ ਸਾਰੀਆਂ ਹੀ ਪਾਰਟੀਆਂ ਦੇ ਲੀਡਰਾਂ ਕੋਲੋਂ ਸਵਾਲ ਕਰਨੇ ਹਨ ਭਾਵੇਂ ਮੀਤ ਹੇਅਰ ਹੀ ਕਿਉਂ ਨਾਂ ਹੋਵੇ। ਕਿਸਾਨਾਂ ਤੇ ਸਵਾਰੀਆਂ ਦਰਮਿਆਨ ਨੋਕ ਝੋਕ ਵੀ ਹੋਈ ਤਾਂ ਕਿਸਾਨਾਂ ਦਾ ਕਹਿਣਾ ਸੀ ਕਿ ਪੁਲਿਸ ਨੇ ਹੀ ਸਾਨੂੰ ਇਥੇ ਬੈਠਣ ਲਈ ਮਜਬੂਰ ਕੀਤਾ ਜਾਂਦਾ ਹੈ।



ਜ਼ਿਲ੍ਹਾ ਪੁਲਿਸ ਦੇ ਉੱਚ ਅਧਿਕਾਰੀਆਂ ਦਾ ਕਹਿਣਾ ਸੀ ਕਿ ਗੱਡੀ ਦੀ ਕੋਈ ਚਾਬੀ ਨਹੀਂ ਕੱਢੀ ਗਈ। ਜਿਹੜੇ ਕਿਸਾਨ ਹਿਰਾਸਤ ਵਿਚ ਲਏ ਸੀ ਉਹਨਾਂ ਨੂੰ ਛੱਡ ਦਿੱਤਾ ਗਿਆ ਹੈ।ਖ਼ਬਰ ਲਿਖੇ ਜਾਣ ਤੱਕ ਕਿਸਾਨਾਂ ਦਾ ਧਰਨਾ ਜਾਰੀ ਰਿਹਾ।

# ਪਟਿਆਲਾ ਪੁਲਿਸ ਵੱਲੋਂ ਨਸ਼ਾ ਸਮਗਲਰਾ ਖਿਲਾਫ ਵਿੱਡੀ ਮੁਹਿੰਮ ਤਹਿਤ 30 ਡੋਡੇ ਭੁੱਕੀ ਚੂਰਾ ਪੋਸਤ ਬਰਾਮਦ

**ਪਟਿਆਲਾ, 15 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਵਾਰੁਣ ਸ਼ਰਮਾ ਆਈ ਪੀ ਐਸ, ਸੀਨੀਅਰ ਕਪਤਾਨ ਪੁਲਿਸ ਪਟਿਆਲਾ,ਸ੍ਰੀ ਯੋਗੇਸ ਸ਼ਰਮਾ ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਪਟਿਆਲਾ, ਸ੍ਰ ਅਵਤਾਰ ਸਿੰਘ ਉਪ ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਪਟਿਆਲਾ ਜੀ ਦੀ ਯੋਗ ਅਗਵਾਈ ਵਿਚ ਸਬ ਇੰਸਪੈਕਟਰ ਮਨਪ੍ਰੀਤ ਸਿੰਘ ਇੰਚਾਰਜ ਸੀ.ਆਈ.ਏ ਸਟਾਫ ਸਮਾਣਾ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੀ ਆਈ ਏ ਸਮਾਣਾ ਦੀ ਟੀਮ ਨੇ ਮਿਤੀ 11-05-2024 ਨੂੰ ਦੋਰਾਨੇ ਗਸ਼ਤ ਸੁਏ ਦੀ ਪਟੜੀ ਪਿੰਡ ਦੇਧਣਾ ਤੋਂ ਇਕ ਮੋਨੇ ਵਿਅਕਤੀ ਤੋਂ 30 ਕਿਲੋ ਡੋਡੇ ਭੁੱਕੀ ਚੂਰਾ ਪੋਸਤ ਬਰਾਮਦ ਕਰਕੇ ਮੁਕੱਦਮਾ ਨੰਬਰ 42 ਮਿਤੀ 11/5/2024 ਅ/ਧ 15/61ll/85 NDPS Act P S Ghagga ਦਰਜ ਰਜਿਸਟਰ ਕੀਤਾ ਗਿਆ ਬਰਖਿਲਾਫ ਦੋਸੀ ਨਿਰਮਲ ਸਿੰਘ ਪੁੱਤਰ ਜੀਤ ਸਿੰਘ ਵਾਸੀ ਪਿੰਡ ਨਿਆਲ ਥਾਣਾ ਪਾਤੜਾਂ ਰਾਜਸਥਾਨ ਤੋਂ ਡੋਡੇ ਭੁੱਕੀ ਚੂਰਾ ਪੋਸਤ ਲੈਕੇ ਪੰਜਾਬ ਵਿਚ ਵੇਚਣ ਜਾ ਰਿਹਾ ਸੀ।




ਦੋਸੀ ਉਕਤ ਪਰ ਪਹਿਲਾ ਕੋਈ ਵੀ ਮੁਕੱਦਮਾ ਦਰਜ ਰਜਿਸਟਰ ਨਹੀਂ ਹੈ।

## ਨੱਡਾ ਨੂੰ ਚੰਡੀਗੜ੍ਹ ਦੇ ਮਸਲਿਆਂ ਦੇ ਹੱਲ ਲਈ 5 ਸਾਲ ਹੋਰ ਮੰਗਣ 'ਤੇ ਘੇਰਿਆ

# ਜੋ ਭਾਜਪਾ 10 ਸਾਲਾਂ 'ਚ ਨਹੀਂ ਕਰ ਸਕੀ, ਉਹ ਹੁਣ 5 ਸਾਲਾਂ 'ਚ ਕਿਵੇਂ ਕਰੇਗੀ : ਤਿਵਾੜੀ

**ਚੰਡੀਗੜ੍ਹ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਦੇ ਸੀਨੀਅਰ ਆਗੂ ਅਤੇ ਚੰਡੀਗੜ੍ਹ ਸੰਸਦੀ ਸੀਟ ਤੋਂ ਇੰਡੀਆ ਗਠਜੋੜ ਦੇ ਸਾਂਝੇ ਉਮੀਦਵਾਰ ਮਨੀਸ਼ ਤਿਵਾੜੀ ਨੇ ਮੌਜੂਦਾ ਸੰਸਦ ਮੈਂਬਰ ਅਤੇ ਭਾਜਪਾ ਆਗੂ ਕਿਰਨ ਖੇਰ ਦੀ ਇਹ ਕਹਿਣ ਲਈ ਤਾਰੀਫ ਕੀਤੀ ਹੈ ਕਿ ਉਹ (ਤਿਵਾੜੀ) ਚੰਡੀਗੜ੍ਹ ਦੇ ਹਨ, ਕਿਉਂਕਿ ਉਨ੍ਹਾਂ ਦਾ ਜਨਮ ਇੱਥੇ ਹੀ ਹੋਇਆ ਹੈ, ਇੱਥੇ ਹੀ ਵੱਡੇ ਹੋਏ ਅਤੇ ਪੜ੍ਹੇ ਹਨ।



ਇੱਥੇ ਪੱਤਰਕਾਰਾਂ ਨਾਲ ਗੈਰ ਰਸਮੀ ਗੱਲਬਾਤ ਦੌਰਾਨ ਜਦੋਂ ਤਿਵਾੜੀ ਨੂੰ ਖੇਰ ਦੀਆਂ ਟਿੱਪਣੀਆਂ ਬਾਰੇ ਪੁੱਛਿਆ ਗਿਆ, ਤਾਂ ਉਨ੍ਹਾਂ ਨੇ ਭਾਜਪਾ ਆਗੂਆਂ ਦਾ ਮੂੰਹ ਬੰਦ ਕਰਨ ਲਈ ਉਹਨਾਂ (ਖੇਰ) ਦਾ ਧੰਨਵਾਦ ਕੀਤਾ, ਜਿਹੜੇ ਉਨ੍ਹਾਂ ਨੂੰ ਬਾਹਰੀ ਦੱਸ ਰਹੇ ਸਨ। ਬਾਵਜੂਦ ਇਸਦੇ ਕਿ ਉਨ੍ਹਾਂ ਦਾ ਜਨਮ ਇੱਥੇ ਹੀ ਹੋਇਆ ਹੈ, ਇੱਥੇ ਹੀ ਉਨ੍ਹਾਂ ਦਾ ਪਾਲਣ-ਪੋਸ਼ਣ ਹੋਇਆ ਹੈ, ਉਨ੍ਹਾਂ ਦੀ ਪੜ੍ਹਾਈ ਇੱਥੇ ਹੀ ਹੋਈ ਅਤੇ ਉਨ੍ਹਾਂ ਦੇ ਪਿਤਾ ਪ੍ਰੋ. ਵਿਸ਼ਵਨਾਥ ਤਿਵਾੜੀ ਦੇਸ਼ ਅਤੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਏਕਤਾ ਅਤੇ ਅਖੰਡਤਾ ਦੀ ਰਾਖੀ ਲਈ ਸ਼ਹੀਦ ਹੋਏ ਸਨ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਇਹ ਵੱਖਰੀ ਕਹਾਣੀ ਹੈ ਕਿ ਜਿਹੜੇ ਲੋਕ ਉਨ੍ਹਾਂ ਨੂੰ ਬਾਹਰੀ ਦੱਸ ਰਹੇ ਸਨ, ਉਹ ਆਪਣੇ ਆਪ ਨੂੰ ਬਾਹਰੀ ਸਮਝਦੇ ਹਨ, ਕਿਉਂਕਿ ਉਹ ਅੰਮ੍ਰਿਤਸਰ ਤੋਂ ਆਉਂਦੇ ਹਨ। ਉਹ ਸੰਜੇ ਟੰਡਨ ਦਾ ਹਵਾਲਾ ਦੇ ਰਿਹਾ ਸਨ, ਜੋ ਅੰਮ੍ਰਿਤਸਰ ਦਾ ਰਹਿਣ ਵਾਲ਼ੇ ਹਨ ਅਤੇ ਉਥੇ ਹੀ ਜਨਮੇ ਅਤੇ ਵੱਡਾ ਹੋਏ। ਹਾਲਾਂਕਿ, ਉਨ੍ਹਾਂ ਨੇ ਕਦੇ ਵੀ ਇਸਨੂੰ ਮੁੱਦਾ ਨਹੀਂ ਬਣਾਇਆ, ਕਿਉਂਕਿ ਉਨ੍ਹਾਂ ਦਾ ਪੱਕਾ ਵਿਸ਼ਵਾਸ ਹੈ ਕਿ ਕੋਈ ਵੀ, ਕਿਤੇ ਵੀ ਚੋਣ ਲੜਨ ਲਈ ਆਜ਼ਾਦ ਹੈ।

ਸਾਬਕਾ ਕੇਂਦਰੀ ਮੰਤਰੀ ਨੇ ਭਾਰਤੀ ਜਨਤਾ ਪਾਰਟੀ ਦੇ ਪ੍ਰਧਾਨ ਜੇਪੀ ਨੱਡਾ ਵੱਲੋਂ ਚੰਡੀਗੜ੍ਹ ਸਬੰਧੀ ਵੱਖ-ਵੱਖ ਮੁੱਦਿਆਂ ਦੇ ਹੱਲ ਲਈ ਪੰਜ ਸਾਲ ਹੋਰ ਮੰਗਣ ਤੇ ਆਲੋਚਨਾ ਕੀਤੀ। ਜਿਸ 'ਤੇ ਉਨ੍ਹਾਂ ਸਵਾਲ ਕੀਤਾ ਕਿ ਜੋ ਕੰਮ ਤੁਸੀਂ ਦਸ ਸਾਲਾਂ 'ਚ ਨਹੀਂ ਕਰ ਸਕੇ, ਉਹ ਕੰਮ ਪੰਜ ਸਾਲਾਂ 'ਚ ਕਿਵੇਂ ਕਰੋਗੇ ? ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਵੋਟਾਂ ਹਾਸਲ ਕਰਨ ਤੋਂ ਬਾਅਦ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਇੱਛਾ ਸ਼ਕਤੀ ਅਤੇ ਨੀਅਤ ਦੀ ਲੋੜ ਹੁੰਦੀ ਹੈ। ਤਿਵਾੜੀ ਨੇ ਨੱਡਾ ਨੂੰ ਕਿਹਾ ਕਿ ਤੁਸੀਂ ਕਈ ਵਾਰ ਕੁਝ ਲੋਕਾਂ ਨੂੰ ਧੋਖਾ ਦੇ ਸਕਦੇ ਹੋ, ਕੁਝ ਲੋਕਾਂ ਨੂੰ ਹਰ ਸਮੇਂ, ਪਰ ਤੁਸੀਂ ਹਰ ਸਮੇਂ ਸਾਰੇ ਲੋਕਾਂ ਨੂੰ ਧੋਖਾ ਨਹੀਂ ਦੇ ਸਕਦੇ। ਜੇਕਰ ਉਨ੍ਹਾਂ ਦਾ ਅਜਿਹਾ ਕਰਨ ਦਾ ਕੋਈ ਇਮਾਨਦਾਰ ਇਰਾਦਾ ਸੀ, ਤਾਂ ਆਦਰਸ਼ ਤੌਰ 'ਤੇ ਇਸ ਨੂੰ ਪੰਜ ਮਹੀਨੇ ਵੀ ਨਹੀਂ ਲੱਗਣੇ ਚਾਹੀਦੇ ਸਨ। ਸੀਨੀਅਰ ਕਾਂਗਰਸੀ ਆਗੂ ਨੇ ਕਿਹਾ ਕਿ ਹੁਣ ਇੱਕ ਮਹੀਨੇ ਤੋਂ ਵੀ ਘੱਟ ਦਾ ਸਮਾਂ ਰਹਿ ਗਿਆ ਹੈ, ਜਦੋਂ ਕੇਂਦਰ ਵਿੱਚ ਭਾਜਪਾ ਦੀ ਥਾਂ ਇੰਡੀਆ ਦੀ ਸਰਕਾਰ ਬਣੇਗੀ ਅਤੇ ਫਿਰ ਕਰੀਬ ਛੇ ਮਹੀਨਿਆਂ ਵਿੱਚ ਚੰਡੀਗੜ੍ਹ ਦੇ ਲੋਕਾਂ ਨੂੰ ਫਰਕ ਮਹਿਸੂਸ ਹੋਣਾ ਸ਼ੁਰੂ ਹੋ ਜਾਵੇਗਾ ਕਿ ਸੇਵਾ ਕਰਨ ਦੇ ਸੱਚੇ ਇਰਾਦੇ ਅਸਲੀਅਤ ਵਿੱਚ ਕੀ ਮਾਇਨੇ ਰੱਖਦੇ ਹਨ।

## ਐਨ ਕੇ ਸ਼ਰਮਾ ਦੀ ਧਰਮ ਪਤਨੀ ਬਬੀਤਾ ਸ਼ਰਮਾ ਨੇ ਪਟਿਆਲਾ ਦਿਹਾਤੀ ਦੇ ਇਲਾਕਿਆਂ 'ਚ ਕੀਤਾ ਘਰ-ਘਰ ਚੋਣ ਪ੍ਰਚਾਰ



**:ਪਟਿਆਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਲੋਕ ਸਭਾ ਹਲਕੇ ਤੋਂ ਅਕਾਲੀ ਦਲ ਦੇ ਉਮੀਦਵਾਰ ਐਨ ਕੇ ਸ਼ਰਮਾ ਦੀ ਧਰਮ ਬਬੀਤਾ ਸ਼ਰਮਾ ਨੇ ਅੱਜ ਹਲਕਾ ਪਟਿਆਲਾ ਦਿਹਾਤੀ ਵਿਚ ਅਕਾਲੀ ਦਲ ਦੇ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ ਦੀ ਅਗਵਾਈ ਹੇਠ ਘਰ-ਘਰ ਜਾ ਕੇ ਚੋਣ ਪ੍ਰਚਾਰ ਮੁਹਿੰਮ ਆਰੰਭੀ। ਉਹਨਾਂ ਦੇ ਨਾਲ ਵੱਡੀ ਗਿਣਤੀ ਵਿਚ ਔਰਤਾਂ ਵੀ ਸਨ ਜਿਹਨਾਂ ਨੇ ਘਰ-ਘਰ ਜਾ ਕੇ ਅਕਾਲੀ ਦਲ ਦੀਆਂ ਲੋਕ ਪੱਖੀ ਨੀਤੀਆਂ ਤੋਂ ਲੋਕਾਂ ਨੂੰ ਜਾਣੂ ਕਰਵਾਇਆ ਤੇ ਦੱਸਿਆ ਕਿ ਕਿਵੇਂ ਅਕਾਲੀ ਦਲ ਦੇ ਰਾਜ ਵਿਚ ਪੰਜਾਬ ਵਿਚ ਵਿਕਾਸ ਕਾਰਜ ਹੋਏ, ਹਵਾਈ ਅੱਡੇ, ਸੜਕਾਂ, ਹਸਪਤਾਲ ਤੇ ਹੋਰ ਸਹੂਲਤਾਂ ਬਣੀਆਂ ਜਦੋਂ ਕਿ ਪਿਛਲੇ ਸੱਤ ਸਾਲਾਂ ਵਿਚ ਕਾਂਗਰਸ ਤੇ ਆਪ ਦੇ ਰਾਜ ਵਿਚ ਪੰਜਾਬ ਦਾ ਬੇੜਾ ਗਰਕ ਹੋਇਆ।

ਬਬੀਤਾ ਸ਼ਰਮਾ ਨੇ ਕਿਹਾ ਕਿ ਉਹਨਾਂ ਦੇ ਪਤੀ ਤੇ ਅਕਾਲੀ ਦਲ ਦੇ ਪਟਿਆਲਾ ਤੋਂ ਉਮੀਦਵਾਰ ਐਨ ਕੇ ਸ਼ਰਮਾ ਇਕ ਜ਼ਮੀਨੀ ਪੱਧਰ ਤੋਂ ਉਠੇ ਵਿਅਕਤੀ ਹਨ ਜਿਹਨਾਂ ਨੇ ਪਿੰਡ ਦਾ ਸਰਪੰਚ ਬਣਨ ਤੋਂ ਲੈ ਕੇ ਇਥੇ ਤੱਕ ਦਾ ਸਫਰ ਤੈਅ ਕੀਤਾ ਹੈ ਜੋ ਸਿਰਫ ਅਕਾਲ ਪੁਰਖ ਦੇ ਆਸ਼ੀਰਵਾਦ ਤੇ ਲੋਕਾਂ ਦੇ ਪਿਆਰ ਤੇ ਸਮਰਥਨ ਸਦਕਾ ਹੀ ਸੰਭਵ ਹੋਇਆ ਹੈ। ਉਹਨਾਂ ਕਿਹਾ ਕਿ ਜਿਵੇਂ ਐਨ ਕੇ ਸ਼ਰਮਾ ਨੇ ਮੁਹਾਲੀ, ਜ਼ੀਰਕਪੁਰ, ਡੇਰਾਬੱਸੀ ਤੇ ਲਾਲੜੂ ਦਾ ਵਿਕਾਸ ਕੀਤਾ ਹੈ, ਇਸੇ ਤਰੀਕੇ ਪਟਿਆਲਾ ਦਾ ਐਮ ਪੀ ਬਣ ਕੇ ਉਹ ਸਮੁੱਚੇ ਲੋਕ ਸਭਾ ਹਲਕੇ ਦਾ ਵਿਕਾਸ ਕਰਨਗੇ।

ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਐਨ ਕੇ ਸ਼ਰਮਾ ਦੇ ਹੱਕ ਵਿਚ ਵੋਟਾਂ ਪਾ ਕੇ ਅਕਾਲੀ ਦਲ ਨੂੰ ਮਜ਼ਬੂਤ ਕਰਨ ਤਾਂ ਜੋ ਪੰਜਾਬ ਦੇ ਲਟਕਦੇ ਮਸਲੇ ਵੀ ਹੱਲ ਕਰਵਾਏ ਜਾ ਸਕਣ।

# ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਇਕਬਾਲ ਸਿੰਘ ਝੂੰਦਾਂ ਦੇ ਹੱਕ ਵਿੱਚ ਕੀਤੀ ਵੱਡੀ ਰੈਲੀ

## ਸੰਗਰੂਰ ਦੇ ਲੋਕ ਝੂੰਦਾਂ ਦੇ ਹੱਕ ਵਿੱਚ ਫ਼ਤਵਾ ਦੇਣਗੇ : ਸੁਖਬੀਰ ਬਾਦਲ



**ਧੂਰੀ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਲੋਕ ਸਭਾ ਹਲਕਾ ਸੰਗਰੂਰ ਤੋ ਉਮੀਦਵਾਰ ਇਕਬਾਲ ਸਿੰਘ ਝੂੰਦਾਂ ਦੀ ਚੋਣ ਮੁਹਿੰਮ ਨੂੰ ਤਕੜਾ ਕਰਨ ਲਈ ਧੂਰੀ ਵਿਖੇ ਵੱਡੀ ਰੈਲੀ ਕੀਤੀ ਜਿਸ ਵਿੱਚ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਸ਼ਮੂਲੀਅਤ ਕੀਤੀ ਅਤੇ ਰੈਲੀ ਨੂੰ ਸੰਬੋਧਨ ਕਰਦਿਆਂ ਲੋਕ ਸਭਾ ਹਲਕਾ ਸੰਗਰੂਰ ਤੋ ਉਮੀਦਵਾਰ ਇਕਬਾਲ ਸਿੰਘ ਝੂੰਦਾਂ ਨੇ ਕਿਹਾ ਕਿ ਕਾਂਗਰਸ ਅਤੇ ਆਪ ਰਲ ਮਿਲ ਕੇ ਪੰਜਾਬ ਦੇ ਵੋਟਰਾਂ ਨੂੰ ਮੂਰਖ ਬਣਾ ਰਹੇ ਹਨ ਅਤੇ ਝੂਠ ਬੋਲਕੇ ਸਰਕਾਰ ਬਣਾਕੇ ਪੰਜਾਬ ਦੇ ਲੋਕਾਂ ਨਾਲ ਧੋਖਾ ਕਰਨ ਵਿੱਚ ਲੱਗੇ ਹੋਏ ਨੇ ਉਹਨਾਂ ਕਿਹਾ ਕਿ ਅਕਾਲੀ ਦਲ ਨੇ ਹਮੇਸ਼ਾ ਪੰਜਾਬ ਦੇ ਹੱਕਾਂ ਲਈ ਕੁਰਬਾਨੀਆ ਕੀਤੀਆ ਹਨ ਅਤੇ ਹੁਣ ਵੀ ਅਸੀ ਕੁਰਸੀ ਲਈ ਨਹੀ ਪੰਜਾਬ ਦੇ ਹੱਕਾਂ ਲਈ ਸਰਦਾਰ ਸੁਖਵੀਰ ਸਿੰਘ ਬਾਦਲ ਦੀ ਰਹਿਨੁਮਾਈ ਹੇਠ ਲੜਾਈ ਲੜ ਰਹੇ ਹਾ ਉਹਨਾਂ ਸਮੂਚੇ ਪੰਜਾਬੀਆ ਨੂੰ ਅਪੀਲ ਕੀਤੀ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰਾਂ ਨੂੰ ਜਿੱਤਾਕੇ ਪਾਰਲੀਮੈਂਟ ਵਿੱਚ ਭੇਜੋ ਤਾਂ ਜੋ ਪੰਜਾਬ ਦੇ ਮੁੱਦੇ ਪਾਰਲੀਮੈਂਟ ਵਿੱਚ ਚੱਕਕੇ ਪੰਜਾਬ ਨੂੰ ਬਚਾਇਆ ਜਾ ਸਕੇ।

ਬਾਅਦ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਰੜੇ ਹੱਥੀਂ ਲਿਆ ਅਤੇ ਕਿਹ ਕਿ ਦੋ ਸਾਲ ਹੋ ਗਏ ਮੁੱਖ ਮੰਤਰੀ ਨੂੰ ਧੂਰੀ ਵਿਖੇ ਕੋਈ ਇੰਡਸਟਰੀ ਆਈ ਜਾ ਧੂਰੀ ਦੀ ਕਾਇਆ ਕਲਪ ਹੋਈ ਇੱਥੋਂ ਤੱਕ ਧੂਰੀ ਦੀ ਵੱਡੀ ਸਮੱਸਿਆ ਸ਼ਹਿਰ ਨੂੰ ਦੋ ਹਿੱਸਿਆਂ ਵਿੱਚ ਵੱਡਣ ਵਾਲੇ ਫਾਟਕ ਉੱਪਰ ਪੁਲ ਨਹੀ ਬਣਿਆ ਤੁਸੀ ਝੂੰਦਾਂ ਸਾਬ ਨੂੰ ਪਾਰਲੀਮੈਂਟ ਵਿੱਚ ਭੇਜੋ ਪੁਲ ਅਸੀ ਬਣਕੇ ਦਿਆਂਗੇ ਨਾਲ ਹੀ ਉਹਨਾ ਨੇ ਭਗਵੰਤ ਮਾਨ ਦੀ ਸ਼ਰਾਬ ਨੂੰ ਲੈਕੇ ਵੀ ਇੱਕ ਕਹਾਣੀ ਦੇ ਜ਼ਰੀਏ ਤੰਜ ਕਸਿਆ ਨਾਲ ਹੀ ਉਹਨਾ ਕਿਹਾ ਕਿ ਪੰਜਾਬ ਅੰਦਰ ਬਾਦਲ ਸਾਬ੍ਹ ਦੇ ਸਮੇਂ ਸੜਕਾ ਵੱਡੇ ਵੱਡੇ ਪੁਲ ਏਮਜ਼ ਵਰਗੇ ਹਸਪਤਾਲ ਨਾਲ ਨੀਲੇ ਕਾਰਡ ਅਤੇ ਬੁਡਾਪਾ ਪੈਨਸ਼ਨ ਸ਼ਗਨ ਸਕੀਮ ਅਤੇ ਪੰਜਾਬ ਨੂੰ ਵਿਕਾਸ ਦੇ ਰਾਹ ਲਿਆਉਣ ਵਾਲੇ ਸਰਦਾਰ ਪ੍ਰਕਾਸ਼ ਸਿੰਘ ਬਾਦਲ ਸਨ ਉਹਨਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਸਰਦਾਰ ਇਕਬਾਲ ਸਿੰਘ ਝੂੰਦਾਂ ਨੂੰ ਵੱਧ ਤੋਂ ਵੱਧ ਵੋਟਾਂ ਨਾਲ ਜਿਤਾਉਣ ਤਾ ਜੋ ਪਾਰਲੀਮੈਂਟ ਵਿੱਚ ਪੰਜਾਬ ਦੇ ਮਸਲੇ ਚੱਕੇ ਜਾਣ ਇਸ ਮੌਕੇ ਉਹਨਾਂ ਨਾਲ ਭਾਈ ਗੋਬਿੰਦ ਸਿੰਘ ਲੌਂਗੋਵਾਲ, ਵਿਨਰਜੀਤ ਸਿੰਘ ਗੋਲਡੀ, ਜੱਥੇਦਾਰ ਭੁਪਿੰਦਰ ਸਿੰਘ ਭਲਵਾਨ, ਤੇਜਿੰਦਰ ਸਿੰਘ ਸੰਘਰੇੜੀ, ਬੀਬੀ ਪਰਮਜੀਤ ਕੌਰ ਵਿਰਕ, ਇਕਬਾਲ ਜੀਤ ਸਿੰਘ ਪੂਨੀਆ, ਜੱਥੇਦਾਰ ਬਘੇਰਾ ਸਿੰਘ, ਬੀਬੀ ਜਸਵਿੰਦਰ ਕੌਰ ਖਾਲਸਾ, ਰਣਜੀਤ ਸਿੰਘ ਕਾਤਰੋਂ, ਗਮਦੂਰ ਸਿੰਘ ਭਸੌੜ, ਅਜਮੇਰ ਸਿੰਘ ਘਨੌਰੀ, ਦਵਿੰਦਰ ਸਿੰਘ ਧੂਰਾ, ਭੁਪਿੰਦਰਪਾਲ ਮਿੱਠਾ,ਹੰਸ ਰਾਜ ਗਰਗ,ਸਵਰਨ ਸਿੰਘ ਹਰਚੰਦਪੁਰ, ਹਾਕਮ ਸਿੰਘ ਢਢੋਗਲ, ਧਰਮਿੰਦਰ ਸਿੰਘ ਕੋਲਸੇੜੀ, ਜਗਰੂਪ ਸਿੰਘ ਲੱਡਾ ਦੇ ਨਾਲ ਨਾਲ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਸ਼ਮੂਲੀਅਤ ਕੀਤੀ।

## ਗਰਮੀਆਂ ਦੀਆਂ ਛੁੱਟੀਆਂ ਨੂੰ ਲੈ ਕੇ 27,28,29,30 ਜੂਨ ਤੱਕ ਸ੍ਰੀ ਅਨੰਦਪੁਰ ਸਾਹਿਬ ਦੇ ਬਜ਼ਾਰ ਰਹਿਣਗੇ ਬੰਦ



**ਸ੍ਰੀ ਅਨੰਦਪੁਰ ਸਾਹਿਬ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗਰਮੀਆਂ ਦੀਆਂ ਛੁੱਟੀਆਂ ਨੂੰ ਲੈ ਕੇ 27 ਤੋਂ 30 ਜੂਨ ਤੱਕ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਮੂਹ ਦੁਕਾਨਾਂ ਬੰਦ ਰੱਖੀਆਂ ਜਾਣਗੀਆਂ। ਇਹ ਫ਼ੈਸਲਾ ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ ਵਲੋਂ ਮੀਟਿੰਗ ਕਰਨ ਉਪਰੰਤ ਸਰਬ ਸੰਮਤੀ ਨਾਲ ਲਿਆ ਗਿਆ। ਇਸੇ ਮੌਕੇ ਸਮੂਹ ਵਪਾਰੀਆਂ ਵਲੋਂ ਮਹੀਨੇ ਦੇ ਆਖਰੀ ਐਤਵਾਰ ਨੂੰ ਪੱਕੇ ਤੌਰ 'ਤੇ ਬਾਜ਼ਾਰ ਬੰਦ ਰੱਖਣ ਬਾਰੇ ਵਿਚਾਰ ਚਰਚਾ ਕੀਤੀ ਗਈ ਜਿਸ ਨੂੰ ਅਗਲੀ ਮੀਟਿੰਗ 'ਚ ਵਿਚਾਰਨ ਉਪਰੰਤ ਫੈਸਲਾ ਕਰਨ ਬਾਰੇ ਸਹਿਮਤੀ ਕੀਤੀ ਗਈ। ਇਸ ਮੌਕੇ ਪੁੱਜੇ ਵਪਾਰੀਆਂ ਨੇ ਸ਼ਹਿਰ ਦੇ ਹੋਰ ਦੁਕਾਨਦਾਰਾਂ ਨੂੰ ਅਪੀਲ ਕਰਦਿਆਂ ਕਿਹਾ ਕੇ ਸਾਰੇ ਦੁਕਾਨਦਾਰ ਵੀਰ ਇੱਕ ਜੁੱਟ ਹੋਣ ਅਤੇ ਆਪਸੀ ਭਾਈਚਾਰੇ ਨੂੰ ਬਣਾ ਕੇ ਰੱਖਿਆ ਜਾਵੇ। ਇਸ ਮੌਕੇ ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ , ਪ੍ਰਿਪਾਲ ਸਿੰਘ ਗੰਡਾ ਪ੍ਰਧਾਨ ਵਪਾਰ ਮੰਡਲ , ਦੀਪਕ ਆਂਗਰਾ ਪ੍ਰਧਾਨ ਵਪਾਰ ਵਿੰਗ ਆਪ , ਸੁਨੀਲ ਅਡਵਾਲ ਪ੍ਰਧਾਨ ਰੇੜੀ ਯੂਨੀਅਨ, ਜਸਪਾਲ ਸਿੰਘ ਅਰੋੜਾ, ਜਰਨੈਲ ਸਿੰਘ ਗੁੰਬਰ, ਜਸਵਿੰਦਰ ਸਿੰਘ ਤਲਵਾੜ , ਸੋਨੂ ਅਰੋੜਾ, ਜਸਵਿੰਦਰ ਸਿੰਘ ਰਾਜਾ, ਕਮਲਜੀਤ ਵਰਮਾ, ਹਰਪ੍ਰੀਤ ਸਿੰਘ ਬੰਟੀ ਬੇਦੀ ਗਾਰਮੈਂਟਸ, ਤੇਜਿੰਦਰ ਸਿੰਘ ਚੰਨ, ਜਤਿੰਦਰ ਪਾਲ ਸਿੰਘ ਘੜੀਆਂ ਵਾਲੇ , ਪਰਮਜੀਤ ਸਿੰਘ, ਇਕਬਾਲ ਸਿੰਘ ਰਾਜੂ, ਜਸਵਿੰਦਰ ਸਿੰਘ, ਤਰਲੋਚਨ ਸਿੰਘ, ਗੁਰਚਰਨ ਸਿੰਘ ਰਣਜੀਤ ਗਾਰਮੈਂਟ , ਗੁਰਕੀਰਤ ਸਿੰਘ ਬਾਵਾ, ਜਸਵਿੰਦਰ ਸਿੰਘ ਜੱਸਾ, ਸਰਬਜੀਤ ਸਿੰਘ ਅਰੋੜਾ, ਕਰਨ ਅਰੋੜਾ, ਦਵਿੰਦਰਪਾਲ ਸਿੰਘ ਤਲਵਾੜ,ਸੁਖਵਿੰਦਰ ਸਿੰਘ ਸੁੱਖੂ, ਹਰਮੀਤ ਸਿੰਘ ਮੀਤਾ, ਕ੍ਰਿਸ਼ਨ ਸਲੂਰੀਆ, ਰਵਿੰਦਰ ਸਿੰਘ ਰੰਮੀ ,ਦਵਿੰਦਰ ਸਿੰਘ ਹਰਜੀ, ਤਰਨਜੀਤ ਸਿੰਘ, ਹਰੀ ਓਮ ਨਰਗਸ , ਪਵਨ ਰਾਣਾ,ਰਾਜਨ ਗਾਬਾ, ਸ਼ੈਲੀ ਅਰੋੜਾ, ਗੁਰਵਿੰਦਰ ਸਿੰਘ ਡਿਪਟੀ , ਕਮਲਪ੍ਰੀਤ ਸਿੰਘ ਬੱਬੂ, ਜਸਵਿੰਦਰ ਪਾਲ ਸਿੰਘ ਬਿੱਲਾ, ਸੰਜੇ ਮਹਾਜਨ,ਗੌਰਵ ਸ਼ਰਮਾ, ਪੰਕਜ ਸ਼ਰਮਾਂ, ਜਸਕਰਨ ਸਿੰਘ, ਚਿਰਾਗ ਆਂਗਰਾ,ਸੰਜੇ ਆਂਗਰਾ, ਆਸ਼ੂ ਧੀਮਾਨ, ਮਿੰਕੂ ਧੂੜੀਆ, ਰਾਜਨ ਲੁਟਾਵਾ ਗੁਰਲੀਨ ਸਿੰਘ,ਗੁਲਸ਼ਨ ਪੁਰੀ, ਸੰਨੀ ਸ਼ਿਮਲਾ ਗਾਰਮੈਂਟ, ਪ੍ਰਿੰਸ ਰੈਡੀਮੇਡ,ਸੋਨੂੰ ਅਰੋੜਾ, ਅਰਸ਼ਦੀਪ ਸਿੰਘ, ਸ਼ੈਫੀ ਅਰੋੜਾ ਜੱਸੀ ਨਿਊ ਅਬਾਦੀ ਆਦਿਕ ਹਾਜ਼ਰ ਸਨ।

## ਵਿਧਾਇਕ ਮੁੰਡੀਆ ਵੱਲੋਂ ਪਿੰਡ ਮੁੰਡੀਆ ਖੁਰਦ ਅਤੇ ਭਮਾਂ ਖੁਰਦ ਵਿਖੇ ਆਮ ਆਦਮੀ ਪਾਰਟੀ ਦੀਆਂ ਨੁੱਕੜ ਮੀਟਿੰਗਾਂ

# ਲੋਕਾਂ ਦਾ ਰਵਾਇਤੀ ਪਾਰਟੀਆਂ ਤੋਂ ਮੋਹ ਭੰਗ ਹੋਣ ਕਾਰਨ 'ਆਪ' ਵੱਲੋਂ ਰੁਝਾਨ ਵਧਿਆ: ਵਿਧਾਇਕ ਮੁੰਡੀਆਂ



**ਮਾਛੀਵਾੜਾ ਸਾਹਿਬ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਸਾਹਨੇਵਾਲ ਦੇ ਵਿਧਾਇਕ ਹਰਦੀਪ ਸਿੰਘ ਮੰਡੀਆਂ ਵੱਲੋਂ ਹਲਕਾ ਸਾਹਨੇਵਾਲ ਦੇ ਅਧੀਨ ਆਉਂਦੇ ਅਨੇਕਾਂ ਪਿੰਡਾਂ ਦਾ ਦੌਰਾ ਕੀਤਾ ਜਾ ਚੁੱਕਿਆ ਹੈ ਅਤੇ ਕੁਝ ਰਹਿੰਦੇ ਪਿੰਡਾਂ ਦਾ ਦੌਰਾ ਲਗਾਤਾਰ ਜਾਰੀ ਹੈ। ਇਸ ਵਿੱਚ ਇੱਕ ਗੱਲ ਖਾਸ ਦੇਖਣ ਨੂੰ ਇਹ ਮਿਲੀ ਹੈ ਕਿ ਇਕੱਲੇ ਇਕੱਲੇ ਪਿੰਡ ਵਿੱਚ ਹਰਦੀਪ ਸਿੰਘ ਮੁੰਡੀਆ ਦੇ ਨਾਲ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਜੀਪੀ ਆਪ ਖੁਦ ਜਾ ਕੇ ਹਲਕੇ ਦੇ ਲੋਕਾਂ ਨਾਲ ਰਾਬਤਾ ਕਾਇਮ ਕਰ ਰਹੇ ਹਨ ਅਤੇ ਆਪਣੀ ਪਾਰਟੀ ਦੇ ਨਾਲ ਵੱਧ ਤੋਂ ਵੱਧ ਲੋਕਾਂ ਨੂੰ ਜੋੜ ਰਹੇ ਹਨ ਅਤੇ ਆਉਣ ਵਾਲੀ ਇਕ ਜੂਨ ਨੂੰ ਝਾੜੂ ਵਾਲਾ ਬਟਣ ਦਵਾ ਕੇ ਆਮ ਆਦਮੀ ਪਾਰਟੀ ਨੂੰ ਵੋਟਾਂ ਪਾਉਣ ਲਈ ਪ੍ਰੇਰਿਤ ਕਰ ਰਹੇ ਹਨ। ਇਸੇ ਤਰ੍ਹਾਂ ਹਲਕਾ ਸਾਹਨੇਵਾਲ ਦੇ ਵਿਧਾਇਕ ਹਰਦੀਪ ਸਿੰਘ ਮੁੰਡੀਆਂ ਨੇ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਜੀਪੀ ਨੂੰ ਵਿਸ਼ਵਾਸ ਦਵਾਇਆ ਹੈ ਕਿ ਜਿਸ ਤਰ੍ਹਾਂ ਹਲਕਾ ਸਾਹਨੇਵਾਲ ਦੇ ਲੋਕਾਂ ਨੇ ਵਿਧਾਨ ਸਭਾ ਦੀਆਂ ਚੋਣਾਂ ਮੌਕੇ ਮੈਨੂੰ ਵੱਡੀ ਲੀਡ ਨਾਲ ਜਿਤਾ ਕੇ ਹਲਕੇ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ ਉਸੇ ਤਰ੍ਹਾਂ ਹੁਣ ਵੀ ਮੇਰੇ ਹਲਕੇ ਦੇ ਲੋਕ ਤੁਹਾਡੇ ਨਾਲ ਚਟਾਨ ਵਾਂਗੂ ਖੜ੍ਹੇ ਹਨ।

ਇਸੇ ਤਰ੍ਹਾਂ ਅੱਜ ਹਲਕਾ ਸਾਹਨੇਵਾਲ ਦੇ ਅਧੀਨ ਆਉਂਦੇ ਕਈ ਪਿੰਡ ਅਤੇ ਕਲੋਨੀਆਂ ਵਿੱਚ ਨੁੱਕੜ ਮੀਟਿੰਗਾਂ ਕੀਤੀਆਂ ਜਿਵੇਂ ਅੰਸਲ ਇਨਕਲੇਵ,ਮਾਡਲ ਕਲੋਨੀ,ਮੰਗਲੀ ਟਾਂਡਾ,ਸਸਰਾਲੀ ਕਲੋਨੀ, ਸਲੇਮਪੁਰ, ਭਮਾਂ ਖੁਰਦ,ਮੂੰਡੀਆਂ ਖੁਰਦ,ਅਮਰ ਕਲੋਨੀ,ਪਵਾਂ ਖਾਟਕ, ਨੰਦਪੁਰ,ਗਾਰਡਨ ਸਿਟੀ, ਢੰਡਾਰੀ ਅਤੇ ਸ਼ੰਕਰ ਕਾਲੋਨੀ ਵਿਖੇ ਦੌਰਾ ਕੀਤਾ ਜਿੱਥੇ ਕਿ ਲੋਕਾਂ ਵੱਲੋਂ ਬਹੁਤ ਹੀ ਜਿਆਦਾ ਹੁੰਗਾਰਾ ਦੇਖਣ ਨੂੰ ਮਿਲਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਕਈ ਪਿੰਡਾਂ ਦੇ ਲੋਕ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਹਲਕਾ ਸਾਹਨੇਵਾਲ ਦੇ ਵਿਧਾਇਕ ਹਰਦੀਪ ਸਿੰਘ ਮੂੰਡੀਆਂ ਅਤੇ 'ਆਪ' ਉਮੀਦਵਾਰ ਗੁਰਪ੍ਰੀਤ ਸਿੰਘ ਜੀਪੀ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਅਤੇ ਉਨ੍ਹਾਂ ਨੇ ਵਿਸ਼ਵਾਸ ਦਵਾਇਆ ਕਿ ਜਿਸ ਤਰ੍ਹਾਂ ਅਸੀਂ ਪਹਿਲੀਆਂ ਪਾਰਟੀਆਂ ਲਈ ਕੰਮ ਕਰਦੇ ਸੀ ਹੁਣ ਆਮ ਆਦਮੀ ਪਾਰਟੀ ਲਈ ਦਿਨ ਰਾਤ ਇੱਕ ਕਰਕੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਗੁਰਪ੍ਰੀਤ ਸਿੰਘ ਜੀਪੀ ਨੂੰ ਵੱਡੀ ਲੀਡ ਨਾਲ ਜਿਤਾਵਾਂਗੇ।

ਇਸ ਮੌਕੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਸਾਰੇ ਮੈਂਬਰਾਂ ਦਾ ਵਿਧਾਇਕ ਹਰਦੀਪ ਸਿੰਘ ਮੁੰਡਿਆਂ ਨੇ ਤਹਿ ਦਿਲ ਤੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਆਮ ਆਦਮੀ ਪਾਰਟੀ ਨਾਲ ਜਿਹੜਾ ਵੀ ਵਰਕਰ ਤਨ ਅਤੇ ਮਨ ਲਾ ਕੇ ਸੇਵਾ ਕਰੇਗਾ ਉਸ ਨੂੰ ਪਾਰਟੀ ਵੱਲੋਂ ਬਣਦਾ ਮਾਣ ਸਤਿਕਾਰ ਜ਼ਰੂਰ ਦਿੱਤਾ ਜਾਵੇਗਾ। ਇਸ ਮੌਕੇ 'ਆਪ' ਉਮੀਦਵਾਰ ਗੁਰਪ੍ਰੀਤ ਸਿੰਘ ਜੀਪੀ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਹਰ ਵਰਗ ਅੱਜ ਸਰਦਾਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਨਾਲ ਜੁੜ ਰਿਹਾ ਹੈ ਜੋ ਉਨ੍ਹਾਂ ਨੇ ਦੋ ਸਾਲ ਵਿੱਚ ਜੋ ਕੰਮ ਕੀਤੇ ਹਨ ਰਵਾਇਤੀ ਪਾਰਟੀਆਂ ਨੇ 75 ਸਾਲਾਂ ਵਿੱਚ ਨਹੀਂ ਕੀਤੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਨਾਅਰਾ 'ਤੇਰਾਂ ਜ਼ੀਰੋ ਪੰਜਾਬ ਬਣੇਗਾ ਹੀਰੋ' ਨੂੰ ਜਰੂਰ ਕਾਮਯਾਬ ਕਰਾਂਗੇ ਅਤੇ ਸੰਸਦ ਵਿੱਚ ਵੀ ਭਗਵੰਤ ਮਾਨ ਜਰੂਰ ਗੂੰਜੇਗਾ। ਉਨ੍ਹਾਂ ਨੇ ਨਾਲ ਇਹ ਵੀ ਕਿਹਾ ਕਿ ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ ਅਰਵਿੰਦ ਕੇਜਰੀਵਾਲ ਤੋਂ ਦੂਜੀਆਂ ਪਾਰਟੀਆਂ ਪੂਰਨ ਤੌਰ ਤੇ ਡਰੀਆਂ ਹੋਈਆਂ ਹਨ ਇਸ ਲਈ ਝੂਠੇ ਕੇਸ ਪਾ ਕੇ ਅਰਵਿੰਦ ਕੇਜਰੀਵਾਲ ਜੀ ਨੂੰ ਜੇਲ੍ਹ ਵਿੱਚ ਸੁੱਟਿਆ ਗਿਆ,ਪਰ ਉਨ੍ਹਾਂ ਨੂੰ ਹੁਣ ਜਮਾਨਤ ਮਿਲ ਚੁੱਕੀ ਹੈ ਅਤੇ ਉਹ ਆਪਣੇ ਉਮੀਦਵਾਰਾਂ ਲਈ ਚੋਣ ਪ੍ਰਚਾਰ ਕਰਨਗੇ। ਇਸ ਮੌਕੇ ਉਨ੍ਹਾਂ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਆਏ ਹੋਏ ਲੋਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਚੇਅਰਮੈਨ, ਬਲਾਕ ਸਮਤੀ ਮੈਂਬਰ, ਪੰਚ-ਸਰਪੰਚ ਅਤੇ ਪਿੰਡਾਂ ਦੇ ਲੋਕ ਹਾਜ਼ਰ ਸਨ।

## ਸਟੂਡੈਂਟ ਪੁਲਿਸ ਕੈਡਿਟ ਸਕੀਮ ਅਧੀਨ ਵੂਮੈਨ ਇੰਪਾਵਰਮੈਂਟ, ਔਰਤਾਂ ਪ੍ਰਤੀ ਵੱਧ ਰਹੇ ਅਪਰਾਧ ਦੇ ਵਿਸ਼ੇ 'ਤੇ ਸੈਮੀਨਾਰ ਲਗਾਇਆ ਗਿਆ



**ਬਰਨਾਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਟੂਡੈਂਟ ਪੁਲਿਸ ਕੈਡਿਟ ਸਕੀਮ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੀਮਾ ਜੋਧਪੁਰ ਵਿਖੇ ਵੂਮੈਨ ਇੰਪਾਵਰਮੈਂਟ, ਔਰਤਾਂ ਪ੍ਰਤੀ ਵੱਧ ਰਹੇ ਅਪਰਾਧ ਦੇ ਵਿਸ਼ੇ 'ਤੇ ਇੱਕ ਸੈਮੀਨਾਰ ਕਰਵਾਇਆ ਗਿਆ।

ਸੈਮੀਨਾਰ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਸ੍ਰੀਮਤੀ ਮੇਘਾ ਮਾਨ ਵੱਲੋਂ ਸ਼ਿਰਕਤ ਕੀਤੀ ਗਈ। ਸਟੂਡੈਂਟ ਪੁਲਿਸ ਕੈਡਿਟ ਬੱਚਿਆਂ ਨੂੰ ਸੰਬੋਧਿਤ ਕਰਦਿਆਂ ਸ਼੍ਰੀਮਤੀ ਮਾਨ ਵੱਲੋਂ ਬੱਚਿਆਂ ਨੂੰ ਗੁੱਡ ਟੱਚ ਬੈਡ ਟੱਚ ਬਾਰੇ ਜਾਣਕਾਰੀ ਦਿੱਤੀ ਗਈ।

ਉਹਨਾਂ ਦੱਸਿਆ ਕਿ ਕੋਈ ਵੀ ਅਪਰਾਧ ਬੱਚਿਆਂ ਨਾਲ ਇਸ ਕਾਰਣ ਹੋ ਸਕਦਾ ਹੈ ਕਿਉਂ ਕਿ ਬੱਚਿਆ ਨੂੰ ਇਸ ਬਾਰੇ ਜਾਣਕਾਰੀ ਹੀ ਨਹੀਂ ਹੁੰਦੀ। ਇਸ ਲਈ ਸਭ ਤੋਂ ਪਹਿਲਾਂ ਬੱਚਿਆਂ ਨੂੰ ਪਤਾ ਹੋਣਾ ਚਾਹੀਦਾ ਕਿ ਕਿਹੜੀ ਛੂਹ ਸਾਡੇ ਲਈ ਠੀਕ ਹੈ ਕਿਹੜੀ ਛੂਹ ਸਾਨੂੰ ਮਾੜੀ ਨੀਅਤ ਨਾਲ ਕੀਤੀ ਗਈ ਹੈ। ਇਸ ਮੌਕੇ ਸ਼੍ਰੀਮਤੀ ਮੇਘਾ ਮਾਨ ਵੱਲੋਂ ਬੱਚਿਆ ਨੂੰ ਪ੍ਰੋਜੈਕਟਰ ਦੀ ਮਦਦ ਨਾਲ ਸਲਾਈਡ ਸ਼ੋ ਵੀ ਦਿਖਾਇਆ ਗਿਆ। ਜਿਸ ਰਾਹੀਂ ਬੱਚਿਆ ਨੂੰ ਇਹਨਾਂ ਵਿਸ਼ਿਆਂ 'ਤੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਪ੍ਰਿੰਸੀਪਲ ਅਨਿਲ ਕੁਮਾਰ ਵੱਲੋਂ ਦੱਸਿਆ ਗਿਆ ਕਿ ਪਿਛਲੇ ਸਾਲ ਤੋਂ ਕੇਂਦਰ ਸਰਕਾਰ ਦੇ ਸਹਿਯੋਗ ਨਾਲ ਪੰਜਾਬ ਸਰਕਾਰ ਵੱਲੋਂ ਇਹ ਸਕੀਮ ਇਸ ਸਕੂਲ ਵਿੱਚ ਚਲਾਈ ਜਾ ਰਹੀ ਹੈ। ਇਸ ਅਧੀਨ ਹਰ ਮਹੀਨੇ ਬੱਚਿਆ ਨੂੰ ਇਨਡੋਰ ਤੇ ਆਊਟਡੋਰ ਐਕਟੀਵਿਟੀ ਅਧੀਨ ਸੈਮੀਨਾਰ, ਟਰੇਨਿੰਗ ਵਗੈਰਾ ਕਾਰਵਾਈ ਜਾਂਦੀ ਹੈ।

ਇਸ ਮੌਕੇ ਨਾਈਵਾਲਾ ਸਕੂਲ ਦੇ ਮੁੱਖ ਅਧਿਆਪਕ ਰਾਜੇਸ਼ ਕੁਮਾਰ, ਲੋਕ ਸੰਪਰਕ ਵਿਭਾਗ ਦੇ ਸੀਨੀਅਰ ਸਹਾਇਕ ਜੁਨਿੰਦਰ ਜੋਸ਼ੀ,ਸਕੂਲ ਕੌਂਸਲਰ ਤੇ ਨੋਡਲ ਅਫ਼ਸਰ ਜਤਿੰਦਰ ਜੋਸ਼ੀ, ਪੂਨਮ ਸ਼ਰਮਾ, ਪਾਇਲ ਗਰਗ, ਸੁਮਨ ਬਾਲਾ, ਰਜੇਸ਼ ਕੁਮਾਰ, ਜਸਵੀਰ ਸਿੰਘ ਤੇ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ। ਸਕੂਲ ਪ੍ਰਿੰਸੀਪਲ, ਸਟਾਫ ਤੇ ਬੱਚਿਆਂ ਵੱਲੋਂ ਸ੍ਰੀ ਮਤੀ ਮੇਘਾ ਮਾਨ ਨੂੰ ਫੁਲਕਾਰੀ ਭੇਟ ਕੀਤੀ ਗਈ।

## ਚੋਣ ਮੀਟਿੰਗ 'ਚ ਬਦਲੀ ਯੂਥ ਆਗੂ ਗਿੱਲ ਬੱਲੋਮਾਜਰਾ ਦੀ ਜਨਮ ਦਿਨ ਪਾਰਟੀ



**ਮੁਹਾਲੀ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੀ ਰਾਤ ਯੂਥ ਆਗੂ ਸ. ਜਤਿੰਦਰ ਸਿੰਘ ਗਿੱਲ ਵਾਸੀ ਪਿੰਡ ਬੱਲੋਮਾਜਰਾ ਨੇ ਆਪਣਾ ਜਨਮ ਦਿਨ ਸਮੂਹ ਭਰਾਵਾਂ ਅਤੇ ਦੋਸਤਾਂ-ਮਿੱਤਰਾਂ ਨਾਲ ਮਨਾਇਆ। ਇਸ ਦੌਰਾਨ ਦੂਰੋਂ ਨੇੜਿਓਂ ਪੁੱਜੇ ਦੋਸਤਾਂ ਮਿੱਤਰਾਂ ਨੇ ਜਤਿੰਦਰ ਸਿੰਘ ਗਿੱਲ ਨੂੰ ਜਨਮ ਦਿਨ ਦੀ ਮੁਬਾਰਕਬਾਦ ਦਿੱਤੀ ਅਤੇ ਕੇਕ ਕੱਟਿਆ।

ਇਸ ਦੌਰਾਨ ਮਾਹੌਲ ਉਦੋਂ ਚੋਣ ਮੀਟਿੰਗ ਵਿਚ ਬਦਲ ਗਿਆ ਜਦੋਂ ਜਤਿੰਦਰ ਸਿੰਘ ਗਿੱਲ ਨੇ ਸਮੂਹ ਦੋਸਤਾਂ ਮਿੱਤਰਾਂ ਅਤੇ ਇਲਾਕੇ ਦੇ ਲੋਕਾਂ ਨੂੰ ਲੋਕ ਸਭਾ ਚੋਣਾਂ ਦੌਰਾਨ ਹਲਕਾ ਸ੍ਰੀ ਆਨੰਦਪੁਰ ਸਾਹਿਬ ਤੋਂ ਆਪ ਉਮੀਦਵਾਰ ਮਾਲਵਿੰਦਰ ਸਿੰਘ ਕੰਗ ਦੇ ਹੱਕ ਵਿਚ ਆਪਣਾ ਕੀਮਤੀ ਵੋਟ ਪਾਉਣ ਲਈ ਅਪੀਲ ਕੀਤੀ। ਉਹਨਾਂ ਕਿਹਾ ਕਿ ਸ. ਕੰਗ ਇਕ ਪੜ੍ਹੇ ਲਿਖੇ ਅਤੇ ਜ਼ਮੀਨ ਨਾਲ ਜੁੜੇ ਹੋਏ ਵਿਅਕਤੀ ਹਨ ਅਤੇ ਸਾਨੂੰ ਉਸ ਵਿਅਕਤੀ ਨੂੰ ਹੀ ਆਪਣਾ ਵੋਟ ਪਾਉਣੀ ਚਾਹੀਦੀ ਹੈ ਜੋ ਪਾਰਲੀਮੈਂਟ ਵਿਚ ਜਾ ਕੇ ਪੰਜਾਬ ਵਾਸੀਆਂ ਦੀ ਅਵਾਜ਼ ਬੁਲੰਦ ਕਰੇ। ਉਹਨਾਂ ਆਪਣੇ ਜਨਮ ਦਿਨ ਮੌਕੇ ਵਧਾਈ ਦੇਣ ਵਾਲਿਆਂ ਦੀ ਤਹਿ ਦਿਲ ਤੋਂ ਸ਼ੁਕਰਾਨਾ ਕੀਤਾ।

ਇਸ ਮੌਕੇ ਇੰਦਰਜੀਤ ਸਿੰਘ ਹੈਪੀ ਚੰਡੀਗੜ੍ਹ, ਰਾਜਵੀਰ ਸਿੰਘ ਰਾਜੀ, ਲਵੀ ਲੋਹਟ, ਕਮਲ ਕੈਂਥ, ਸੋਨੀ ਬੱਲੋਮਾਜਰਾ ਸਮੇਤ ਹੋਰ ਭਰਾਵਾਂ ਨੇ ਸ਼ਿਰਕਤ ਕਰਦਿਆਂ ਮੁਬਾਰਕਬਾਦ ਦਿੱਤੀ ਅਤੇ ਆਉਣ ਵਾਲੀਆਂ ਚੋਣਾਂ ਸਬੰਧੀ ਅਗਲੀ ਰਣਨੀਤੀ ਬਣਾਉਣ ਬਾਰੇ ਵਿਚਾਰ ਚਰਚਾ ਕੀਤੀ।

## ਕਿਸਾਨਾਂ ਨੂੰ ਕਣਕ ਦੀ ਨਾੜ ਨੂੰ ਅੱਗ ਨਾ ਲਗਾਉਣ ਦੀ ਅਪੀਲ:ਡਿਪਟੀ ਕਮਿਸ਼ਨਰ

**ਫਾਜ਼ਿਲਕਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ ਸੇਨੂ ਦੁੱਗਲ ਵੱਲੋਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਣਕ ਦੀ ਫਸਲ ਦੀ ਵਾਢੀ ਕਰਨ ਤੋਂ ਬਾਅਦ ਕਣਕ ਦੇ ਨਾੜ ਦੀ ਰਹਿੰਦ-ਖੂੰਹਦ ਨੂੰ ਖੇਤ ਦੀ ਵਹਾਈ ਕਰਕੇ ਮਿੱਟੀ ਵਿਚ ਹੀ ਰਲਾਇਆ ਜਾਵੇ ਅਤੇ ਅੱਗ ਨਾ ਲਗਾਈ ਜਾਵੇ। ਤਾਂ ਜੋ ਵਾਤਾਵਰਨ ਨੂੰ ਪ੍ਰਦਸ਼ੂਤ ਹੋਣ ਤੋਂ ਬਚਾਇਆ ਜਾ ਸਕੇ। ਖੇਤਾਂ ਵਿਚ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਮਿੱਟੀ ਵਿਚ ਮੌਜੂਦ ਸੂਖਮ ਜੀਵਾਣੂ ਨਸ਼ਟ ਹੋਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ, ਜ਼ਮੀਨ ਦੀ ਸਿਹਤ ਉੱਪਰ ਮਾੜਾ ਪ੍ਰਭਾਵ ਪੈਂਦਾ ਹੈ, ਜ਼ਮੀਨ ਵਿੱਚ ਮੌਜੂਦ ਜ਼ਰੂਰੀ ਪੌਸ਼ਿਕ ਤੱਤ ਨਸ਼ਟ ਹੁੰਦੇ ਹਨ ਅਤੇ ਫਸਲਾਂ ਲਈ ਜ਼ਰੂਰੀ ਮਿੱਤਰ ਕੀੜਿਆਂ ਦਾ ਨੁਕਸਾਨ ਹੁੰਦਾ ਹੈ, ਉੱਥੇ ਕਈ ਵਾਰ ਹਾਦਸਿਆ ਕਾਰਨ ਜਾਨੀਮਾਲੀ ਨੁਕਸਾਨ ਵੀ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕਣਕ ਦੇ ਨਾੜ ਨੂੰ ਅੱਗ ਲਗਾਉਣ 'ਤੇ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਉਨ੍ਹਾਂ ਖੇਤੀਬਾੜੀ ਵਿਭਾਗ ਨੂੰ ਹਦਾਇਤ ਕੀਤੀ ਹੈ ਕਿ, ਕਿਸਾਨਾਂ ਵੱਲੋ ਬਚੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਉਂਦੇ ਹੋਏ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਬਾਰੇ ਕਿਸਾਨਾਂ ਨੂੰ ਵੱਧ ਤੋ ਵੱਧ ਪ੍ਰੇਰਿਤ ਕੀਤਾ ਜਾਵੇ ਅਤੇ ਕਣਕ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ, ਸਗੋਂ ਵਾਤਾਵਰਨ ਸੰਭਾਲ ਪ੍ਰੇਮੀ ਬਣ ਕੇ ਮਿੱਟੀ, ਹਵਾ ਅਤੇ ਪਾਣੀ ਵਰਗੇ ਅਣਮੁੱਲੇ ਸਰੋਤਾਂ ਨੂੰ ਬਚਾਉਣ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਅੱਗ ਦਾ ਧੂੰਆਂ ਸੜਕ ਹਾਦਸਿਆਂ ਅਤੇ ਮਨੁੱਖੀ ਸਿਹਤ ਖਰਾਬ ਹੋਣ ਦਾ ਕਾਰਣ ਬਣਦਾ ਹੈ। ਤਹਿਸੀਲ/ਬਲਾਕ ਲੈਵਲ ਤੇ ਬਣਾਈਆਂ ਮੋਨੀਟਰਿੰਗ ਟੀਮਾਂ ਦੇ ਅਧਿਕਾਰੀਆਂ ਵਲੋਂ ਪਿੰਡਾਂ ਵਿਚ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਜਾਣ ਤੇ ਗੁਰਦੁਆਰਾ ਸਾਹਿਬ ਤੋਂ ਕਣਕ ਦੀ ਨਾੜ ਨੂੰ ਅੱਗ ਨਾ ਲਗਾਉਣ ਸਬੰਧੀ ਰੈਗੂਲਰ ਅਨਾਊਂਸਮੈਂਟਾਂ ਕਰਵਾਈਆਂ ਜਾਣ ਅਤੇ ਫੀਲਡ 'ਚ ਅੱਗ ਲੱਗਣ ਵਾਲੀ ਸਾਈਟ ਦਾ 24 ਘੰਟੇ ਦੇ ਅੰਦਰ-ਅੰਦਰ ਮੌਕੇ ਤੇ ਵਿਜਿਟ ਕਰਕੇ ਰਿਪੋਰਟ ਕੀਤੀ ਜਾਵੇ।

## ਬਰਨਾਲਾ ਦੇ ਬਾਬਾ ਗਾਂਧਾ ਸਿੰਘ ਇਲਾਕੇ ਵਿੱਚ ਟੂਟੀਆਂ ਵਿੱਚੋਂ ਆਇਆ ਗੰਦਾ ਪਾਣੀ ਲੋਕ ਪਰੇਸ਼ਾਨ : ਪ੍ਰਸਾਸਨ ਬੇਖਬਰ

**ਬਰਨਾਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਧਰਤੀ 'ਤੇ ਪਾਣੀ ਤੋਂ ਬਿਨਾਂ ਮਨੁੱਖ ਦਾ ਗੁਜ਼ਾਰਾ ਨਹੀਂ ਚੱਲ ਸਕਦਾ, ਜੇਕਰ ਮਨੁੱਖ ਨੂੰ ਸਿਹਤਮੰਦ ਜੀਵਨ ਬਤੀਤ ਕਰਨਾ ਹੈ ਤਾਂ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਉਣਾ ਜ਼ਰੂਰੀ ਹੈ, ਪਰ ਸ਼ਾਇਦ ਸਾਫ਼ ਪਾਣੀ ਪੀਣਾ ਬਰਨਾਲਾ ਵਾਸੀਆਂ ਦੀ ਕਿਸਮਤ ਵਿਚ ਨਹੀਂ ਹੈ।



ਬਾਬਾ ਗਾਂਧਾ ਸਿੰਘ ਡੇਰੇ ਦੇ ਨਜ਼ਦੀਕ ਟੂਟੀਆ ਵਿੱਚੋਂ ਕਾਲੇ ਰੰਗ ਦਾ ਗੰਦਾ ਪਾਣੀ ਨਿਕਲ ਰਿਹਾ ਹੈ, ਵਪਾਰ ਮੰਡਲ ਦੇ ਮੀਤ ਪ੍ਰਧਾਨ ਸ਼ਿਸ਼ਨ ਬਾਂਸਲ ਨੇ ਉਕਤ ਗੰਦਾ ਪਾਣੀ ਇੱਕ ਬੋਤਲ ਵਿੱਚ ਭਰ ਕੇ ਪੱਤਰਕਾਰਾਂ ਨੂੰ ਦਿਖਾਇਆ ਅਤੇ ਕਿਹਾ ਕਿ ਇਸ ਪਾਣੀ ਨੂੰ ਪੀਣ ਨਾਲ ਤਾ ਪਸ਼ੂਆਂ ਦੀ ਵੀ ਮੌਤ ਹੋ ਸਕਦੀ ਹੈ। ਇਸ ਪਾਣੀ ਦੇ ਨੇੜੇ ਕੋਈ ਇਨਸਾਨ ਵੀ ਨਹੀਂ ਆ ਸਕਦਾ , ਕਿਉਂਕਿ ਪਾਣੀ ਤੋਂ ਬਹੁਤ ਬਦਬੂ ਆ ਰਹੀ ਹੈ।

ਜਲ ਸਪਲਾਈ ਵਿਭਾਗ ਸ਼ਹਿਰ ਵਾਸੀਆਂ ਨੂੰ ਸਾਫ਼ ਪਾਣੀ ਵੀ ਮੁਹੱਈਆ ਕਰਵਾਉਣ ਦੇ ਸਮਰੱਥ ਨਹੀਂ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਇਸ ਮਸਲੇ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਸ਼ਹਿਰ ਵਾਸੀਆਂ ਵਲੋ ਸਰਕਾਰ ਵਿਰੁੱਧ ਤਿੱਖਾ ਸੰਘਰਸ਼ ਕੀਤਾ ਜਾਵੇਗਾ।

ਇਸ ਮੁੱਦੇ 'ਤੇ ਪਹਿਲਾਂ ਵੀ ਮਰਨ ਵਰਤ 'ਤੇ ਬੈਠ ਕੇ ਭਾਜਪਾ ਆਗੂ ਕੌਂਸਲਰ ਦੇ ਪੁੱਤਰ ਨੀਰਜ ਜਿੰਦਲ ਨੇ ਵੀ ਧਰਨਾ ਦਿੱਤਾ ਸੀ । ਜ਼ਿਕਰਯੋਗ ਹੈ ਕਿ ਅਪਰੈਲ ਮਹੀਨੇ ਵਿੱਚ ਹੰਢਿਆਇਆ ਬਾਜ਼ਾਰ ਵਿੱਚ ਵੀ ਗੰਦੇ ਪਾਣੀ ਦੀ ਸਪਲਾਈ ਹੋ ਰਹੀ ਸੀ, ਇਸ ਮੁੱਦੇ 'ਤੇ ਕ੍ਰਾਂਤੀਕਾਰੀ ਵਪਾਰ ਮੰਡਲ ਦੇ ਪ੍ਰਧਾਨ ਨੀਰਜ ਜਿੰਦਲ ਵੀ ਮਰਨ ਵਰਤ 'ਤੇ ਚਲੇ ਗਏ ਸਨ।ਉਸ ਵਾਰਡ ਵਿੱਚ ਨੀਰਜ ਜਿੰਦਲ ਦੇ ਮਾਤਾ ਸਰੋਜ ਰਾਣੀ ਕੌਂਸਲਰ ਹਨ। ਉਨ੍ਹਾਂ ਦੇ ਮਰਨ ਵਰਤ ਤੋਂ ਬਾਅਦ ਪ੍ਰਸ਼ਾਸਨ ਵੀ ਹਰਕਤ ਵਿੱਚ ਆ ਗਿਆ ਸੀ। ਇਸ ਸੰਬਧੀ ਜਦੋ ਸਬੰਧਤ ਅਧਿਕਾਰੀਆ ਨਾਲ ਗੱਲਬਾਤ ਕਰਨੀ ਚਾਹੀ ਤਾ ਇਲੈਕਸ਼ਨ ਡਿਊਟੀ ਕਰਕੇ ਉਹਨਾ ਨਾਲ ਗੱਲਬਾਤ ਨਹੀਂ ਹੋ ਸਕੀ

## ਖੇਡਾਂ ਦੇ ਖੇਤਰ ਵਿੱਚ ਪੰਜਾਬ ਮੁੜ ਚਮਕੇਗਾ, ਨਵੀਂ ਖੇਡ ਨੀਤੀ ਨੇ ਨੁਹਾਰ ਬਦਲੀ: ਮੀਤ ਹੇਅਰ

**ਬਰਨਾਲਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਉਮੀਦਵਾਰ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਪੰਜਾਬ ਦੀ ਗੁਆਚੀ ਸ਼ਾਨ ਨੂੰ ਮੁੜ ਬਹਾਲ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਦੀ ਸਰਕਾਰ ਨੇ ਨਵੀਂ ਖੇਡ ਨੀਤੀ ਬਣਾਈ ਜਿਸ ਦੇ ਚੰਗੇ ਨਤੀਜੇ ਸਾਹਮਣੇ ਆਉਣ ਲੱਗ ਗਏ ਹਨ। ਏਸ਼ੀਅਨ ਗੇਮਜ਼ ਵਿੱਚ ਪੰਜਾਬ ਦੇ ਖਿਡਾਰੀਆਂ ਨੇ 20 ਮੈਡਲ ਜਿੱਤ ਕੇ 72 ਸਾਲ ਦੇ ਸਾਰੇ ਰਿਕਾਰਡ ਤੋੜੇ।

ਮੀਤ ਹੇਅਰ ਅੱਜ ਭਦੌੜ ਹਲਕੇ ਦੇ ਪਿੰਡਾਂ ਵਿੱਚ ਚੋਣ ਰੈਲੀਆਂ ਨੂੰ ਸੰਬੋਧਨ ਕਰ ਰਹੇ ਸਨ। ਉਹ ਜਦੋਂ ਕਾਹਨੇਕੇ ਪਿੰਡ ਪੁੱਜੇ ਤਾਂ ਉਥੇ ਉਨ੍ਹਾਂ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਇਸ ਪਿੰਡ ਦਾ ਅਕਸ਼ਦੀਪ ਸਿੰਘ ਪੈਰਿਸ ਓਲੰਪਿਕ ਖੇਡਾਂ ਲਈ ਕੁਆਲੀਫਾਈ ਹੋਇਆ ਹੈ ਜੋ ਕਿ ਬਰਨਾਲਾ ਜ਼ਿਲੇ ਦਾ ਪਹਿਲਾ ਓਲੰਪੀਅਨ ਬਣੇਗਾ। ਉਨ੍ਹਾਂ ਕਿਹਾ ਕਿ ਜਦੋਂ ਅਕਸ਼ਦੀਪ ਸਿੰਘ ਨੇ ਪੈਦਲ ਤੋਰ ਵਿੱਚ ਓਲੰਪਿਕਸ ਲਈ ਕੁਆਲੀਫਾਈ ਕੀਤਾ ਤਾਂ ਉਸ ਵੇਲੇ ਕੋਈ ਖੇਡ ਨੀਤੀ ਨਹੀਂ ਮੌਜੂਦ ਸੀ ਪਰ ਫੇਰ ਵੀ ਉਨ੍ਹਾਂ ਖੇਡ ਵਿਭਾਗ ਵੱਲੋਂ ਉਸ ਨੂੰ 5 ਲੱਖ ਰੁਪਏ ਨਾਲ ਸਨਮਾਨਤ ਕੀਤਾ। ਉਸ ਤੋਂ ਬਾਅਦ ਸਾਡੀ ਸਰਕਾਰ ਨੇ ਅਜਿਹੀ ਖੇਡ ਨੀਤੀ ਬਣਾਈ ਜਿਸ ਵਿੱਚ ਨੌਕਰੀਆਂ, ਖੇਡ ਨਰਸਰੀਆਂ, ਨਗਦ ਇਨਾਮ ਤੋਂ ਇਲਾਵਾ ਖੇਡਾਂ ਦੀ ਤਿਆਰੀ ਲਈ ਨਗਦ ਰਾਸ਼ੀ ਰੱਖੀ ਗਈ। ਹੁਣ ਪੰਜਾਬ ਵਿੱਚ ਓਲੰਪਿਕ ਖੇਡਾਂ ਵਿੱਚ ਹਿੱਸਾ ਲੈਣ ਵਾਲਿਆਂ ਨੂੰ ਖੇਡਾਂ ਤੋਂ ਪਹਿਲਾਂ ਹੀ 15-15 ਲੱਖ ਰੁਪਏ ਦਿੱਤੇ ਜਾਣਗੇ ਅਤੇ ਇਹ ਰਾਸ਼ੀ ਖੇਡ ਨੀਤੀ ਦਾ ਹਿੱਸਾ ਹੈ ਜੋ ਅਕਸ਼ਦੀਪ ਸਿੰਘ ਨੂੰ ਵੀ ਮਿਲੇਗੀ।

ਮੀਤ ਹੇਅਰ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪੰਜਾਬ ਦਾ ਜਿੱਥੇ ਆਰ.ਡੀ.ਐਫ. ਸਮੇਤ ਹੋਰ ਫੰਡ ਰੋਕੇ ਉਥੇ ਖੇਡਾਂ ਲਈ ਕੋਈ ਵੀ ਵੱਡਾ ਪ੍ਰਾਜੈਕਟ ਨਹੀਂ ਦਿੱਤਾ, ਇਥੋਂ ਤੱਕ ਕਿ ਵਿਸ਼ਵ ਕੱਪ ਕ੍ਰਿਕਟ ਦਾ ਮੈਚ ਪਹਿਲੀ ਵਾਰ ਮੁਹਾਲੀ ਵਿਖੇ ਨਹੀਂ ਹੋਇਆ। ਵਾਰਾਨਸੀ ਤੇ ਗੁਜਰਾਤ ਨੂੰ ਫੰਡ ਲੁੱਟਾਉਣ ਵਾਲੀ ਕੇਂਦਰ ਸਰਕਾਰ ਨੇ ਪੰਜਾਬ ਨਾਲ ਵਿਤਰਕੇਬਾਜ਼ੀ ਕੀਤੀ ਅਤੇ ਹੁਣ ਵੇਲਾ ਆ ਗਿਆ ਹੈ ਕਿ ਪਾਰਲੀਮੈਂਟ ਵਿੱਚ ਉਨ੍ਹਾਂ ਦੀ ਪਾਰਟੀ ਨੂੰ ਜਿਤਾਇਆ ਜਾਵੇ ਤਾਂ ਜੋ ਕੇਂਦਰ ਵਿੱਚ ਆਪ ਦੀ ਭਾਈਵਾਲ ਵਾਲੀ ਸਰਕਾਰ ਬਣੇ ਜਿਸ ਨਾਲ ਸੂਬੇ ਨੂੰ ਵੱਧ ਤੋਂ ਵੱਧ ਫੰਡ ਦਿੱਤੇ ਜਾਣ।

ਐਮ.ਐਲ.ਏ.ਲਾਭ ਸਿੰਘ ਉਗੋਕੇ ਨੇ ਮੀਤ ਹੇਅਰ ਦਾ ਇਸ ਗੱਲੋਂ ਧੰਨਵਾਦ ਕੀਤਾ ਕਿ ਨਵੀਂ ਖੇਡ ਨੀਤੀ ਨਾਲ ਹੁਣ ਪਿੰਡ-ਪਿੰਡ ਵਿੱਚ ਖੇਡ ਨਰਸਰੀਆਂ ਬਣਨ ਲੱਗ ਗਈਆਂ ਹਨ ਅਤੇ ਨੌਜਵਾਨਾਂ ਨੂੰ ਪਿੰਡਾਂ ਵਿੱਚ ਖੇਡ ਸਹੂਲਤਾਂ ਮਿਲਣ ਦਾ ਰਾਹ ਪੱਧਰਾ ਹੋ ਗਿਆ

## ਗੈਸ ਸਲਿੰਡਰ ਦੇਵੇਗਾ ਮਤਦਾਨ ਦਾ ਸੁਨੇਹਾ



**ਫਾਜ਼ਿਲਕਾ, 15 ਮਈ**
**-ਕਪਿਲ ਖੱਤਰੀ -**
**-ਕੌਮੀ ਪੱਤ੍ਰਿਕਾ ਬਿਊਰੋ-**

ਐਲਪੀਜੀ ਦਾ ਗੈਸ ਸਿਲੰਡਰ ਹੁਣ ਤੁਹਾਡੇ ਖਾਣਾ ਬਣਾਉਣ ਵਾਲੇ ਚੁੱਲੇ ਨੂੰ ਹੀ ਨਹੀਂ ਮਘਾਏਗਾ ਸਗੋਂ ਇਹ ਤੁਹਾਨੂੰ ਇਕ ਜੂਨ ਨੂੰ ਮਤਦਾਨ ਕਰਨ ਦਾ ਸੁਨੇਹਾ ਵੀ ਦੇਵੇਗਾ। ਸਵੀਪ ਪ੍ਰੋਗਰਾਮ ਦੇ ਤਹਿਤ ਫਜ਼ਿਲਕਾ ਜਿਲੇ ਵਿੱਚ ਇੱਕ ਨਵੇਕਲੀ ਪਹਿਲ ਕੀਤੀ ਗਈ ਹੈ ਜਿਸ ਦੇ ਤਹਿਤ ਗੈਸ ਸਿਲੰਡਰਾਂ ਤੇ ਵੋਟਰ ਜਾਗਰੂਕਤਾ ਸਟੀਕਰ ਚਿਪਕਾਏ ਜਾ ਰਹੇ ਹਨ। ਇਹ ਗੈਸ ਸਿਲਿੰਡਰ ਜਦੋਂ ਏਜੰਸੀ ਤੋਂ ਲੋਕਾਂ ਦੇ ਘਰਾਂ ਵਿੱਚ ਜਾਂਦੇ ਹਨ ਤਾਂ ਇਹਨਾਂ ਨਾਲ ਲੋਕਾਂ ਵਿੱਚ ਵੋਟ ਦੇ ਮਹੱਤਵ ਪ੍ਰਤੀ ਜਾਗਰੂਕਤਾ ਵਧੇਗੀ।

ਜਿਲਾ ਚੋਣਾਂ ਅਫਸਰ ਕਮ ਡਿਪਟੀ ਕਮਿਸ਼ਨਰ ਡਾਕਟਰ ਸੇਨੂ ਦੁੱਗਲ ਨੇ ਦੱਸਿਆ ਕਿ ਮਤਦਾਨ ਵਿੱਚ ਵੱਧ ਤੋਂ ਵੱਧ ਲੋਕ ਭਾਗ ਲੈਣ ਅਤੇ ਹਰੇਕ ਯੋਗ ਵੋਟਰ ਆਪਣੇ ਵੋਟ ਹੱਕ ਦਾ ਇਸਤੇਮਾਲ ਕਰੇ ਇਸ ਲਈ ਸਵੀਪ ਪ੍ਰੋਗਰਾਮ ਦੇ ਤਹਿਤ ਜ਼ਿਲ੍ਹੇ ਵਿੱਚ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।

ਉਹਨਾਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਵਿੱਚ ਚਾਰੇ ਵਿਧਾਨ ਸਭਾ ਹਲਕਿਆਂ ਵਿੱਚ ਸਵੀਪ ਟੀਮਾਂ ਵੱਖ-ਵੱਖ ਗਤੀਵਿਧੀਆਂ ਕਰਕੇ ਲੋਕਾਂ ਨੂੰ ਜਾਗਰੂਕ ਕਰ ਰਹੀਆਂ ਹਨ। ਇਸੇ ਲੜੀ ਵਿੱਚ ਹੁਣ ਗੈਸ ਸਿਲੰਡਰਾਂ ਤੇ ਵੀ ਵੋਟਰ ਜਾਗਰੂਕਤਾ ਸਟੀਕਰ ਲਗਾਉਣ ਦਾ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਤੋਂ ਬਿਨਾਂ ਬੱਸਾਂ ਵਿੱਚ ਵੀ ਅਜਿਹੇ ਸਟੀਕਰ ਲਗਾਏ ਗਏ ਹਨ ਅਤੇ ਵੱਖ ਵੱਖ ਥਾਵਾਂ ਤੇ ਦਫਤਰਾਂ ਵਿੱਚ ਜਾਂ ਹੋਰ ਮਹੱਤਵਪੂਰਨ ਥਾਵਾਂ ਤੇ ਵੀ ਅਜਿਹੇ ਸਟੀਕਰ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ 1 ਜੂਨ ਨੂੰ ਮਤਦਾਨ ਲਈ ਤਿਆਰ ਰਹਿਣ ਅਤੇ ਹਰੇਕ ਵੋਟਰ ਆਪਣੇ ਮਤਦਾਨ ਹੱਕ ਦਾ ਇਸਤੇਮਾਲ ਕਰੇ। ਉਹਨਾਂ ਨੇ ਕਿਹਾ ਕਿ ਨਿਰਪੱਖ ਅਤੇ ਸ਼ਾਂਤਮਈ ਚੋਣਾਂ ਲਈ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਜ਼ਿਲਾ ਪ੍ਰਸ਼ਾਸਨ ਵੱਲੋਂ ਸਾਰੇ ਇੰਤਜ਼ਾਮ ਕੀਤੇ ਜਾ ਰਹੇ ਹਨ॥

## ਫਾਜ਼ਿਲਕਾ ਦੀ ਨਹਿਰ 'ਚ ਪਾੜ ਪੈਣ ਕਾਰਨ ਹੜ੍ਹ ਵਰਗੇ ਹਾਲਾਤ, ਖੇਤਾਂ 'ਚ ਵੜਿਆ ਪਾਣੀ, 50 ਏਕੜ 'ਚ ਪਈ ਤੂੜੀ ਹੋਈ ਬਰਬਾਦ; ਪ੍ਰਸ਼ਾਸਨ ਨੂੰ ਦਿੱਤਾ ਪੱਤਰ

**ਫਾਜ਼ਿਲਕਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ 'ਚ ਬੀਤੀ ਰਾਤ ਤੇਜ਼ ਹਨੇਰੀ ਅਤੇ ਝੱਖੜ ਕਾਰਨ ਅਰਨੀਵਾਲਾ ਦੇ ਮਾਈਨਰ 'ਚ ਪਾੜ ਪੈ ਗਿਆ। ਦੱਸਿਆ ਜਾ ਰਿਹਾ ਹੈ ਕਿ ਇਹ ਖੱਡ 'ਚ ਦਰੱਖਤ ਡਿੱਗਣ ਕਾਰਨ ਹੋਇਆ ਹੈ। ਜਿਸ ਕਾਰਨ ਖੱਡ ਦਾ ਪਾਣੀ ਖੇਤਾਂ ਵਿੱਚ ਦਾਖਲ ਹੋ ਗਿਆ ਅਤੇ ਉੱਥੇ ਪਈ ਕਣਕ ਅਤੇ ਤੂੜੀ ਖਰਾਬ ਹੋ ਗਈ।



ਜਾਣਕਾਰੀ ਅਨੁਸਾਰ ਬੀਤੀ ਰਾਤ ਹੋਈ ਬਰਸਾਤ ਤੋਂ ਬਾਅਦ ਅਰਨੀਵਾਲਾ ਮਾਈਨਰ ਵਿੱਚ ਵੱਡਾ ਪਾੜ ਪੈ ਗਿਆ। ਇਸ ਤੋਂ ਬਾਅਦ 50 ਏਕੜ ਤੋਂ ਵੱਧ ਖੇਤ ਪਾਣੀ ਵਿੱਚ ਡੁੱਬ ਗਏ। ਇਸ ਵਿੱਚ ਕੁਝ ਕਿਸਾਨਾਂ ਨੇ ਕਣਕ ਦੇ ਨਾੜ ਤੋਂ ਤੂੜੀ ਵੀ ਤਿਆਰ ਕੀਤੀ ਸੀ, ਜੋ ਪਾਣੀ ਕਾਰਨ ਖਰਾਬ ਹੋ ਗਈ।

ਹੈਰਾਨੀ ਦੀ ਗੱਲ ਇਹ ਹੈ ਕਿ ਕਰੀਬ ਛੇ ਘੰਟੇ ਬੀਤ ਜਾਣ ਦੇ ਬਾਵਜੂਦ ਸਬੰਧਤ ਸਰਕਾਰੀ ਵਿਭਾਗ ਨੇ ਆ ਕੇ ਘਟਨਾ ਦਾ ਕੋਈ ਨੋਟਿਸ ਨਹੀਂ ਲਿਆ। ਜਿਸ ਕਾਰਨ ਮਾਈਨਰ ਵਿੱਚ ਵੀ ਪਾਣੀ ਵਹਿ ਰਿਹਾ ਹੈ।

ਕਿਸਾਨਾਂ ਦਾ ਕਹਿਣਾ ਹੈ ਕਿ ਉਨ੍ਹਾਂ ਕੋਲ ਪਾਣੀ ਪੂਰੀ ਮਾਤਰਾ ਵਿੱਚ ਨਹੀਂ ਪਹੁੰਚਦਾ।

ਇਸ ਸਬੰਧੀ ਵਿਭਾਗ ਨੂੰ ਪਹਿਲਾਂ ਹੀ ਇਸ ਪੁਲ ਨੂੰ ਹਟਾ ਕੇ ਨਵਾਂ ਬਣਾਉਣ ਲਈ ਲਿਖਿਆ ਗਿਆ ਸੀ। ਨਾਬਾਲਗਾਂ ਵਿੱਚ ਅਕਸਰ ਤਰੇੜਾਂ ਪੈਦਾ ਹੋ ਜਾਂਦੀਆਂ ਹਨ ਜਿਸ ਕਾਰਨ ਉਨ੍ਹਾਂ ਤੱਕ ਪਾਣੀ ਨਹੀਂ ਪਹੁੰਚ ਸਕਦਾ, ਜਿਸ ਕਾਰਨ ਉਨ੍ਹਾਂ ਦੀਆਂ ਫਸਲਾਂ ਨੂੰ ਨੁਕਸਾਨ ਪਹੁੰਚਦਾ ਹੈ।ਕਿਸਾਨ ਪਰਮਾਨੰਦ ਨੇ ਦੱਸਿਆ ਕਿ ਇਸ ਵਾਰ ਪਾਣੀ ਦੀ ਘਾਟ ਕਾਰਨ ਉਸ ਨੇ ਆਪਣੀ ਅੱਠ ਏਕੜ ਜ਼ਮੀਨ ਵਿੱਚੋਂ ਇੱਕ ਮਰਲੇ ਵੀ ਨਰਮੇ ਦੀ ਖੇਤੀ ਨਹੀਂ ਕੀਤੀ। ਇਸ ਤੋਂ ਬਾਅਦ ਮਾਈਨਰ ਵਿੱਚ ਪਾੜ ਪੈਣ ਕਾਰਨ ਉਨ੍ਹਾਂ ਦਾ ਹੋਰ ਨੁਕਸਾਨ ਹੋਇਆ ਹੈ।

## ਕਣਕ ਦੀ ਲਿਫਟਿੰਗ ਪ੍ਰਕਿਰਿਆ ਵਿੱਚ ਲਿਆਂਦੀ ਜਾਵੇ ਹੋਰ ਤੇਜ਼ੀ, ਕੁਤਾਹੀ ਜਾਂ ਢਿੱਲ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇ.ਗੀ-ਡਿਪਟੀ ਕਮਿਸ਼ਨਰ

**ਫਾਜ਼ਿਲਕਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਵੱਲੋਂ ਨੇ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਚੱਲ ਰਹੀ ਕਣਕ ਦੀ ਖਰੀਦ ਤੇ ਲਿਫਟਿੰਗ ਪ੍ਰਕਿਰਿਆ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਟਰੱਕ ਯੂਨੀਅਨ ਦੇ ਨੁਮਾਇੰਦਿਆਂ ਅਤੇ ਮੰਡੀ ਬੋਰਡ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਬੈਠਕ ਕਰਕੇ ਖਰੀਦੀ ਕਣਕ ਦੀ ਲਿਫਟਿੰਗ ਵਿੱਚ ਹੋਰ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ।



ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਣਕ ਦੀ ਲਿਫਟਿੰਗ ਨੂੰ ਤੁਰੰਤ ਤੇਜ਼ ਕਰਦਿਆਂ ਇਸ ਦੀ ਰੋਜ਼ਾਨਾ ਰਿਪੋਰਟ ਸ਼ਾਮ ਉਨ੍ਹਾਂ ਨੂੰ ਦਿੱਤੀ ਜਾਵੇ। ਉਨ੍ਹਾਂ ਡੀਐਫਐਸਸੀ ਸ੍ਰੀ ਹਿਮਾਸ਼ੂ ਕੁੱਕੜ ਨੂੰ ਕਿਹਾ ਕਿ ਮੰਡੀਆਂ ਵਿੱਚ ਲਿਫਟਿੰਗ ਲਈ ਭੇਜੇ ਜਾਣ ਟਰੱਕਾਂ ਦੀ ਸੰਪੂਰਨ ਸੂਚਨਾ ਰੋਜ਼ਾਨਾ ਅਪ ਟੂ ਡੇਟ ਹੋਵੇ ਤੇ ਇਸ ਦੀ ਡਿਟੇਲ ਉਨ੍ਹਾਂ ਨੂੰ ਵੀ ਦਿੱਤੀ ਜਾਵੇ।

ਉਨ੍ਹਾਂ ਸਬੰਧਿਤ ਵਿਭਾਗੀ ਅਧਿਕਾਰੀਆਂ ਨੂੰ ਕਿਹਾ ਕਿ ਬਰਸਾਤਾਂ ਦੇ ਦਿਨਾਂ ਨੂੰ ਦੇਖਦਿਆਂ ਮੰਡੀ ਵਿੱਚ ਤਰਪਾਲਾਂ ਦੇ ਪ੍ਰਬੰਧ ਮੁਕੰਮਲ ਹੋਣੇ ਚਾਹੀਦੇ ਹਨ ਤਾਂ ਜੋ ਮੰਡੀ ਵਿੱਚ ਪਿਆ ਅਨਾਜ ਖਰਾਬ ਨਾ ਹੋਵੇ। ਉਨ੍ਹਾਂ ਕਿਹਾ ਕਿਸੇ ਵੀ ਕੰਮ ਵਿੱਚ ਢਿੱਲ ਜਾਂ ਕੁਤਾਹੀ ਬਿਲਕੁਲ ਬਰਦਾਸਤ ਨਹੀਂ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਬੀਤੀ ਸ਼ਾਮ ਤੱਕ ਮੰਡੀਆਂ ਵਿਚ 7,68,336 ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਜਿਸ ਵਿਚੋਂ 7,67,754 ਮੀਟ੍ਰਿਕ ਕਣਕ ਦੀ ਖਰੀਦ ਵੀ ਹੋ ਚੁੱਕੀ ਹੈ। ਪਨਗ੍ਰੇਨ ਵੱਲੋਂ 2,23,455 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 2,05,314 ਮੀਟ੍ਰਿਕ ਟਨ, ਪਨਸਪ ਵੱਲੋਂ 1,93,471 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਵੱਲੋਂ 1,17,155 ਮੀਟ੍ਰਿਕ ਟਨ, ਐਫ.ਸੀ. ਆਈ ਵੱਲੋਂ 4430 ਅਤੇ ਵਪਾਰੀਆਂ ਵੱਲੋਂ 23,929 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ 1676 ਕਰੋੜ ਰੁਪਏ ਦੀ ਰਕਮ ਕਿਸਾਨਾਂ ਦੇ ਖਾਤਿਆਂ ਵਿਚ ਆਨਲਾਈਨ ਰਾਹੀਂ ਭੇਜੀ ਜਾ ਚੁੱਕੀ। ਉਨ੍ਹਾਂ ਦੱਸਿਆ ਕਿ ਬੀਤੇ ਕਿ ਮੰਡੀਆਂ ਵਿੱਚ ਲਿਫਟਿੰਗ ਲਈ ਭੇਜੇ ਜਾਣ ਟਰੱਕਾਂ ਦੀ ਸੰਪੂਰਨ ਸੂਚਨਾ ਰੋਜ਼ਾਨਾ ਅਪ ਟੂ ਡੇਟ ਹੋਵੇ ਤੇ ਇਸ ਦੀ ਡਿਟੇਲ ਉਨ੍ਹਾਂ ਨੂੰ ਵੀ ਦਿੱਤੀ ਜਾਵੇ।

ਉਨ੍ਹਾਂ ਸਬੰਧਿਤ ਵਿਭਾਗੀ ਅਧਿਕਾਰੀਆਂ ਨੂੰ ਕਿਹਾ ਕਿ ਬਰਸਾਤਾਂ ਦੇ ਦਿਨਾਂ ਨੂੰ ਦੇਖਦਿਆਂ ਮੰਡੀ ਵਿੱਚ ਤਰਪਾਲਾਂ ਦੇ ਪ੍ਰਬੰਧ ਮੁਕੰਮਲ ਹੋਣੇ ਚਾਹੀਦੇ ਹਨ ਤਾਂ ਜੋ ਮੰਡੀ ਦਿਨ ਤੱਕ 5,87,742 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਕੀਤੀ ਗਈ ਹੈ।

ਪਨਗ੍ਰੇਨ ਵੱਲੋਂ 1,71,916 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 1,59,858 ਮੀਟ੍ਰਿਕ ਟਨ, ਪਨਸਪ ਵੱਲੋਂ 1,58,504 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਵੱਲੋਂ 93,494 ਮੀਟ੍ਰਿਕ ਟਨ ਅਤੇ ਐਫ.ਸੀ. ਆਈ ਵੱਲੋਂ 3970 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਕਰਵਾਈ ਗਈ ਹੈ।

## ਫਾਜ਼ਿਲਕਾ 'ਚ 'ਆਪ' ਉਮੀਦਵਾਰ ਨੂੰ ਰੋਕਣ 'ਤੇ ਵਿਅਕਤੀ ਨੇ ਪੁੱਛੇ ਸਵਾਲ

**ਫਾਜ਼ਿਲਕਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਦੀਪ ਕੁਮਾਰ ਨੇ ਦੱਸਿਆ ਕਿ ਉਸ ਦਾ ਆਪਣੇ ਭਰਾ ਨਾਲ ਜ਼ਮੀਨ ਨੂੰ ਲੈ ਕੇ ਝਗੜਾ ਚੱਲ ਰਿਹਾ ਸੀ। ਇਸ ਵਿਵਾਦ ਕਾਰਨ ਉਸ ਦੀ ਕਰੀਬ 63 ਏਕੜ ਜ਼ਮੀਨ 'ਤੇ ਧਾਰਾ 145 ਲਗਾਈ ਗਈ ਸੀ।



ਉਸ ਨੇ ਦੱਸਿਆ ਕਿ ਹਾਕਮ ਜਮਾਤ ਦੇ ਦਬਾਅ ਕਾਰਨ ਉਸ ਦੀ ਜ਼ਮੀਨ 'ਤੇ ਧਾਰਾ 145 ਲਗਾਈ ਗਈ ਸੀ।

ਸੰਦੀਪ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਸ ਸਬੰਧੀ ਜਲਾਲਾਬਾਦ ਦੇ ਵਿਧਾਇਕ ਜਗਦੀਪ ਗੋਲਡੀ ਕੰਬੋਜ ਨੂੰ ਸੂਚਿਤ ਕੀਤਾ ਗਿਆ ਸੀ। ਜਿਸ ਤੋਂ ਬਾਅਦ ਵਿਧਾਇਕ ਨੇ ਉਨ੍ਹਾਂ ਨੂੰ ਇਸ ਦੇ ਹੱਲ ਦਾ ਭਰੋਸਾ ਦਿੱਤਾ ਸੀ ਪਰ ਉਸ ਤੋਂ ਬਾਅਦ ਉਹ ਵੀ ਭੁੱਲ ਗਏ।

ਜਿਸ ਕਾਰਨ ਲੋਕ ਸਭਾ ਹਲਕਾ ਫ਼ਿਰੋਜ਼ਪੁਰ ਲਈ ਚੋਣ ਪ੍ਰਚਾਰ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਲੋਂ ਉਨ੍ਹਾਂ ਦਾ ਜ਼ੋਰਦਾਰ ਵਿਰੋਧ ਕੀਤਾ ਜਾ ਰਿਹਾ ਹੈ।

## ਮਹਿਲਾ ਦਿਵਸ ਮੌਕੇ ਜ਼ਿਲ੍ਹਾ ਪੁਲਿਸ ਨੇ ਮਹਿਲਾ ਪੁਲਿਸ ਕਰਮੀਆਂ ਲਈ ਕਰਵਾਈ ਡਰਿੱਲ



**ਫਾਜ਼ਿਲਕਾ, 15 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਂ ਦਿਵਸ ਮੌਕੇ ਜ਼ਿਲ੍ਹਾ ਪੁਲਿਸ ਵੱਲੋਂ ਮਹਿਲਾਂ ਪੁਲਿਸ ਕਰਮੀਆਂ ਨੂੰ ਸਤਿਕਾਰ ਦੇਣ ਅਤੇ ਉਨ੍ਹਾਂ ਦੀ ਕਾਰਜਕੁਸ਼ਲਤਾ ਵਿਚ ਹੋਰ ਲਿਖਾਰ ਲਿਆਉਣ ਲਈ ਪੁਲਿਸ ਲਾਇਨ ਵਿਖੇ ਇਕ ਵਿਸੇਸ਼ ਸਿਖਲਾਈ ਡਰਿੱਲ ਕਰਵਾਈ ਗਈ। ਇਸ ਵਿਚ ਆਪਣੀ ਅਦੁੱਤੀ ਇੱਛਾਸ਼ਕਤੀ ਅਤੇ ਆਪਣੇ ਹੁਨਰ ਦਾ ਮਹਿਲਾ ਕਰਮੀਆਂ ਨੇ ਸਫਲਤਾ ਨਾਲ ਪ੍ਰਦਰਸ਼ਨ ਕੀਤਾ।

ਜਿਲ੍ਹਾ ਪੁਲਿਸ ਮੁੱਖੀ ਡਾ: ਪ੍ਰਗਿਆ ਜੈਨ ਆਈਪੀਐਸ ਨੇ ਇਸ ਮੌਕੇ ਸਮੂਹ ਮਹਿਲਾ ਪੁਲਿਸ ਕਰਮੀਆਂ ਨੂੰ ਮਾਂ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਆਪਣੀ ਸਰਕਾਰੀ ਡਿਊਟੀ ਦੌਰਾਨ ਜਿੱਥੇ ਉਹ ਆਪਣੀ ਯੋਗਤਾ ਨਾਲ ਅਮਨ ਕਾਨੂੰਨ ਦੀ ਸਥਿਤੀ ਬਣਾਈ ਰੱਖਣ ਵਿਚ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਂਦੀਆਂ ਹਨ

# ਸਿੱਖ ਇਤਿਹਾਸ ਬਾਰੇ ਪੈਦਾ ਭੰਬਲ਼ਭੂਸਾ ਮੰਦਭਾਗਾ

## ਸਿਆਸੀ ਲਾਭ ਲਈ ਅਕਾਲੀ ਸਿਆਸਤਦਾਨ ਸਿਲੇਬਸ ਦੀ ਤਬਦੀਲੀ ਨੂੰ 'ਪੰਥਕ ਸੰਕਟ' ਦੱਸਣ ਲੱਗੇ, ਕਾਂਗਰਸੀਆਂ ਲੰਮੇਂ ਹੱਥੀਂ ਲਏ

ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ +1 ਅਤੇ +2 ਜਮਾਤਾਂ ਦੇ ਸਿਲੇਬਸ ਵਿਚੋਂ ਸਿੱਖ ਇਤਿਹਾਸ ਬਾਰੇ ਅਹਿਮ ਅਧਿਆਇ ਕੱਢਣਾ ਯਕੀਨੀ ਤੌਰ 'ਤੇ ਬੇਹੱਦ ਗੰਭੀਰ ਵਿਸ਼ਾ ਹੈ। ਇਸ ਮਾਮਲੇ ਨੂੰ ਕਦੇ ਵੀ ਅੱਖੋਂ ਪ੍ਰੋਖੇ ਨਹੀਂ ਕਰ ਸਕਦੇ। ਅਸਲ ਵਿਚ ਸਿਲੇਬਸ ਨਾਲ ਕਿਹੋ ਜਿਹੀ 'ਛੇੜਛਾੜ' ਕੀਤੀ ਗਈ ਹੈ, ਇਸ ਬਾਰੇ ਵੱਖੋ-ਵੱਖਰੀਆਂ ਧਾਰਨਾਵਾਂ ਪੇਸ਼ ਕੀਤੀਆਂ ਜਾ ਰਹੀਆਂ ਹਨ। ਇਕ ਧਿਰ ਦਾ ਕਹਿਣਾ ਹੈ ਕਿ ਕੁਝ ਪ੍ਰਕਾਸ਼ਕ ਜਾਣ-ਬੁੱਝ ਕੇ ਇਹ ਮਸਲਾ ਖੜ੍ਹਾ ਕਰ ਰਹੇ ਹਨ ਕਿਉਂਕਿ ਹੁਣ ਉਨ੍ਹਾਂ ਦੀਆਂ ਕਿਤਾਬਾਂ ਨਹੀਂ ਵਿਕਣਗੀਆਂ। ਇਸੇ ਲਈ ਵੀਰਵਾਰ ਨੂੰ ਪੰਜਾਬ ਸਰਕਾਰ ਨੇ ਕਿਸੇ ਵੀ ਤਰ੍ਹਾਂ ਦੀ ਗਾਈਡ ਜਾਂ ਸਹਾਇਕ ਪੁਸਤਕ 'ਤੇ ਪਾਬੰਦੀ ਲਾ ਦਿੱਤੀ ਹੈ। ਸਰਕਾਰ ਦਾ ਦਾਅਵਾ ਹੈ ਕਿ ਸਿਲੇਬਸ ਸਾਰਾ ਪਹਿਲਾਂ ਵਾਲਾ ਹੈ; ਉਸ ਨੂੰ ਸਿਰਫ਼ 9ਵੀਂ, 10ਵੀਂ ਤੇ 11ਵੀਂ ਜਮਾਤ ਦੇ ਸਿਲੇਬਸਾਂ ਵਿਚ ਵੰਡ ਦਿੱਤਾ ਗਿਆ ਹੈ। +2 ਦੀ ਪੁਰਾਣੀ ਕਿਤਾਬ ਦੀ ਤੁਲਨਾ 11ਵੀਂ ਦੀ ਨਵੀਂ ਕਿਤਾਬ ਨਾਲ ਕੀਤੀ ਗਈ ਹੈ। ਇੰਝ ਸਗੋਂ ਨਵਾਂ ਭੰਬਲਭੂਸਾ ਪੈਦਾ ਹੋ ਗਿਆ ਹੈ। ਇਤਿਹਾਸ ਰਚਣ ਵਾਲਿਆਂ ਨੂੰ ਹੀ ਇਤਿਹਾਸ ਵਿਚੋਂ ਖ਼ਾਰਜ ਕਰ ਦਿੱਤਾ ਗਿਆ ਹੈ। ਸੱਚਮੁਚ ਅਜਿਹਾ ਵਿਵਾਦ ਬੇਹੱਦ ਮੰਦਭਾਗਾ ਹੈ। ਸਰਕਾਰ ਨੇ ਆਪਣੇ 'ਤੇ ਲੱਗੇ ਸਾਰੇ ਦੋਸ਼ਾਂ ਤੋਂ ਸਾਫ਼ ਇਨਕਾਰ ਕੀਤਾ ਹੈ। ਪੰਜਾਬ ਵਿਚ ਇਹ ਵੇਲਾ ਅਜਿਹੇ ਭੰਬਲਭੂਸੇ ਤੇ ਭਰਮ-ਭੁਲੇਖੇ ਪੈਦਾ ਕਰਨ ਦਾ ਨਹੀਂ, ਸਗੋਂ ਖ਼ਾਲੀ ਖ਼ਜ਼ਾਨੇ ਭਰਨ ਦੇ ਨਵੇਂ ਤਰੀਕੇ ਲੱਭਣ, ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰ ਕੇ ਪੰਜਾਬ ਨੂੰ ਤਰੱਕੀ ਦੇ ਨਵੇਂ ਰਾਹਾਂ 'ਤੇ ਤੋਰਨ ਦਾ ਹੈ। 'ਪੰਜਾਬੀ ਜਾਗਰਣ' ਨੇ ਇਸ ਸਾਰੇ ਵਿਸ਼ੇ 'ਤੇ ਧਿਆਨ ਕੇਂਦਰਤ ਕਰਨ ਦਾ ਜਤਨ ਕਰਦਿਆਂ ਆਪਣੇ ਪਾਠਕਾਂ ਸਾਹਮਣੇ ਪੂਰੀ ਤੇ ਸਹੀ-ਸਹੀ ਜਾਣਕਾਰੀ ਰੱਖਣ ਦਾ ਜਤਨ ਕੀਤਾ ਹੈ। ਪੇਸ਼ ਹੈ ਇਸ ਬਾਰੇ ਖ਼ਾਸ ਰਿਪੋਰਟ:



ਸਿੱਖ ਜਰਨੈਲ ਬੰਦਾ ਸਿੰਘ ਬਹਾਦਰ ਦਾ ਚਿੱਤਰ।

### ਸਿੱਖ ਇਤਿਹਾਸ ਨਾਲ ਸਬੰਧਤ ਇਹ ਅਧਿਆਇ ਕੱਢੇ ਗਏ ਸਿਲੇਬਸ 'ਚੋਂ

ਪੰਜਾਬ ਦੀਆਂ ਭੂਗੋਲਕ ਵਿਸ਼ੇਸ਼ਤਾਵਾਂ ਤੇ ਇਸ ਦਾ ਇਤਿਹਾਸ 'ਤੇ ਪ੍ਰਭਾਵ ਸਬੰਧਤ ਅਧਿਆਇ, 16ਵੀਂ ਸਦੀ ਦੇ ਅਰੰਭ ਵਿਚ ਪੰਜਾਬ ਦੀ ਸਿਆਸੀ, ਸਮਾਜਕ ਤੇ ਆਰਥਿਕ ਦਸ਼ਾ ਨਾਲ ਸਬੰਧਤ ਅਧਿਆਇ, ਗੁਰੂ ਅਰਜਨ ਦੇਵ ਸਾਹਿਬ ਜੀ ਤੇ ਉਨ੍ਹਾਂ ਦੀ ਸ਼ਹੀਦੀ ਨਾਲ ਸਬੰਧਤ ਅਧਿਆਇ, ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਨਾਲ ਸਬੰਧਤ ਅਧਿਆਇ, ਬਾਬਾ ਬੰਦਾ ਸਿੰਘ ਬਹਾਦਰ ਨਾਲ ਸਬੰਧਤ ਅਧਿਆਇ, ਅਬਦੁਸ ਸਮਦ ਖ਼ਾਂ, ਮੀਰ ਮੰਨੂੰ ਦਾ ਸਿੱਖਾਂ ਨਾਲ ਸਬੰਧਤ ਅਧਿਆਇ, ਦਲ ਖ਼ਾਲਸਾ ਨਾਲ ਸਬੰਧਤ ਅਧਿਆਇ, ਮੁਗ਼ਲਾਂ ਅਧੀਨ ਪੰਜਾਬ ਦੀ ਸਮਾਜਕ ਤੇ ਆਰਥਿਕ ਦਸ਼ਾ ਸਬੰਧੀ ਅਧਿਆਇ, ਅਹਿਮਦ ਸ਼ਾਹ ਅਬਦਾਲੀ ਦੇ ਹਮਲੇ ਤੇ ਪੰਜਾਬ ਵਿਚ ਮੁਗ਼ਲ ਸ਼ਾਸਨ ਦਾ ਪਤਨ ਸਬੰਧੀ ਅਧਿਆਇ, ਸਿੱਖ ਮਿਸਲਾਂ ਦੀ ਉੱਤਪਤੀ ਤੇ ਵਿਕਾਸ ਅਤੇ ਉਨ੍ਹਾਂ ਦਾ ਸਰੂਪ ਅਤੇ ਸੰਗਠਨ ਨਾਲ ਸਬੰਧਤ ਅਧਿਆਇ, ਮਹਾਰਾਜਾ ਰਣਜੀਤ ਸਿੰਘ ਦੇ ਜੀਵਨ ਤੇ ਜਿੱਤਾਂ ਸਬੰਧੀ ਅਧਿਆਇ, ਅੰਗਰੇਜ਼-ਸਿੱਖਾ ਸਬੰਧ 1800-1839 ਨਾਲ ਸਬੰਧਤ ਅਧਿਆਇ, ਮਹਾਰਾਜਾ ਰਣਜੀਤ ਸਿੰਘ ਦੇ ਅਫ਼ਗ਼ਾਨਿਸਤਾਨ ਨਾਲ ਸਬੰਧ ਅਤੇ ਉਸ ਦੀ ਉੱਤਰ-ਪੱਛਮੀ ਸੀਮਾ ਸਬੰਧੀ ਨੀਤੀ ਨਾਲ ਸਬੰਧਤ ਅਧਿਆਇ, ਮਹਾਰਾਜਾ ਰਣਜੀਤ ਸਿੰਘ ਦਾ ਸਿਵਲ ਤੇ ਫ਼ੌਜੀ ਸ਼ਾਸਨ ਪ੍ਰਬੰਧ ਨਾਲ ਸਬੰਧਤ ਅਧਿਆਇ, ਮਹਾਰਾਜਾ ਰਣਜੀਤ ਸਿੰਘ ਦਾ ਚਰਿਤਰ ਅਤੇ ਸ਼ਖ਼ਸੀਅਤ ਸਬੰਧੀ ਅਧਿਆਇ, ਪਹਿਲਾ ਐਂਗਲੋ-ਸਿੱਖ ਯੁੱਧ - ਕਾਰਨ ਅਤੇ ਸਿੱਟੇ ਨਾਲ ਸਬੰਧਤ ਅਧਿਆਇ, ਦੂਜਾ ਐਂਗਲੋ-ਸਿੱਖ ਯੁੱਧ - ਕਾਰਨ ਅਤੇ ਸਿੱਟੇ; ਪੰਜਾਬ ਨੂੰ ਮਿਲਾਉਣ ਨਾਲ ਸਬੰਧਤ ਅਧਿਆਇ ਹੁਣ ਸਿਲੇਬਸ ਵਿਚੋਂ ਬਾਹਰ ਕੱਢ ਕੇ ਉਨ੍ਹਾਂ ਦੀ ਥਾਂ 'ਤੇ ਵਿਸ਼ਵ ਇਤਿਹਾਸ ਨਾਲ ਸਬੰਧਤ ਹੇਠ ਲਿਖੇ ਅਧਿਆਇ ਜੋੜ ਦਿੱਤੇ ਗਏ ਹਨ।

### ਹੁਣ ਕੀ ਹੈ +2 ਦੇ ਸਿਲੇਬਸ ਵਿਚ

ਹੁਣ ਪੰਜਾਬ ਦੇ ਇਤਿਹਾਸ ਨੂੰ +2 ਜਮਾਤ ਦੇ ਸਿਲੇਬਸ ਵਿੱਚੋਂ ਕੱਢ ਕੇ +1 ਜਮਾਤ ਦੇ ਸਿਲੇਬਸ ਵਿਚ ਸ਼ਾਮਲ ਕੀਤਾ ਗਿਆ ਹੈ, ਜਿਸ ਵਿਚ ਭਾਗ-1 'ਚ ਪੰਜਾਬ ਦੇ ਇਤਿਹਾਸ ਨਾਲ ਸਬੰਧਤ ਸਿਰਫ਼ ਛੇ ਅਧਿਆਇ ਹੀ ਸ਼ਾਮਲ ਕੀਤੇ ਗਏ ਹਨ।

ਭਾਗ-1 (ਪੰਜਾਬ ਦਾ ਇਤਿਹਾਸ)

1. ਪੰਜਾਬ ਦੇ ਇਤਿਹਾਸ ਦੇ ਸਰੋਤ: ਗੁਰੂ ਕਾਲ ਦੇ ਸੰਦਰਭ ਵਿਚ
2. ਗੁਰੂ ਨਾਨਕ ਸਾਹਿਬ ਯਾਤਰਾਵਾਂ ਤੇ ਸਿੱਖਿਆਵਾਂ
3. ਸਿੱਖ ਧਰਮ ਦਾ ਵਿਕਾਸ ਤੇ ਸਿੱਖ ਗੁਰੂਆਂ ਦਾ ਯੋਗਦਾਨ
4. ਸਿੱਖ ਧਰਮ ਦਾ ਰੂਪਾਂਤਰਨ
5. ਖ਼ਾਲਸਾ ਪੰਥ ਦੀ ਸਥਾਪਨਾ
6. ਚਾਰ ਸਾਹਿਬਜ਼ਾਦੇ

ਭਾਗ-2 (ਵਿਸ਼ਵ ਦਾ ਇਤਿਹਾਸ)

1. ਬਦਲਦੀਆਂ ਹੋਈਆਂ ਪਰੰਪਰਾਵਾਂ ਤੇ ਨਵੇਂ ਸਭਿਆਚਾਰ ਦਾ ਅਰੰਭ
2. ਉਦਯੋਗਿਕ ਕ੍ਰਾਂਤੀ
3. ਬਸਤੀਵਾਦ
4. ਪੂਰਬੀ ਏਸ਼ੀਆ ਵਿਚ ਰਾਸ਼ਟਰਵਾਦ ਦਾ ਉਭਾਰ
5. ਬਸਤੀਵਾਦ ਵਿਚ ਰਾਸ਼ਟਰੀ ਆਜ਼ਾਦੀ ਅੰਦੋਲਨ

### +1 ਤੇ +2 ਦੇ ਸਿਲੇਬਸ 'ਚ ਇੰਝ ਹੋਈ ਗੜਬੜ

ਪੰਜਾਬ ਸਕੂਲ ਸਿੱਖਿਆ ਬੋਰਡ ਦੇ +2 ਦੇ ਵਿਦਿਆਰਥੀ ਪਿਛਲੇ 30 ਵਰ੍ਹਿਆਂ ਤੋਂ ਪੰਜਾਬ ਦਾ ਇਤਿਹਾਸ ਪੜ੍ਹਦੇ ਆ ਰਹੇ ਹਨ, ਜਿਸ ਵਿਚ ਪੰਜਾਬ ਦੇ ਇਤਿਹਾਸ ਨਾਲ ਸਬੰਧਤ ਭਾਗ-ੳ ਵਿਚ 10 ਅਧਿਆਇ ਸਨ, ਜਿਨ੍ਹਾਂ ਦਾ ਵੇਰਵਾ ਇਹ ਹੈ:

1. ਪੰਜਾਬ ਦੀਆਂ ਭੂਗੋਲਕ ਖ਼ੂਬੀਆਂ ਤੇ ਉਨ੍ਹਾਂ ਦਾ ਇਸ ਦੇ ਇਤਿਹਾਸ 'ਤੇ ਪ੍ਰਭਾਵ
2. ਪੰਜਾਬ ਦੇ ਇਤਿਹਾਸ ਦੇ ਸੋਮੇ
3. 16ਵੀਂ ਸਦੀ ਦੇ ਅਰੰਭ ਵਿਚ ਪੰਜਾਬ ਦੀ ਸਿਆਸੀ, ਸਮਾਜਕ ਤੇ ਆਰਥਿਕ ਦਸ਼ਾ
4. ਗੁਰੂ ਨਾਨਕ ਦੇਵ ਜੀ ਦਾ ਜੀਵਨ ਤੇ ਸਿੱਖਿਆਵਾਂ
5. ਗੁਰੂ ਅੰਗਦ ਦੇਵ, ਗੁਰੂ ਅਮਰਦਾਸ ਤੇ ਗੁਰੂ ਰਾਮਦਾਸ ਅਧੀਨ ਸਿੱਖ ਧਰਮ ਦਾ ਵਿਕਾਸ
6. ਗੁਰੂ ਅਰਜਨ ਦੇਵ ਸਾਹਿਬ ਤੇ ਉਨ੍ਹਾਂ ਦੀ ਸ਼ਹੀਦਤ
7. ਗੁਰੂ ਹਰਗੋਬਿੰਦ ਸਾਹਿਬ ਤੇ ਸਿੱਖ ਧਰਮ ਦਾ ਰੂਪਾਂਤਰਨ
8. ਗੁਰੂ ਤੇਗ਼ ਬਹਾਦਰ ਸਾਹਿਬ ਜੀ ਤੇ ਉਨ੍ਹਾਂ ਦੀ ਸ਼ਹੀਦੀ
9. ਗੁਰੂ ਗੋਬਿੰਦ ਸਿੰਘ ਜੀ, ਖ਼ਾਲਸਾ ਪੰਥ ਦੀ ਸਿਰਜਣਾ, ਉਨ੍ਹਾਂ ਦੀਆਂ ਲੜਾਈਆਂ ਤੇ ਸ਼ਖ਼ਸੀਅਤ
10. ਬਾਬਾ ਬੰਦਾ ਸਿੰਘ ਬਹਾਦਰ

ਭਾਗ-ਅ 'ਚ ਹੇਠ ਲਿਖੇ 12 ਅਧਿਆਇ ਸ਼ਾਮਲ ਸਨ:

1. ਅਬਦੁਸ ਸਮਦ ਖ਼ਾਂ, ਜ਼ਕਰੀਆ ਖ਼ਾਂ ਤੇ ਮੀਰ ਮੰਨੂੰ; ਉਨ੍ਹਾਂ ਦੇ ਸਿੱਖਾਂ ਨਾਲ ਸਬੰਧ (ਇਸ ਅਧਿ ਆਇ ਵਿਚ ਭਾਈ ਮਨੀ ਸਿੰਘ ਦੀ ਸ਼ਹੀਦਤ, ਭਾਈ ਬੋਤਾ ਸਿੰਘ ਸੰਧੂ ਦੀ ਸ਼ਹੀਦੀ, ਭਾਈ ਮਹਿਤਾਬ ਸਿੰਘ ਦੀ ਸ਼ਹੀਦੀ ਤੇ ਭਾਈ ਸੁੱਖਾ ਸਿੰਘ ਦੀ ਸ਼ਹੀਦੀ, ਭਾਈ ਹਕੀਕਤ ਰਾਏ ਦੀ ਸ਼ਹੀਦੀ ਤੇ ਭਾਈ ਤਾਰੂ ਸਿੰਘ ਦੀ ਸ਼ਹੀਦੀ ਤੇ ਛੋਟੇ ਘੱਲੂਘਾਰੇ ਬਾਰੇ ਜਾਣਕਾਰੀ ਮਿਲਦੀ ਹੈ)।
2. ਦਲ ਖ਼ਾਲਸਾ ਦਾ ਚਰਿਤ੍ਰ ਤੇ ਇਸ ਦੀ ਯੁੱਧ ਪ੍ਰਣਾਲੀ
3. ਮੁਗ਼ਲਾਂ ਅਧੀਨ ਪੰਜਾਬ ਦੀ ਸਮਾਜਕ ਤੇ ਆਰਥਿਕ ਹਾਲਤ
4. ਅਹਿਮਦ ਸ਼ਾਹ ਅਬਦਾਲੀ ਦੇ ਹਮਲੇ ਅਤੇ ਪੰਜਾਬ ਵਿਚ ਮੁਗ਼ਲ ਹਕੂਮਤ ਦਾ ਪਤਨ (ਪਾਨੀਪਤ ਦੀ ਤੀਜੀ ਲੜਾਈ ਤੇ ਵੱਡੇ ਘੱਲੂਘਾਰੇ ਬਾਰੇ ਵਿਸਥਾਰਤ ਜਾਣਕਾਰੀ ਮਿਲਦੀ ਹੈ)
5. ਸਿੱਖ ਮਿਸਲਾਂ ਦੀ ਉਤਪਤੀ ਤੇ ਵਿਕਾਸ ਅਤੇ ਉਨ੍ਹਾਂ ਦਾ ਸਰੂਪ ਤੇ ਸੰਗਠਨ
6. ਰਣਜੀਤ ਸਿੰਘ ਦਾ ਜੀਵਨ ਤੇ ਜਿੱਤਾਂ
7. ਅੰਗਰੇਜ਼-ਸਿੱਖ ਸਬੰਧ, 1800-1803 ਈ.
8. ਮਹਾਰਾਜਾ ਰਣਜੀਤ ਸਿੰਘ ਦੇ ਅਫ਼ਗ਼ਾਨਿਸਤਾਨ ਨਾਲ ਸਬੰਧ ਤੇ ਉਸ ਦੀ ਉੱਤਰ-ਪੱਛਮੀ ਸਰਹੱਦੀ ਬਾਰੇ ਨੀਤੀ
9. ਰਣਜੀਤ ਸਿੰਘ ਦਾ ਸਿਵਲ ਤੇ ਫ਼ੌਜੀ ਸ਼ਾਸਨ ਪ੍ਰਬੰਧ
10. ਮਹਾਰਾਜਾ ਰਣਜੀਤ ਸਿੰਘ ਦਾ ਕਿਰਦਾਰ ਤੇ ਸ਼ਖ਼ਸੀਅਤ
11. ਪਹਿਲਾ ਐਂਗਲੋ-ਸਿੱਖ ਯੁੱਧ - ਕਾਰਨ ਤੇ ਸਿੱਟੇ
12. ਦੂਜਾ ਐਂਗਲੋ-ਸਿੱਖ ਯੁੱਧ - ਕਾਰਨ ਤੇ ਸਿੱਟੇ; ਪੰਜਾਬ ਦਾ ਮਿਲਾਉਣਾ

## ਨਵੇਂ ਸਿਲੇਬਸ 'ਚ ਇਹ ਅਹਿਮ ਤੱਥ ਕੀਤੇ ਗਏ ਅੱਖੋਂ ਪ੍ਰੋਖੇ

ਪੰਜਾਬ ਦੇ ਇਤਿਹਾਸ ਨਾਲ ਸਬੰਧਤ ਉਪਰੋਕਤ ਸਿਲੇਬਸ 'ਚੋਂ ਬਾਹਰ ਕੱਢੇ ਗਏ ਅਧਿਆਇਵਾਂ ਦੇ ਵਿਸਥਾਰਤ ਅਧਿਐਨ ਨਾਲ ਵਿਦਿਆਰਥੀਆਂ ਨੂੰ ਪੰਜਾਬ ਦੇ ਇਤਿਹਾਸ ਬਾਰੇ ਵਡਮੁੱਲੀ ਜਾਣਕਾਰੀ ਮਿਲਦੀ ਸੀ। ਬੋਰਡ ਵੱਲੋਂ ਨੈੱਟ 'ਤੇ ਜਾਰੀ ਪੁਸਤਕ ਵਿਚ ਇਤਿਹਾਸ ਦੇ ਇਨ੍ਹਾਂ ਕਈ ਵਡਮੁੱਲੇ ਤੱਥਾਂ ਨੂੰ ਅੱਖੋਂ ਪ੍ਰੋਖੇ ਕੀਤਾ ਗਿਆ ਹੈ:



ਮਹਾਰਾਜਾ ਰਣਜੀਤ ਸਿੰਘ।

**1** ਜ਼ਕਰੀਆ ਖ਼ਾਂ ਦੇ ਸਮੇਂ ਅੱਗੇ ਲਿਖੇ ਪ੍ਰਮੁੱਖ ਸਿੱਖਾਂ ਦੀ ਸ਼ਹੀਦੀ ਦਾ ਕੋਈ ਜ਼ਿਕਰ ਨਹੀਂ ਹੈ - ਭਾਈ ਮਨੀ ਸਿੰਘ ਦੀ ਸ਼ਹੀਦੀ, ਭਾਈ ਬੋਤਾ ਸਿੰਘ ਸੰਧੂ ਤੇ ਭਾਈ ਗਰਜਾ ਸਿੰਘ ਰੰਗਰੇਟਾ, ਭਾਈ ਮਹਿਤਾਬ ਸਿੰਘ ਤੇ ਭਾਈ ਸੁੱਖਾ ਸਿੰਘ, ਭਾਈ ਹਕੀਕਤ ਰਾਏ ਤੇ ਭਾਈ ਤਾਰੂ ਸਿੰਘ ਦੀਆਂ ਸ਼ਹਾਦਤਾਂ ਅਤੇ ਉਨ੍ਹਾਂ ਦੇ ਬਹਾਦਰੀ ਦੇ ਕਾਰਨਾਮਿਆਂ ਦਾ ਕੋਈ ਵਰਨਣ ਨਹੀਂ ਹੈ।

**2** ਅਧਿਆਇ 9 ਵਿਚ ਬਾਬਾ ਬੰਦਾ ਸਿੰਘ ਬਹਾਦਰ ਸਮੇਤ ਦਲ ਖ਼ਾਲਸਾ, ਮਿਸਲਾਂ, ਗੁਰਮਤਾ, ਮਹਾਰਾਜਾ ਰਣਜੀਤ ਸਿੰਘ ਬਾਰੇ ਇਤਿਹਾਸਕ ਜਾਣਕਾਰੀ ਸਿਰਫ਼ 20 ਪੰਨਿਆਂ ਵਿਚ ਦਿੱਤੀ ਗਈ ਹੈ। ਕਈ ਅਹਿਮ ਇਤਿਹਾਸਕ ਤੱਥਾਂ ਨੂੰ ਅੱਖੋਂ ਪ੍ਰੋਖੇ ਕੀਤਾ ਗਿਆ ਹੈ, ਜਿਵੇਂ ਜੱਸਾ ਸਿੰਘ ਰਾਮਗੜ੍ਹੀਆ ਬਾਰੇ ਕੋਈ ਜ਼ਿਕਰ ਨਹੀਂ ਹੈ। ਕਈ ਅਜਿਹੀਆਂ ਜਾਣਕਾਰੀਆਂ, ਜਿਨ੍ਹਾਂ ਦੀ ਕੋਈ ਜ਼ਿਆਦਾ ਇਤਿਹਾਸਕ ਅਹਿਮੀਅਤ ਨਹੀਂ ਹੈ, 'ਤੇ ਲੋੜ ਤੋਂ ਵੱਧ ਜ਼ੋਰ ਦਿੱਤਾ ਗਿਆ ਹੈ; ਉਦਾਹਰਣ ਵਜੋਂ ਪੰਨਾ ਨੰ. 158 'ਤੇ ਕੋਹਿਨੂਰ ਹੀਰੇ ਬਾਰੇ ਪੂਰੇ ਪੰਨੇ ਦਾ ਵਰਨਣ ਕੀਤਾ ਗਿਆ ਹੈ, ਜਦ ਕਿ ਪੰਨਾ ਨੰ. 151 ਤੇ 152 'ਤੇ ਨਵਾਬ ਕਪੂਰ ਸਿੰਘ ਤੇ ਜੱਸਾ ਸਿੰਘ ਆਹਲੂਵਾਲੀਆ ਬਾਰੇ ਜਾਣਕਾਰੀ ਸਿਰਫ਼ ਇਕ-ਇਕ ਪੈਰੇ ਵਿਚ ਸਮੇਟੀ ਗਈ ਹੈ। ਮਹਾਰਾਜਾ ਰਣਜੀਤ ਸਿੰਘ ਦਾ ਜੀਵਨ ਤੇ ਜਿੱਤਾਂ, ਉਨ੍ਹਾਂ ਦੇ ਪ੍ਰਸ਼ਾਸਨ, ਉਨ੍ਹਾਂ ਦੇ ਚਰਿਤਰ ਤੇ ਸ਼ਖ਼ਸੀਅਤ ਬਾਰੇ, ਉਨ੍ਹਾਂ ਦੇ ਅੰਗ੍ਰੇਜ਼ਾਂ ਨਾਲ ਸਬੰਧ ਬਾਰੇ ਜਾਣਕਾਰੀ ਹੈ ਤੇ ਕਈ ਇਤਿਹਾਸਕ ਤੱਥਾਂ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਗਿਆ ਹੈ।



ਸਿੱਖ ਜਰਨੈਲ ਹਰੀ ਸਿੰਘ ਨਲੂਆ ਦਾ ਚਿੱਤਰ।

### ਕਿਵੇਂ ਠੀਕ ਹੋ ਸਕਦੀ ਹੈ ਗ਼ਲਤੀ?

- ਸਿਲੇਬਸ ਨੂੰ ਬਦਲਣ ਲਈ ਪਹਿਲਾਂ +1 ਜਮਾਤ ਦਾ ਸਿਲੇਬਸ ਬਦਲਣ ਦੀ ਲੋੜ ਸੀ ਤੇ ਫਿਰ +2 ਜਮਾਤ ਦਾ ਬਦਲਣਾ ਚਾਹੀਦਾ ਸੀ, ਤਾਂ ਜੋ ਪਹਿਲਾਂ ਜਿਹੜੇ ਵਿਦਿਆਰਥੀਆਂ ਨੇ ਪੰਜਾਬ ਦਾ ਇਤਿਹਾਸ ਨਹੀਂ ਪੜ੍ਹਿਆ, ਉਹ +2 ਜਮਾਤ ਵਿਚ ਪੰਜਾਬ ਦਾ ਇਤਿਹਾਸ ਪੜ੍ਹ ਸਕਦੇ। ਇਹ ਸਿਲੇਬਸ ਨਾਲ ਸਬੰਧ ਵੱਡੀ ਗ਼ਲਤੀ ਹੈ, ਜਿਸ ਨੂੰ ਠੀਕ ਕਰਨ ਦੀ ਜ਼ਰੂਰਤ ਹੈ।
- ਪੁਸਤਕ ਲਿਖਣ ਦੀ ਸ਼ੈਲੀ ਸੀਬੀਐੱਸਈ ਪੈਟਰਨ ਵਾਲੀ ਹੈ, ਜਦ ਕਿ ਅਜਿਹਾ ਕੋਈ ਪੈਟਰਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦੂਜੇ ਵਿਸ਼ਿਆਂ 'ਚ ਨਹੀਂ ਹੈ। ਉਦਾਹਰਣ ਵਜੋਂ ਕਿਤਾਬ ਦੇ ਹਰੇਕ ਅਧਿਆਇ ਵਿਚ ਥਾਂ-ਥਾਂ 'ਤੇ ਸਰਗਰਮੀਆਂ ਕਰਨ ਦਾ ਵਰਨਣ ਹੈ, ਜਿਹੜਾ ਸਿੱਖਿਆ ਬੋਰਡ ਵੱਲੋਂ ਜਾਰੀ ਕੀਤੇ ਗਏ ਦੂਜੇ ਵਿਸ਼ਿਆਂ ਦੇ ਪ੍ਰਸ਼ਨ-ਪੱਤਰ ਦੀ ਬਣਤਰ ਨਾਲ ਮੇਲ ਨਹੀਂ ਖਾਂਦਾ।
- ਇੰਟਰਨੈੱਟ 'ਤੇ 11ਵੀਂ ਜਮਾਤ ਦੇ ਸਿਲੇਬਸ ਦਾ ਕੋਈ ਵਿਸਥਾਰਤ ਵਰਨਣ ਨਹੀਂ ਕੀਤਾ ਗਿਆ। ਸੂਬੇ ਦੇ ਇਤਿਹਾਸ ਨਾਲ ਸਬੰਧਤ ਸਿਰਫ਼ ਛੇ ਅਧਿਆਇਵਾਂ ਦਾ ਵਰਨਣ ਹੈ। ਬੋਰਡ ਤੋਂ ਮਿਲੀ ਜਾਣਕਾਰੀ ਮੁਤਾਬਕ ਹਾਲੇ ਕਿਤਾਬ ਲਿਖਣ ਦਾ ਕੰਮ ਕੀਤਾ ਜਾ ਰਿਹਾ ਹੈ। ਇਸ ਸਬੰਧੀ ਬੋਰਡ ਵੱਲੋਂ ਲਿਖੀ ਜਾ ਰਹੀ ਕਿਤਾਬ ਨੂੰ ਵੇਖਣਾ ਬਹੁਤ ਜ਼ਰੂਰੀ ਹੈ ਕਿ ਗੁਰੂ-ਕਾਲ ਨਾਲ ਸਬੰਧਤ ਕਿਹੜੇ-ਕਿਹੜੇ ਇਤਿਹਾਸਕ ਤੱਥਾਂ ਨੂੰ ਕਿਸ ਢੰਗ ਨਾਲ ਪੇਸ਼ ਕੀਤਾ ਗਿਆ ਹੈ ਤਾਂ ਜੋ ਕਈ ਵੱਡੀ ਭੁੱਲ ਤੋਂ ਬਚਿਆ ਜਾ ਸਕੇ।
- ਹਰੇਕ ਅਧਿਆਇ ਦੇ ਅੰਤ ਵਿਚ ਦਿੱਤੇ ਗਏ ਪ੍ਰਸ਼ਨਾਂ ਦੀ ਸ਼ੈਲੀ ਵੀ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦੂਜੇ ਵਿਸ਼ਿਆਂ ਦੀ ਸ਼ੈਲੀ ਨਾਲ ਮੇਲ ਨਹੀਂ ਖਾਂਦੀ। ਮਿਸਾਲ ਵਜੋਂ ਇਕ ਪ੍ਰਸ਼ਨ 'ਕੰਪਰੀਹੈਂਸ਼ਨ' 'ਤੇ ਅਧਾਰਤ ਹੈ, ਜੋ ਹੋਰ ਕਿਸੇ ਵਿਸ਼ੇ ਵਿਚ ਨਹੀਂ ਦਿੱਤਾ ਗਿਆ। ਪ੍ਰਸ਼ਨ ਪੱਤਰਾਂ ਦੀ ਰੂਪ-ਰੇਖਾ ਇਕੋ ਜਿਹੀ ਹੋਣੀ ਚਾਹੀਦੀ ਹੈ ਤਾਂ ਜੋ ਇਤਿਹਾਸ ਦੇ ਵਿਦਿਆਰਥੀ ਦੂਜੇ ਵਿਸ਼ਿਆਂ ਦੇ ਵਿਦਿਆਰਥੀਆਂ ਦੇ ਮੁਕਾਬਲੇ ਘਾਟੇ ਵਿਚ ਨਾ ਰਹਿਣ।
- ਕਿਤਾਬ ਲਿਖਣ ਵਿਚ ਕਾਫ਼ੀ ਕਾਹਲ ਕੀਤੀ ਗਈ ਲੱਗਦੀ ਹੈ। ਪੁਸਤਕ ਦੇ ਅਰੰਭ ਵਿਚ ਸਿਲੇਬਸ ਦਾ ਕੋਈ ਵੇਰਵਾ ਨਹੀਂ ਦਿੱਤਾ ਗਿਆ। ਸਿਲੇਬਸ ਤੋਂ ਬਗ਼ੈਰ ਕਿਤਾਬ ਲਿਖਣਾ ਆਪਣੇ-ਆਪ ਵਿਚ ਇਕ ਵੱਡੀ ਕਮੀ ਹੈ।
- ਪੁਸਤਕ ਦੀ ਵਿਸ਼ਾ-ਸਮੱਗਰੀ ਨੂੰ ਦੋਬਾਰਾ ਤੋਂ ਰੀਵਿਊ ਕੀਤੇ ਜਾਣ ਦੀ ਖ਼ਾਸੀ ਲੋੜ ਹੈ ਅਤੇ ਇਸ ਸਬੰਧੀ ਸੁਝਾਅ ਪੰਜਾਬ ਦੇ ਇਤਿਹਾਸ ਨੂੰ ਪੜ੍ਹਾਉਣ ਵਾਲੇ ਲੈਕਚਰਰਾਂ ਤੋਂ ਲਏ ਜਾਣ।

### ਸਿੱਖ ਇਤਿਹਾਸ

ਨੂੰ ਸਿਲੇਬਸ 'ਚੋਂ ਬਾਹਰ ਕੱਢਣ ਨਾਲ ਸਬੰਧਤ

#### ਕੁਝ ਅਹਿਮ ਤੇ ਭਖਦੇ ਮੁੱਦੇ

- ਪੰਜਾਬ ਦੇ ਇਨ੍ਹਾਂ ਅਧਿਆਇਵਾਂ ਨੂੰ ਸਿਲੇਬਸ 'ਚੋਂ ਕਿਉਂ ਬਾਹਰ ਕੱਢਿਆ ਗਿਆ, ਇਸ ਬਾਰੇ ਕੁਝ ਪਤਾ ਨਹੀਂ ਲੱਗ ਸਕਿਆ। ਦੋਸ਼ ਇਹ ਲਾਇਆ ਜਾ ਰਿਹਾ ਹੈ ਕਿ ਇਹ ਸਭ ਕਿਸੇ ਸਾਜ਼ਿਸ਼ ਅਧੀਨ ਕੀਤਾ ਗਿਆ ਹੈ। ਇਸ ਬਾਰੇ ਕਿਹੜੀ ਵਾਜਿਬ ਕਾਰਵਾਈ ਕਰਨ ਦੀ ਲੋੜ ਹੈ, ਤਾਂ ਜੋ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਇੰਝ ਕਰਨ ਤੋਂ ਰੋਕਿਆ ਜਾ ਸਕੇ - ਇਸ ਵੇਲੇ ਇਹ ਵੱਡਾ ਸੁਆਲ ਆਮ ਪੰਜਾਬੀਆਂ ਤੇ ਸਰਕਾਰ ਸਾਹਵੇਂ ਹੈ।
- ਸੂਬੇ ਦੇ ਇਤਿਹਾਸ ਨਾਲ ਸਬੰਧਤ ਬੇਹੱਦ ਅਹਿਮ ਅਧਿਆਇ ਪਹਿਲਾ ਐਂਗਲੋ-ਸਿੱਖ ਯੁੱਧ ਅਤੇ ਦੂਜੇ ਐਂਗਲੋ-ਸਿੱਖ ਯੁੱਧ ਬਾਰੇ ਕੋਈ ਵਿਸਥਾਰਤ ਜਾਣਕਾਰੀ ਨਹੀਂ ਦਿੱਤੀ ਗਈ। ਸਫ਼ਾ 165 'ਤੇ ਪਹਿਲੇ ਐਂਗਲੋ-ਸਿੱਖ ਯੁੱਧ ਬਾਰੇ ਸਿਰਫ਼ ਇਕ ਸਤਰ ਵਿਚ ਜ਼ਿਕਰ ਹੈ ਅਤੇ ਦੂਜੇ ਐਂਗਲੋ-ਸਿੱਖ ਯੁੱਧ ਬਾਰੇ ਕੁਝ ਵੀ ਨਹੀਂ ਲਿਖਿਆ ਗਿਆ। ਇਹ ਆਪਣੇ ਆਪ ਵਿਚ ਇਤਿਹਾਸਕ ਤੱਥਾਂ ਨਾਲ ਕੀਤੀ ਗਈ 'ਛੇੜਛਾੜ' ਦੀ ਵੱਡੀ ਉਦਾਹਰਨ ਹੈ।
- ਕੋਈ ਇਤਿਹਾਸਕ ਕਿਤਾਬ ਲਿਖਣ ਸਮੇਂ ਕਾਲਕ੍ਰਮ ਦੀ ਖ਼ਾਸ ਅਹਿਮੀਅਤ ਹੁੰਦੀ ਹੈ। ਇਸ ਕਿਤਾਬ ਵਿਚ ਵਿਸ਼ਾ ਮਾਹਿਰ ਨੇ ਇਸ ਸਬੰਧੀ ਕੁਝ ਵੱਡੀਆਂ ਗ਼ਲਤੀਆਂ ਕੀਤੀਆਂ ਹਨ। ਉਦਾਹਰਣ ਵਜੋਂ ਅਧਿਆਇ 9 ਵਿਚ 'ਆਜ਼ਾਦੀ ਵੱਲ ਭਾਰਤ' ਤਾਂ ਪਹਿਲਾਂ ਦਿੱਤਾ ਹੈ ਤੇ ਬਾਅਦ ਵਿਚ ਅਧਿਆਇ 10 'ਸਿੱਖ ਰਾਜ ਵੱਲ' ਦਿੱਤਾ ਗਿਆ ਹੈ - ਇਹ ਕਾਲਕ੍ਰਮ ਬਿਲਕੁਲ ਮੇਲ ਨਹੀਂ ਖਾਂਦਾ।
- +1 ਜਮਾਤ ਦੇ ਜਿਹੜੇ ਲੱਖਾਂ ਵਿਦਿਆਰਥੀਆਂ ਨੇ ਪਹਿਲਾਂ ਤੋਂ ਮੁਲਕ ਦਾ ਇਤਿਹਾਸ ਪੜ੍ਹਿਆ ਹੈ, ਉਨ੍ਹਾਂ ਨੂੰ ਮੁੜ ਤੋਂ ਉਹੀ ਸਿਲੇਬਸ +2 ਵਿਚ ਦੁਹਰਾਇਆ ਜਾ ਰਿਹਾ ਹੈ। ਇਨ੍ਹਾਂ ਲੱਖਾਂ ਵਿਦਿਆਰਥੀਆਂ ਨੂੰ ਪੰਜਾਬ ਦੇ ਇਤਿਹਾਸ ਨੂੰ ਪੜ੍ਹਨ ਤੋਂ ਵਾਂਝਾ ਕੀਤਾ ਜਾ ਰਿਹਾ ਹੈ।
- +1 ਅਤੇ +2 ਜਮਾਤ ਦੇ ਇਤਿਹਾਸ ਨਾਲ ਸਬੰਧਤ ਜਿਹੜਾ ਸਿਲੇਬਸ ਹੁਣ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਕੀਤਾ ਗਿਆ ਹੈ, ਉਸ ਵਿਚ ਸਿਰਫ਼ ਅਧਿਆਇਵਾਂ ਦਾ ਵਰਨਣ ਕੀਤਾ ਗਿਆ ਹੈ ਤੇ ਉਨ੍ਹਾਂ ਦਾ ਅੱਗੋਂ ਉੱਪ-ਭਾਗ ਦਾ ਕੋਈ ਵਰਨਣ ਨਹੀਂ ਕੀਤਾ ਗਿਆ; ਜਿਵੇਂ ਵੱਖੋ-ਵੱਖਰੇ ਅਧਿਆਇ ਨਾਲ ਸਬੰਧਤ ਕਿਹੜੀ ਵਿਸ਼ਾ ਸਮੱਗਰੀ ਵਿਦਿਆਰਥੀਆਂ ਨੇ ਪੜ੍ਹਨੀ ਹੈ। ਪ੍ਰਸ਼ਨ ਪੱਤਰ ਦੀ ਰੂਪ ਰੇਖਾ ਦਾ ਕੋਈ ਜ਼ਿਕਰ ਨਹੀਂ ਹੈ। ਇਹ ਸਭ ਜਲਦਬਾਜ਼ੀ ਵਿਚ ਕੀਤਾ ਗਿਆ ਲੱਗਦਾ ਹੈ, ਦੀ ਘੋਖ ਜ਼ਰੂਰੀ ਹੈ।
- ਕਿਤਾਬ ਦੇ ਅਰੰਭ 'ਤੇ ਕੇਵਲ ਇਤਿਹਾਸ ਲਿਖਿਆ ਗਿਆ ਹੈ, ਕਿਸ ਦਾ ਇਤਿਹਾਸ ਹੈ - ਇਸ ਬਾਰੇ ਕੋਈ ਵਰਨਣ ਨਹੀਂ।
- ਪੁਸਤਕ ਦੇ ਲਿਖਾਰੀ ਬਾਰੇ ਕੁਝ ਪਤਾ ਨਹੀਂ ਲੱਗਦਾ, ਸਿਰਫ਼ 'ਵਿਕਾਸ ਕਮੇਟੀ' ਦਾ ਜ਼ਿਕਰ ਕੀਤਾ ਗਿਆ ਹੈ, ਜਿਸ ਦੇ ਸਾਰੇ ਮੈਂਬਰ ਪੰਜਾਬ ਤੇ ਦਿੱਲੀ ਯੂਨੀਵਰਸਿਟੀ ਨਾਲ ਸਬੰਧਤ ਹਨ। ਇਸ ਕਿਤਾਬ ਵਿਚ ਦਿੱਤੀ ਗਈ ਵਿਸ਼ਾ-ਸਮੱਗਰੀ ਦਾ ਵੇਰਵਾ ਬਹੁਤ ਔਖੇ ਢੰਗ ਨਾਲ ਪੇਸ਼ ਕੀਤਾ ਗਿਆ ਹੈ, ਜੋ ਆਮ ਵਿਦਿਆਰਥੀ ਦੀ ਸਮਝ ਵਿਚ ਨਹੀਂ ਆ ਸਕਦਾ।

# ਪ੍ਰੀਖਿਆ ਦੇਣ ਆਇਆਂ ਨੂੰ ਕੱਢਿਆ ਬਾਹਰ

ਸ਼ਾਮ ਸਿੰਘ ਘੁੰਮਣ, ਦੀਨਾਨਗਰ

ਪੀਟੀਯੂ ਕੈਂਪਸ ਦੋਦਵਾਂ ਦੇ ਬੀਟੈੱਕ ਕੰਪਿਊਟਰ ਸਾਇੰਸ ਚੌਥੇ ਸਮੈਸਟਰ ਦੇ ਡੇਢ ਦਰਜਨ ਵਿਦਿਆਰਥੀਆਂ ਨੂੰ ਇਮਤਿਹਾਨ ਨਹੀ ਦੇਣ ਦਿੱਤਾ। ਕਾਲਜ ਪ੍ਰਬੰਧਕਾਂ ਵੱਲੋਂ ਕਿਹਾ ਜਾ ਰਿਹਾ ਹੈ ਕਿ ਵਿਦਿਆਰਥੀਆਂ ਦੀ ਲਾਪਰਵਾਹੀ ਕਾਰਨ ਐਡਮਿਟ ਕਾਰਡ ਬਣਾਉਣ ਵਿਚ ਹੋਈ ਦੇਰੀ ਕਾਰਨ ਇਹ ਪੇਪਰ ਰੱਦ ਕੀਤਾ ਗਿਆ ਹੈ ਜਿਸ ਦੀ ਤਰੀਕ ਦੁਬਾਰਾ ਨਿਸ਼ਚਿਤ ਕੀਤੀ ਜਾਵੇਗੀ। ਵੀਰਵਾਰ ਨੂੰ ਕਾਲਜ ਦੇ ਬੀਟੈੱਕ ਕੰਪਿਊਟਰ ਸਾਇੰਸ ਚੌਥੇ ਭਾਗ ਦਾ ਇਮਤਿਹਾਨ ਦੇਣ ਲਈ ਕਾਲਜ ਪਹੁੰਚੇ ਵਿਦਿਆਰਥੀਆਂ ਸ਼ਸ਼ੀ ਦੇਵ, ਰੁਪਿੰਦਰ ਕੌਰ, ਨਵਪ੍ਰੀਤ ਕੌਰ, ਅੰਜਲੀ, ਸੁਨੀਤਾ, ਨਵਨੀਤ ਕੁਮਾਰੀ, ਵੈਸ਼ਾਲੀ, ਸੁਖਵਿੰਦਰ ਕੌਰ, ਪੂਨਮ ਬਾਲਾ, ਰਾਕੇਸ਼ ਕੁਮਾਰ, ਸੰਦੀਪ ਕੁਮਾਰ, ਅਭਿਸ਼ੇਕ ਸ਼ਰਮਾ, ਰਮੇਸ਼ ਕੁਮਾਰ, ਪੂਨਮ ਕੁਮਾਰੀ ਅਤੇ ਰਾਕੇਸ਼ ਸੈਣੀ ਨੇ ਦੱਸਿਆ ਕਿ ਅੱਜ ਉਨ੍ਹਾਂ ਦਾ ਵਿਸ਼ੇ ਦਾ ਫਾਈਨਲ ਇਮਤਿਹਾਨ ਸੀ। ਉਨ੍ਹਾਂ ਦੱਸਿਆ ਕਿ ਉਹ ਸਵੇਰੇ ਸਮੇਂ ਸਿਰ ਪੇਪਰ ਹਾਲ ਵਿਚ ਪਹੁੰਚ ਗਏ ਸਨ ਪਰ ਕੁਝ ਦੇਰ ਮਗਰੋਂ ਉਨ੍ਹਾਂ ਨੂੰ ਇਹ ਕਹਿੰਦਿਆਂ ਪੇਪਰ ਹਾਲ ਵਿਚੋਂ ਬਾਹਰ ਕੱਢ ਦਿੱਤਾ ਗਿਆ ਕਿ ਤੁਹਾਡੀ ਹਾਜ਼ਰੀ ਪੂਰੀ ਨਹੀ ਹੈ, ਇਸ ਲਈ ਤੁਸੀ ਪੇਪਰ ਨਹੀ ਦੇ ਸਕਦੇ। ਵਿਦਿਆਰਥੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਇਸ ਤੋਂ ਪਹਿਲਾਂ ਕਦੇ ਵੀ ਨੋਟਿਸ ਬੋਰਡ ਰਾਹੀ ਘੱਟ ਹਾਜ਼ਰੀ ਸਬੰਧੀ ਸੂਚਿਤ ਨਹੀ ਕੀਤਾ ਗਿਆ ਜਦੋਂਕਿ ਉਨ੍ਹਾਂ ਦੀ ਹਾਜ਼ਰੀ ਪੂਰੀ ਹੈ ਜਿਸ ਦੀ ਤਸਦੀਕ ਬਾਇਓਮੀਟਰਕ ਮਸ਼ੀਨ 'ਤੇ ਕੀਤੀ ਜਾ ਸਕਦੀ ਹੈ।

ਵਿਦਿਆਰਥੀਆਂ ਨੇ ਪੀਟੀਯੂ ਮੈਨੇਜਮੈਂਟ ਅਤੇ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਉਨ੍ਹਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੇ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਵਿਦਿਆਰਥੀਆਂ ਨੇ ਕਿਹਾ ਕਿ ਕੈਂਪਸ ਮੈਨੇਜਮੈਂਟ ਵੱਲੋਂ ਜਾਣਬੁੱਝ ਕੇ ਉਨ੍ਹਾਂ ਦੇ ਐਡਮਿਟ ਕਾਰਡ ਦੇਰੀ ਨਾਲ ਤਿਆਰ ਕੀਤੇ ਗਏ ਹਨ ਤਾਂ ਜੋ ਵਿਦਿਆਰਥੀਆਂ ਨੂੰ ਪਰੇਸ਼ਾਨ ਕੀਤਾ ਜਾ ਸਕੇ।



ਇਮਤਿਹਾਨ ਤੋਂ ਬਾਹਰ ਕੱਢੇ ਗਏ ਪੀਟੀਯੂ ਦੋਦਵਾਂ ਕੈਂਪਸ ਦੇ ਵਿਦਿਆਰਥੀ।

#### ਪ੍ਰੀਖਿਆਰਥੀ ਪਰੇਸ਼ਾਨ

- ਪ੍ਰਸ਼ਾਸਨਿਕ ਲਾਪਰਵਾਹੀ ਦਾ ਖਮਿਆਜ਼ਾ ਭੁਗਤਣਾ ਪਿਆ
- ਪ੍ਰਬੰਧਕਾਂ ਨੇ ਵਿਦਿਆਰਥੀਆਂ ਸਿਰ ਭੰਨਿਆ ਭਾਂਡਾ

#### ਆਪਣੇ ਤੌਰ 'ਤੇ ਇਮਤਿਹਾਨ ਰੱਦ ਕਰਨ ਦਾ ਅਧਿਕਾਰ ਕਿਸੇ ਨੂੰ ਨਹੀਂ : ਵੀਸੀ

ਜਦੋਂ ਇਸ ਸਬੰਧੀ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਅਜੇ ਕੁਮਾਰ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਮਾਮਲੇ ਪ੍ਰਤੀ ਅਗਿਆਨਤਾ ਪ੍ਰਗਟ ਕਰਦਿਆਂ ਕਿਹਾ ਕਿ ਕਿਸੇ ਵੀ ਕੰਟਰੋਲਰ ਨੂੰ ਇਮਤਿਹਾਨ ਰੱਦ ਕਰਨ ਦਾ ਅਧਿਕਾਰ ਨਹੀ ਹੈ। ਬਾਕੀ ਉਹ ਮਾਮਲੇ ਦੀ ਜਾਂਚ ਕਰਵਾਉਣ ਉਪਰੰਤ ਹੀ ਕੁਝ ਦੱਸ ਸਕਣਗੇ।

## ਹੈਰੋਇਨ ਸਮੇਤ ਦੋ ਗ੍ਰਿਫ਼ਤਾਰ

ਪ੍ਰਤਾਪ ਸਿੰਘ, ਤਰਨਤਾਰਨ : ਐਂਸਟੀਐੱਫ ਦੀ ਪੁਲਿਸ ਨੇ ਦੋ ਲੋਕਾਂ ਨੂੰ 150 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਜਾਣਕਾਰੀ ਦਿੰਦਿਆਂ ਐਂਸਟੀਐੱਫ ਦੇ ਇੰਚਾਰਜ ਸੁਖਵਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਪੁਲਿਸ ਨੂੰ ਸੂਚਨਾ ਮਿਲੀ ਕਿ ਦੋ ਵਿਅਕਤੀ ਕਸ਼ਮੀਰ ਤੋਂ ਹੈਰੋਇਨ ਲਿਆ ਕੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਸਪਲਾਈ ਕਰਦੇ ਹਨ। ਸੂਚਨਾ 'ਤੇ ਸਬ ਇੰਸਪੈਕਟਰ ਰਣਜੀਤ ਸਿੰਘ ਨੇ ਪੁਲਿਸ ਪਾਰਟੀ ਸਮੇਤ ਜੀਟੀ ਰੋਡ ਮੋੜ ਆਫੀਸਰ ਐਵਨਿਊ ਕਾਲੋਨੀ ਤਰਨਤਾਰਨ ਕੋਲ ਨਾਕਾਬੰਦੀ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ। ਫੜੇ ਗਏ ਵਿਅਕਤੀਆਂ ਦੀ ਪਛਾਣ ਅਬਦਲ ਕਊਮ ਖੁਆਜਾ ਪੁੱਤਰ ਯੂਸਫ ਖੁਆਜਾ ਵਾਸੀ ਕੁੱਪਵਾੜਾ ਕਸ਼ਮੀਰ ਤੇ ਲਤੀਫ ਮੁੱਗਲ ਵਾਸੀ ਆਵਰਾਂ ਜ਼ਿਲ੍ਹਾ ਕੁੱਪਵਾੜਾ ਕਸ਼ਮੀਰ ਵਜੋਂ ਹੋਈ। ਪੁਲਿਸ ਨੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਕੇ 75-75 ਗ੍ਰਾਮ ਹੈਰੋਇਨ ਬਰਾਮਦ ਕੀਤੀ।

ਰੰਧਾਵਾ ਨੇ ਦੱਸਿਆ ਕਿ ਫੜੇ ਗਏ ਉਕਤ ਮੁਲਜ਼ਮ ਸਾਲਾਂ ਤੋਂ ਕੰਮ ਕਰਦੇ ਆ ਰਹੇ ਸਨ। ਉਹ ਕਸ਼ਮੀਰ 'ਚੋਂ ਹੈਰੋਇਨ ਲਿਆ ਕੇ ਤਰਨਤਾਰਨ, ਹਰੀਕੇ, ਫਿਰੋਜ਼ਪੁਰ ਤੇ ਜਲਾਲਾਬਾਦ ਏਰੀਏ ਵਿਚ ਹੈਰੋਇਨ ਵੇਚਦੇ ਸਨ।

# ਸਿੱਖ ਇਤਿਹਾਸ ਨਾਲ ਨਾ ਕਰੋ ਛੇੜਛਾੜ

ਨਿਰਮਲ ਸਿੰਘ ਮਾਨਸ਼ਾਹੀਆ, ਚੰਡੀਗੜ੍ਹ :

ਸ਼੍ਰੋਮਣੀ ਅਕਾਲੀ ਦਲ ਨੇ ਸਕੂਲ ਸਿੱਖਿਆ ਬੋਰਡ ਦੀਆਂ ਕਿਤਾਬਾਂ 'ਚੋਂ ਸਿੱਖ ਇਤਿਹਾਸ ਹਟਾਉਣ ਦੇ ਮਾਮਲੇ ਵਿਚ ਘੇਰਨ ਦੀ ਰਣਨੀਤੀ ਉਲੀਕੀ ਹੈ। ਪਾਰਟੀ ਦੀ ਵੀਰਵਾਰ ਨੂੰ ਹੋਈ ਕੋਰ ਕਮੇਟੀ ਦੀ ਮੀਟਿੰਗ ਵਿਚ ਫੈਸਲਾ ਕੀਤਾ ਗਿਆ ਕਿ ਅਕਾਲੀ-ਭਾਜਪਾ ਦੇ ਸੀਨੀਅਰ ਲੀਡਰਾਂ ਦਾ ਸਾਂਝਾ ਵਫ਼ਦ ਸੂਬੇ ਦੇ ਰਾਜਪਾਲ ਨੂੰ (ਅੱਜ) ਸ਼ੁੱਕਰਵਾਰ ਨੂੰ ਮਿਲੇਗਾ। ਅਕਾਲੀ ਲੀਡਰਸ਼ਿਪ ਨੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਚਿਤਾਵਨੀ ਦਿੱਤੀ ਹੈ ਕਿ ਇਤਿਹਾਸ ਨੂੰ ਸਕੂਲ ਸਿੱਖਿਆ ਬੋਰਡ ਦੀਆਂ ਕਿਤਾਬਾਂ ਵਿਚੋਂ ਖ਼ਤਮ ਕਰਨ ਦੀ ਸਾਜਿਸ਼ ਨੂੰ ਰੋਕਿਆ ਜਾਵੇ ਨਹੀ ਤਾਂ ਸੰਘਰਸ਼ ਕੀਤਾ ਜਾਵੇਗਾ। ਕੋਰ ਕਮੇਟੀ ਦੀ ਮੀਟਿੰਗ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਹੇਠ ਹੋਈ। ਮੀਟਿੰਗ ਦੇ ਏਜੰਡਿਆਂ ਸਬੰਧੀ ਮਿਲੀ ਜਾਣਕਾਰੀ ਮੁਤਾਬਕ ਅਕਾਲੀ-ਭਾਜਪਾ ਦਾ ਉੱਚ ਪੱਧਰੀ ਵਫ਼ਦ ਕੱਲ ਨੂੰ 11 ਵਜੇ ਪੰਜਾਬ ਦੇ ਰਾਜਪਾਲ ਨੂੰ ਮਿਲੇਗਾ ਅਤੇ ਉਨ੍ਹਾਂ ਨੂੰ ਇਸ ਮਾਮਲੇ ਵਿਚ ਨਿੱਜੀ ਦਖ਼ਲ ਦੇ ਕੇ ਇਹ ਯਕੀਨੀ ਬਣਾਉਣ ਦੀ ਬੇਨਤੀ ਕਰੇਗਾ ਕਿ 11ਵੀ ਤੇ 12ਵੀ ਕਲਾਸਾਂ ਦੇ ਵਿਦਿਆਰਥੀਆਂ ਨੂੰ ਉਹੀ ਇਤਿਹਾਸ ਪੜ੍ਹਾਇਆ ਜਾਵੇ। ਕੋਰ ਕਮੇਟੀ ਮੀਟਿੰਗ 'ਚ ਸੁਖਬੀਰ ਨੇ ਫੈਸਲਾ ਕੀਤਾ ਕਿ ਸਿਆਸੀ ਮਾਮਲਿਆਂ ਦੀ ਕਮੇਟੀ, ਵਰਕਿੰਗ ਕਮੇਟੀ, ਜਨਰਲ ਕੌਂਸਲ, ਸਾਰੇ ਸਿਆਸੀ ਸਲਾਹਕਾਰਾਂ ਤੇ ਪਾਰਟੀ ਦੇ ਸਾਰੇ ਜ਼ਿਲ੍ਹਾ ਅਤੇ ਸਰਕਲ ਜਥੇਦਾਰਾਂ ਦੀ ਹੰਗਾਮੀ ਮੀਟਿੰਗ 11 ਮਈ ਨੂੰ ਭਾਈ ਗੁਰਦਾਸ ਹਾਲ ਅੰਮ੍ਰਿਤਸਰ ਵਿਖੇ ਹੋਵੇਗੀ।

ਕੋਰ ਕਮੇਟੀ ਦੀ ਮੀਟਿੰਗ ਕਰੀਬ ਤਿੰਨ ਘੰਟੇ ਚੱਲੀ। ਮੀਟਿੰਗ ਤੋਂ ਬਾਅਦ ਪ੍ਰੈੱਸ ਕਾਨਫਰੰਸ ਦੌਰਾਨ ਸੁਖਬੀਰ ਨੇ ਕਿਹਾ ਮੁੱਖ ਮੰਤਰੀ ਨੂੰ ਇਹ ਸਮਝਣ ਦੀ ਲੋੜ ਹੈ ਕਿ ਗੁਰੂ ਸਾਹਿਬਾਨ ਵੱਲੋਂ ਖਾਲਸਾ ਪੰਥ ਦੇ ਰੂਪ ਵਿਚ ਦਿੱਤੀ ਸਾਨੂੰ ਮਹਾਨ ਵਿਰਾਸਤ ਤੋਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਵਾਂਝੇ ਕਰਨ ਦੀ ਸਾਜ਼ਿਸ ਨੇ ਸਿੱਖ ਕੌਮ ਨੂੰ ਬੇਚੈਨ ਕਰ ਦਿੱਤਾ ਹੈ। ਕੋਰ ਕਮੇਟੀ ਦੀ ਇਸ ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਰਣਜੀਤ ਸਿੰਘ ਬ੍ਰਹਮਪੁਰਾ, ਸੁਖਦੇਵ ਸਿੰਘ ਢੀਂਡਸਾ, ਬਲਵਿੰਦਰ ਸਿੰਘ ਭੂੰਦੜ, ਤੋਤਾ ਸਿੰਘ, ਪ੍ਰੇਮ ਸਿੰਘ ਚੰਦੂਮਾਜਰਾ, ਸਿਕੰਦਰ ਸਿੰਘ ਮਲੂਕਾ, ਗੋਬਿੰਦ ਸਿੰਘ ਲੌਂਗੋਵਾਲ, ਦਲਜੀਤ ਸਿੰਘ ਚੀਮਾ, ਬੀਬੀ ਜਗੀਰ ਕੌਰ, ਬੀਬੀ ਉਪਿੰਦਰਜੀਤ ਕੌਰ, ਗੁਲਜ਼ਾਰ ਸਿੰਘ ਰਣੀਕੇ ਤੇ ਬਿਕਰਮ ਸਿੰਘ ਮਜੀਠੀਆ ਹਾਜ਼ਿਰ ਸਨ।



ਕੋਰ ਕਮੇਟੀ ਦੀ ਮੀਟਿੰਗ 'ਚ ਸ਼ਾਮਲ ਹੋਏ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਹੋਰ ਸਿਆਸਤਦਾਨ।

## ਦੁਕਾਨ 'ਤੇ ਚੀਜ ਲੈਣ ਗਈ 6 ਸਾਲਾਂ ਬੱਚੀ ਨੂੰ ਕਬਿਰਸਤਾਨ ਲਿਜਾ ਕੇ ਕੀਤਾ ਜਬਰ-ਜਿਨਾਹ

ਜੀਰਾ 15 ਮਈ। ਸਮਾਜ ਵਿਚ ਲੋਕਾਂ ਦੀ ਜ਼ਮੀਰ ਦਿਨੋਂ-ਦਿਨ ਮਰ ਰਹੀ ਹੈ। ਲੋਕ ਮਨੁੱਖਤਾ ਦਾ ਘਾਣ ਕਰਕੇ ਅਪਰਾਧਿਕ ਘਟਨਾਵਾਂ ਨੂੰ ਅੰਜਾਮ ਦੇ ਰਹੇ ਹਨ, ਜਿਸ ਦੀ ਤਾਜ਼ਾ ਮਿਸਾਲ ਮਖੂ ਇਲਾਕੇ 'ਚ ਦੇਖਣ ਨੂੰ ਮਿਲੀ ਹੈ। ਜਿਥੇ ਦੁਕਾਨ 'ਤੇ ਚੀਜ ਲੈਣ ਗਈ ਸਵਾ 6 ਸਾਲ ਦੀ ਕੁੜੀ ਨੂੰ ਇਕ ਵਿਅਕਤੀ ਵਰਗਲਾ ਕੇ ਕਬਰਿਸਤਾਨ 'ਚ ਲੈ ਗਿਆ, ਜਿਥੇ ਉਸ ਨਾਲ ਜਬਰ-ਜ਼ਿਨਾਹ ਕੀਤਾ। ਇਸ ਮਾਮਲੇ 'ਚ ਪੀੜਤ ਕੁੜੀ ਦੇ ਪਿਤਾ ਦੇ ਬਿਆਨਾਂ ਦੇ ਆਧਾਰ 'ਤੇ ਪੁਲਸ ਨੇ ਦੋਸ਼ੀ ਖ਼ਿਲਾਫ ਬਲਾਤਕਾਰ ਅਤੇ ਪੋਕਸੋ ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਦਿੱਤਾ ਅਤੇ ਗ੍ਰਿਫਤਾਰ ਕਰ ਲਿਆ। ਇਸ ਮਾਮਲੇ ਦੇ ਸਬੰਧ ਵਿੱਚ ਜਾਣਕਾਰੀ ਦਿੰਦੇ ਸਹਾਇਕ ਇੰਸਪੈਕਟਰ ਬਲਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਪੀੜਤ ਬੱਚੀ ਦੇ ਪਿਤਾ ਨੇ ਪੁਲਸ ਨੂੰ ਦੱਸਿਆ ਕਿ ਉਸਦੀ ਬੇਟੀ ਪੈਸੇ ਲੈ ਕੇ ਘਰੋਂ ਕਰਿਆਨੇ ਦੀ ਦੁਕਾਨ 'ਤੇ ਕੋਈ ਚੀਜ ਲੈਣ ਗਈ ਸੀ। ਇਸ ਦੌਰਾਨ ਦੋਸ਼ੀ ਜੈਮਲ ਪੁੱਤਰ ਭੋਲਾ ਵਾਸੀ ਤਲਵੰਡੀ ਨੇਪਾਲ ਉਸ ਨੂੰ ਵਰਗਲਾ ਕੇ ਕਬਰਿਸਤਾਨ ਲੈ ਗਿਆ, ਜਿੱਥੇ ਦੋਸ਼ੀ ਨੇ ਉਸਦੀ ਬੱਚੀ ਨਾਲ ਜਬਰ-ਜ਼ਿਨਾਹ ਕੀਤਾ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਨੇ ਆਪਣੀ ਕੁੜੀ ਨੂੰ ਇਲਾਜ ਲਈ ਸਿਵਲ ਹਸਪਤਾਲ ਜੀਰਾ ਵਿਖੇ ਦਾਖਲ ਕਰਵਾਇਆ ਹੈ। ਪੁਲਸ ਵੱਲੋਂ ਗ੍ਰਿਫਤਾਰ ਕੀਤੇ ਦੋਸ਼ੀ ਖ਼ਿਲਾਫ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਪਿੱਛਾ ਕਰ ਰਹੇ ਲੋਕਾਂ ਤੋਂ ਘਬਰਾਏ ਨੌਜਵਾਨ, ਮੋਟਰਸਾਈਕਲ ਦਾ ਸੰਤੁਲਨ ਵਿਗੜਨ ਕਾਰਨ ਇਕ ਦੀ ਮੌਤ

ਲੁਧਿਆਣਾ 15 ਮਈ। ਸਥਾਨਕ ਡਾਬਾ ਰੋਡ 'ਤੇ ਮੋਟਰਸਾਈਕਲ 'ਤੇ ਜਾ ਰਿਹਾ ਨੌਜਵਾਨ ਅਤੇ ਉਸ ਦਾ ਸਾਥੀ ਬਿਜਲੀ ਦੇ ਖੰਭੇ ਨਾਲ ਟਕਰਾਉਣ ਕਾਰਨ ਗੰਭੀਰ ਰੂਪ 'ਚ ਜਖਮੀ ਹੋ ਗਏ। ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਾਇਆ ਗਿਆ। ਇਲਾਜ ਦੌਰਾਨ ਦਿਨੇਸ਼ ਕੁਮਾਰ ਦੀ ਮੌਤ ਹੋ ਗਈ, ਜਦੋਂ ਕਿ ਨਿਖਿਲ ਦੀ ਹਾਲਤ ਨਾਜੁਕ ਬਣੀ ਹੋਈ ਹੈ। ਜਾਣਕਾਰੀ ਮੁਤਾਬਕ ਨਿਊ ਸ਼ਿਮਲਾਪੁਰੀ ਮੁਹੱਲਾ ਗੋਬਿੰਦ ਨਗਰ ਦੇ ਰਹਿਣ ਵਾਲੇ ਭੁਪਿੰਦਰ ਸਿੰਘ ਨੇ ਦੱਸਿਆ ਕਿ ਉਹ ਆਪਣੇ ਦੋਸਤ ਨਿਖਿਲ, ਰੋਹਿਤ ਅਤੇ ਦਿਨੇਸ਼ ਨਾਲ ਮੋਟਰਸਾਈਕਲ 'ਤੇ ਆਪਣੇ ਘਰ ਜਾ ਰਹੇ ਸੀ। ਢੋਲੇਵਾਲ ਚੌਂਕ ਨੇੜੇ ਕਰੀਬ 8-9 ਨੌਜਵਾਨਾਂ ਨੇ ਉਨ੍ਹਾਂ ਨੂੰ ਜਬਰਦਸਤੀ ਰੋਕਣ ਦੀ ਕੋਸ਼ਿਸ਼ ਕੀਤੀ ਪਰ ਉਹ ਨਹੀਂ ਰੁਕੇ ਅਤੇ ਭੱਜ ਗਏ। ਨੌਜਵਾਨਾਂ ਨੇ ਉਨ੍ਹਾਂ ਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ। ਦਿਨੇਸ਼ ਅਤੇ ਨਿਖ਼ਿਲ ਇਕ ਮੋਟਰਸਾਈਕਲ 'ਤੇ ਸਨ। ਪਿੱਛਾ ਕਰ ਰਹੇ ਨੌਜਵਾਨਾਂ ਤੋਂ ਡਰਨ ਕਾਰਨ ਦਿਨੇਸ਼ ਦੇ ਮੋਟਰਸਾਈਕਲ ਦਾ ਬੈਲੇਂਸ ਵਿਗੜ ਗਿਆ ਅਤੇ ਮੋਟਰਸਾਈਕਲ ਬਿਜਲੀ ਦੇ ਖੰਭੇ ਨਾਲ ਟਕਰਾ ਗਿਆ। ਇਸ ਦੌਰਾਨ ਦੋਵੇਂ ਹੇਠਾਂ ਡਿੱਗ ਪਏ ਅਤੇ ਗੰਭੀਰ ਜਖਮੀ ਹੋ ਗਏ। ਪਿੱਛਾ ਕਰ ਰਹੇ ਨੌਜਵਾਨ ਉਨ੍ਹਾਂ ਦੇ ਡਿੱਗਣ ਮਗਰੋਂ ਫਰਾਰ ਹੋ ਗਏ। ਫਿਲਹਾਲ ਪੁਲਸ ਨੇ ਮਾਮਲੇ ਸਬੰਧੀ 9 ਲੋਕਾਂ 'ਤੇ ਮਾਮਲਾ ਦਰਜ ਕਰ ਲਿਆ ਹੈ।

# ਗਰਮੀਆਂ 'ਚ ਘੁੰਮਣ ਲਈ ਯੂਰਪ ਜਾਣਾ ਹੋਇਆ ਮੁਸ਼ਕਲ, ਇਸ ਕਾਰਨ ਵਧੀ ਪਰੇਸ਼ਾਨੀ

**ਕਿਸ਼ਨ ਪਾਲ**

ਨਵੀਂ ਦਿੱਲੀ 15 ਮਈ। ਗਰਮੀਆਂ ਦੇ ਮੌਸਮ ਵਿੱਚ ਯੂਰਪ ਜਾਣ ਵਾਲੇ ਬਹੁਤ ਸਾਰੇ ਭਾਰਤੀਆਂ ਨੂੰ ਇਸ ਸਮੇਂ ਮੁਸਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਿੱਥੇ ਯੂਰਪ ਆਪਣੇ ਨਵੇਂ ਵੀਜਾ ਨਿਯਮਾਂ ਰਾਹੀਂ ਸੈਂਗੇਨ ਦੇਸਾਂ ਵਿੱਚ ਭਾਰਤੀਆਂ ਲਈ ਮਲਟੀਪਲ ਐਂਟਰੀ ਨੂੰ ਉਤਸਾਹਿਤ ਕਰ ਰਿਹਾ ਹੈ, ਦੂਜੇ ਪਾਸੇ ਵੀਜਾ ਮਨਜੂਰੀਆਂ ਨੂੰ ਲੈ ਕੇ ਅਨਿਸਚਿਤਤਾ ਅਤੇ ਬਿਨਾਂ ਕਿਸੇ ਜਾਇਜ ਕਾਰਨ ਦੇ ਵੀਜਾ ਦੇਣ ਤੋਂ ਇਨਕਾਰ ਕਰਨ ਦੇ ਰਵੱਈਏ ਨੇ ਯਾਤਰੀਆਂ ਨੂੰ ਨਾਰਾਜ ਅਤੇ ਚਿੰਤਤ ਕਰ ਦਿੱਤਾ ਹੈ। ਇਹ ਸਾਲ ਦਾ ਉਹ ਸਮਾਂ ਹੂੰਦਾ ਹੈ ਜਦੋਂ ਜ਼ਿਆਦਾਤਰ ਭਾਰਤੀ ਸੈਲਾਨੀ ਸੈਂਗੇਨ ਦੇਸਾਂ ਯਾਨੀ ਯੂਰਪੀਅਨ ਦੇਸਾਂ ਦਾ ਦੌਰਾ ਕਰਨ ਲਈ ਵੀਜਾ ਲੈਂਦੇ ਹਨ। ਰਿਪੋਰਟ ਮੁਤਾਬਕ ਇਸ ਸਾਲ ਜ਼ਿਆਦਾਤਰ ਸੈਲਾਨੀ ਵੀਜੇ ਦੀ ਲੰਮੀ ਉਡੀਕ, ਪ੍ਰੋਸੈਸਿੰਗ 'ਚ ਲੱਗਣ ਵਾਲੇ ਸਮੇਂ, ਵੀਜਾ ਮਿਲਣ ਦੀ ਸੰਭਾਵਨਾ ਅਤੇ ਜਾਇਜ ਕਾਰਨਾਂ ਤੋਂ ਬਿਨਾਂ ਵੀਜਾ ਨਾ ਮਿਲਣ ਕਾਰਨ ਪ੍ਰੇਸਾਨ ਹਨ। ਇਕ ਮੀਡੀਆ ਰਿਪੋਰਟ ਵਿਚ ਇਕ ਜੋੜੇ ਦਾ ਜ਼ਿਕਰ ਕੀਤਾ ਗਿਆ ਹੈ ਜੋ ਸਾਲ ਵਿਚ 2 ਤੋਂ 3 ਵਾਰ ਯੂਰਪ ਜਾਂਦੇ ਹਨ। ਇਸ ਵਾਰ ਉਨ੍ਹਾਂ ਨੇ ਗ੍ਰੀਸ ਜਾਣ ਦੀ ਯੋਜਨਾ ਬਣਾਈ ਪਰ ਉਨ੍ਹਾਂ ਵਿਚੋਂ ਇਕ ਨੂੰ ਵੀਜਾ ਨਾ ਮਿਲਣ 'ਤੇ ਉਹ ਕਾਫੀ ਪਰੇਸਾਨ ਹੋ ਗਏ। ਰਿਪੋਰਟ ਮੁਤਾਬਕ ਉਸ ਨੇ ਕਿਹਾ ਕਿ ਇਹ ਬਹੁਤ ਹਾਸੋਹੀਣੀ ਗੱਲ ਹੈ ਕਿ ਮੇਰਾ ਵੀਜਾ ਰੱਦ ਕਰ ਦਿੱਤਾ ਗਿਆ ਅਤੇ ਮੇਰੀ ਪਤਨੀ ਨੂੰ ਵੀਜਾ ਮਿਲ ਗਿਆ। ਇਹ ਸਪੱਸਟ ਤੌਰ 'ਤੇ ਇੱਕ ਗਲਤੀ ਸੀ ਜਿਸ ਕਾਰਨ ਉਨ੍ਹਾਂ ਨੂੰ 6000 ਯੂਰੋ ਦਾ ਨੁਕਸਾਨ ਹੋਇਆ। ਉਨ੍ਹਾਂ ਕਿਹਾ ਕਿ ਉਹ 72 ਸਾਲ ਦੇ ਹਨ ਅਤੇ ਐਚ.ਐਨ.ਆਈ.



ਸ੍ਰੇਣੀ ਵਿੱਚ ਆਉਂਦੇ ਹਨ। ਉਹ ਲਗਭਗ 40-45 ਦੇਸਾਂ ਦਾ ਦੌਰਾ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਵੀਜਾ ਰੱਦ ਕਰਨ ਦਾ ਕਾਰਨ ਸਹੀ ਨਹੀਂ ਸੀ। ਉਸ ਨੇ ਕਿਹਾ ਕਿ ਉਸ ਦਾ ਉੱਥੇ ਵਸਣ ਦਾ ਕੋਈ ਇਰਾਦਾ ਨਹੀਂ ਸੀ। ਵੀਜਾ ਲਈ, ਉਸਨੇ ਹੋਟਲ ਦੀ ਬੁਕਿੰਗ ਅਤੇ ਵਾਪਸੀ ਦੀਆਂ ਉਡਾਣਾਂ ਦੀਆਂ ਟਿਕਟਾਂ ਦੀ ਪੁਸਟੀ ਕੀਤੀ ਸੀ। ਮੇਰਾ ਪਰਿਵਾਰ, ਮੇਰੇ ਬੱਚੇ, ਮੇਰਾ ਘਰ ਇੱਥੇ ਭਾਰਤ ਵਿੱਚ ਹੈ, ਇਸ ਲਈ ਮੇਰੇ ਕੋਲ ਸੈਰ-ਸਪਾਟੇ ਤੋਂ ਇਲਾਵਾ ਯੂਰਪ ਜਾਣ ਦਾ ਕੋਈ ਹੋਰ ਕਾਰਨ ਨਹੀਂ ਸੀ। ਉਨ੍ਹਾਂ ਕਿਹਾ ਕਿ ਸੈਂਗੇਨ ਵੀਜਾ ਨਿਯਮ ਭਾਰਤੀ ਯਾਤਰੀਆਂ ਲਈ ਅਨੁਕੂਲ ਨਹੀਂ ਹਨ। ਉਹ ਹੋਟਲ ਅਤੇ ਫਲਾਈਟ ਬੁਕਿੰਗ ਦੀ ਪੁਸਟੀ ਕੀਤੇ ਬਿਨਾਂ ਅਰਜੀਆਂ ਨੂੰ ਸਵੀਕਾਰ ਨਹੀਂ ਕਰਦੇ ਹਨ। ਜਦੋਂ ਵੀਜਾ ਮਿਲਣ ਦੀ ਕੋਈ ਗਾਰੰਟੀ ਨਹੀਂ ਹੈ ਤਾਂ ਉਹ ਬੁਕਿੰਗ ਲਈ ਭੁਗਤਾਨ ਕਿਵੇਂ ਮੰਗ ਸਕਦੇ ਹਨ? ਵੀਜਾ ਪਲੇਟਫਾਰਮ ਐਟਲਸ ਦੇ ਸੰਸਥਾਪਕ ਮੋਹਕ ਨਾਹਟਾ ਨੇ ਕਿਹਾ ਕਿ ਸੈਂਗੇਨ ਦੇਸਾਂ ਵਿੱਚ ਗਰਮੀਆਂ ਦੀਆਂ ਛੁੱਟੀਆਂ ਮਨਾਉਣ ਦੀ ਯੋਜਨਾ ਬਣਾ ਰਹੇ ਭਾਰਤੀਆਂ ਨੂੰ ਵੀਜਾ ਲਈ ਅਪੁਆਇੰਟਮੈਂਟ ਨਹੀਂ ਮਿਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕਨੈਕਟੀਵਿਟੀ ਵਧਣ ਕਾਰਨ ਸੇਨਜੇਨ ਦੇਸਾਂ ਵਿਚ ਸਫਰ ਕਰਨਾ ਆਸਾਨ ਹੋ ਗਿਆ ਹੈ। ਪਰ ਇਸ ਕਾਰਨ ਵੀਜਾ ਨੂੰ ਲੈ ਕੇ ਅਨਿਸਚਿਤਤਾ ਵਧਣ ਲੱਗੀ ਹੈ। ਬਹੁਤੇ ਵੀਜੇ ਰੱਦ ਹੋ ਜਾਂਦੇ ਹਨ। ਕਈ ਵਾਰ ਵੀਜਾ ਰੱਦ ਹੋਣ ਦਾ ਕਾਰਨ ਸਪੱਸਟ ਨਹੀਂ ਲਿਖਿਆ ਜਾਂਦਾ। ਆਮ ਤੌਰ 'ਤੇ ਵੀਜਾ 35 ਤੋਂ 40 ਦਿਨਾਂ ਵਿੱਚ ਉਪਲਬਧ ਹੁੰਦਾ ਹੈ। ਜੇ ਤੁਸੀਂ ਅਪ੍ਰੈਲ ਵਿੱਚ ਅਰਜੀ ਦਿੰਦੇ ਹੋ, ਤਾਂ ਤੁਹਾਨੂੰ ਇਹ ਜੂਨ ਵਿੱਚ ਮਿਲਦਾ ਹੈ। ਨਾਹਟਾ ਨੇ ਕਿਹਾ ਕਿ 2022-23 ਦੇ ਅੰਕੜੇ ਦਰਸਾਉਂਦੇ ਹਨ ਕਿ ਸੈਂਗੇਨ ਦੇਸਾਂ ਦੇ ਪੰਜ ਵਿੱਚੋਂ ਇੱਕ ਭਾਰਤੀ ਯਾਤਰੀ ਦਾ ਵੀਜਾ ਰੱਦ ਕਰ ਦਿੱਤਾ ਜਾਂਦਾ ਹੈ।

## ਗੁੰਡਾਗਰਦੀ ਦਾ ਨੰਗਾ ਨਾਚ, 20 ਦੇ ਕਰੀਬ ਹਥਿਆਰਬੰਦਾਂ ਨੇ ਘਰ 'ਚ ਵੜ ਕੀਤਾ ਹਮਲਾ, ਬਜੁਰਗ ਦੀ ਮੌਤ

ਸੁਨਾਮ ਉਧਮ ਸਿੰਘ ਵਾਲਾ 15 ਮਈ। ਨਜਦੀਕੀ ਪਿੰਡ ਬਿਗੜਵਾਲ ਵਿਖੇ ਹਥਿਆਰਬੰਦਾਂ ਵਲੋਂ ਗੁੰਡਾਗਰਦੀ ਦਾ ਨੰਗਾ ਨਾਚ ਸਾਹਮਣੇ ਆਇਆ ਹੈ। ਜਿਥੇ ਬੀਤੀ ਰਾਤ 11 ਵਜੇ ਦੇ ਕਰੀਬ 15 ਤੋਂ 20 ਵਿਅਕਤੀਆਂ ਵੱਲੋਂ ਘਰ ਦੇ ਗੇਟ 'ਤੇ ਤੇਜਧਾਰ ਹਥਿਆਰਾਂ ਨਾਲ ਹਮਲਾ ਕੀਤਾ ਗਿਆ ਅਤੇ ਨਾਲ ਗਲੀ ਵਿੱਚ ਖੜੇ ਦੋ ਟੈਂਪੂਆਂ ਦੇ ਸੀਸੇ ਭੰਨੇ ਗਏ। ਇਸ ਦੌਰਾਨ ਅੰਦਰ ਪਈ ਬਜੁਰਗ ਔਰਤ ਦੀ ਮੌਤ ਹੋ ਗਈ। ਪੁਲਸ ਵੱਲੋਂ 20 ਵਿਅਕਤੀਆਂ ਦੇ ਕਰੀਬ ਮਾਮਲਾ ਦਰਜ ਕਰਨ ਦੀ ਗੱਲ ਆਖੀ ਗਈ ਹੈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਿਗੜਵਾਲ ਪਿੰਡ ਦੇ ਰਹਿਣ ਵਾਲੇ ਰਾਮ ਪ੍ਰਕਾਸ ਨੇ ਦੱਸਿਆ ਕਿ 20 ਤੋਂ 25 ਦੇ ਕਰੀਬ ਵਿਅਕਤੀਆਂ ਵੱਲੋਂ ਉਨ੍ਹਾਂ ਦੇ ਘਰ ਦੇ ਗੇਟ 'ਤੇ ਤੇਜਧਾਰ ਹਥਿਆਰਾਂ ਅਤੇ ਗੰਡਾਸਿਆਂ ਨਾਲ ਹਮਲਾ ਕੀਤਾ ਗਿਆ । ਇਸ ਦੌਰਾਨ ਉਨ੍ਹਾਂ ਦੀ ਮਾਤਾ ਮਲਕੀਤ ਕੌਰ ਵੇਹੜੇ ਵਿੱਚ ਪਏ ਸੀ ਅਤੇ ਹਮਲੇ ਦੇ ਚੱਲਦਿਆਂ ਉਹ ਮੰਜੇ ਤੋਂ ਥੱਲੇ ਡਿੱਗ ਗਏ। ਜਿਸ ਤੋਂ ਬਾਅਦ ਉਹ ਬੇਹੋਸ਼ ਹੋ ਗਏ ਅਤੇ ਉਹਨਾਂ ਨੂੰ ਬੇਹੋਸ ਦੀ ਹਸਪਤਾਲ ਵਿੱਚ ਲਿਜਾਇਆ ਗਿਆ ਤਾਂ ਉਨ੍ਹਾਂ ਦੀ ਮੌਤ ਹੋ ਗਈ। ਇਸ ਸਬੰਧੀ ਥਾਣਾ ਮੁਖੀ ਸੁਖਦੀਪ ਸਿੰਘ ਨੇ ਦੱਸਿਆ ਕੀ ਮ੍ਰਿਤਕ ਦੇ ਪੁੱਤਰ ਦੇ ਬਿਆਨਾਂ ਦੇ ਅਧਾਰ 'ਤੇ 20 ਵਿਅਕਤੀਆਂ ਦੇ ਕਰੀਬ ਮਾਮਲਾ ਦਰਜ ਕੀਤਾ ਗਿਆ ਹੈ। ਮ੍ਰਿਤਕ ਦਾ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਵੱਲੋਂ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ।

## ਭਾਜਪਾ ਆਗੂ ਤਰੁਣ ਚੁੱਘ ਨੇ ਕਾਂਗਰਸ 'ਤੇ ਸਾਧਿਆ ਤਿੱਖਾ ਨਿਸਾਨਾ, ਆਖੀਆਂ ਵੱਡੀਆਂ ਗੱਲਾਂ

ਜਲੰਧਰ 15 ਮਈ। ਭਾਜਪਾ ਦੇ ਰਾਸਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਭ੍ਰਿਸਟਾਚਾਰ ਨੂੰ ਲੈ ਕੇ ਕਾਂਗਰਸ 'ਤੇ ਤਿੱਖਾ ਨਿਸਾਨਾ ਸਾਧਿਆ ਹੈ। ਭਾਜਪਾ ਦੇ ਕਾਰਜਕਾਲ ਦੌਰਾਨ ਬੋਲਦਿਆਂ ਉਨ੍ਹਾਂ ਕਿਹਾ ਕਿ 4 ਜੂਨ ਨੂੰ ਦੇਸ ਪੀ. ਐੱਮ. ਮੋਦੀ ਦੀ ਅਗਵਾਈ 'ਚ ਜਿੱਤ ਹਾਸਲ ਕਰੇਗਾ। ਮੋਦੀ ਦੀ ਅਗਵਾਈ 'ਚ 4 ਜੂਨ ਨੂੰ 140 ਕਰੋੜ ਭਾਰਤੀਆਂ ਦੇ ਸੰਕਲਪ ਦੀ ਜਿੱਤ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਚੋਣ ਦੇਸ ਦੇ ਭਵਿੱਖ ਦੀ ਚੋਣ ਹੈ। ਕਾਂਗਰਸ ਅਤੇ ਇਸ ਵਰਗੀਆਂ ਪਾਰਟੀਆਂ ਨੇ ਦਹਾਕਿਆਂ ਤੱਕ ਜਨਤਾ ਨਾਲ ਸਿਰਫ ਝੂਠੇ ਵਾਅਦੇ ਕੀਤੇ ਪਰ ਅੱਜ ਦੇਸ ਮੋਦੀ ਦੀ ਗਰੰਟੀ ਵੇਖ ਰਿਹਾ ਹੈ ਅਤੇ ਮੋਦੀ ਦੀ ਗਰੰਟੀ ਦਾ ਮਤਲਬ ਵਿਕਾਸ ਅਤੇ ਰਾਸਟਰੀ ਸੁਰੱਖਿਆ ਦੀ ਗਰੰਟੀ ਹੈ। ਮੋਦੀ ਦੀ ਗਾਰੰਟੀ ਦਾ ਮਤਲਬ ਹੈ ਅਗਲੇ 5 ਸਾਲਾਂ ਵਿੱਚ ਗਰੀਬਾਂ ਲਈ 3 ਕਰੋੜ ਘਰਾਂ ਦੀ ਗਰੰਟੀ ਅਤੇ 70 ਸਾਲ ਤੋਂ ਵੱਧ ਉਮਰ ਦੇ ਬਜੁਰਗਾਂ ਦਾ ਮੁਫਤ ਇਲਾਜ। ਮੋਦੀ ਦੀ ਗਾਰੰਟੀ ਦਾ ਮਤਲਬ ਹੈ ਗਾਰੰਟੀ ਪੂਰੀ ਹੋਣ ਦੀ ਗਾਰੰਟੀ। ਪਿਛਲੇ 10 ਸਾਲਾਂ 'ਚ ਭਾਜਪਾ ਸਰਕਾਰ ਨੇ ਪੰਜਾਬ ਨੂੰ ਲੱਖਾਂ ਰੁਪਏ ਭੇਜੇ ਪਰ ਉਸ ਪੈਸੇ ਨੂੰ ਕਾਂਗਰਸ ਨੇ ਭ੍ਰਿਸਟਾਚਾਰ ਦਾ ਏ. ਟੀ. ਐੱਮ. ਕਹਿ ਕੇ ਲੁੱਟਿਆ ਅਤੇ ਹੁਣ 'ਆਪ' ਵੀ ਉਸੇ ਤਰ੍ਹਾਂ ਲੁੱਟ ਰਹੀ ਹੈ। 'ਆਪ' ਕਈ ਵਾਅਦੇ ਕਰਕੇ ਸਰਕਾਰ ਵਿਚ ਆਈ ਸੀ ਪਰ ਸਰਕਾਰ ਵਿਚ ਆਉਂਦੇ ਹੀ ਇਹ ਕਾਂਗਰਸ ਦੀ ਫੋਟੋ ਕਾਪੀ ਬਣ ਗਈ। 'ਆਪ' ਕੁਝ ਮਹੀਨਿਆਂ 'ਚ ਓਨਾ ਹੀ ਭ੍ਰਿਸਟਾਚਾਰ ਕਰਨਾ ਚਾਹੁੰਦੀ ਹੈ, ਜਿੰਨਾ ਕਾਂਗਰਸ ਨੇ ਲੁੱਟਿਆ। ਉਦਯੋਗਾਂ ਦੀ ਗੱਲ ਕਰਕੇ ਸੱਤਾ 'ਚ ਆਈ 'ਆਪ' ਨੇ ਫਰਜੀ ਵੀਡੀਓ ਬਣਾਉਣ ਦੀ ਦੁਕਾਨ ਖੋਲ੍ਹ ਲਈ ਹੈ। ਕਾਂਗਰਸ ਪੁਰਾਣੇ ਘੁਟਾਲੇ 'ਤੇ ਕਲਮ ਨੂੰ ਕਾਗਜ 'ਤੇ ਰੱਖਣ ਲਈ ਵੀ ਤਿਆਰ ਨਹੀਂ ਹੈ ਅਤੇ 'ਆਪ' ਨੇ ਸੱਤਾ 'ਚ ਆਉਂਦੇ ਹੀ ਜਨਤਾ 'ਤੇ ਡਬਲ ਆਰ ਟੈਕਸ ਲਗਾ ਦਿੱਤਾ ਹੈ। ਦਿੱਲੀ 'ਚ ਵੀ ਤੇਲੰਗਾਨਾ ਦੇ ਲੋਕਾਂ 'ਤੇ ਲਗਾਏ ਗਏ ਡਬਲ ਆਰ ਟੈਕਸ ਦੀ ਚਰਚਾ ਹੋ ਰਹੀ ਹੈ।

## ਬਦਰੀਨਾਥ ਧਾਮ ਦੇ ਦਰਵਾਜੇ ਸ਼ਰਧਾਲੂਆਂ ਲਈ ਖੁੱਲ੍ਹੇ, ਚਾਰਧਾਮ ਯਾਤਰਾ ਪੂਰੀ ਤਰ੍ਹਾਂ ਹੋਈ ਸ਼ੁਰੂ

**ਏਜੰਸੀਆਂ**

ਦੇਹਰਾਦੂਨ 15 ਮਈ। ਉਤਰਾਖੰਡ 'ਚ ਸਥਿਤ ਵਿਸਵ ਪ੍ਰਸਿੱਧ ਬਦਰੀਨਾਥ ਧਾਮ ਦੇ ਦਰਵਾਜੇ 6 ਮਹੀਨੇ ਬੰਦ ਰਹਿਣ ਤੋਂ ਬਾਅਦ ਐਤਵਾਰ ਸਵੇਰੇ ਸਰਧਾਲੂਆਂ



ਲਈ ਖੋਲ੍ਹ ਦਿੱਤੇ ਗਏ ਅਤੇ ਇਸ ਦੇ ਨਾਲ ਹੀ ਚਾਰਾਂ ਧਾਮਾਂ ਦੀ ਯਾਤਰਾ ਸੂਰੂ ਹੋ ਗਈ। ਗੜ੍ਹਵਾਲ ਹਿਮਾਲਿਆ ਦੇ ਚਾਰਧਾਮ ਵਜੋਂ ਜਾਣੇ ਜਾਂਦੇ ਹੋਰ ਤਿੰਨ ਧਾਮ- ਕੇਦਾਰਨਾਥ, ਗੰਗੋਤਰੀ ਅਤੇ ਯਮੁਨੋਤਰੀ ਦੇ ਦਰਵਾਜੇ ਸ਼ੁੱਕਰਵਾਰ ਨੂੰ ਹੀ ਅਕਸੈ ਤ੍ਰਿਤੀਆ ਦੇ ਤਿਉਹਾਰ 'ਤੇ ਖੋਲ੍ਹੇ ਗਏ ਸਨ। ਬਦਰੀਨਾਥ ਕੇਦਾਰਨਾਥ ਮੰਦਰ ਕਮੇਟੀ ਦੇ ਸੂਤਰਾਂ ਨੇ ਦੱਸਿਆ ਕਿ ਚਮੋਲੀ ਜ਼ਿਲ੍ਹੇ 'ਚ ਸਥਿਤ ਬਦਰੀਨਾਥ ਮੰਦਰ ਦੇ ਦਰਵਾਜੇ ਪੂਰੀ ਰਸਮਾਂ ਅਤੇ ਵੈਦਿਕ ਮੰਤਰਾਂ ਦੇ ਜਾਪ ਦੌਰਾਨ ਤੈਅ ਸਮੇਂ 'ਤੇ ਸਵੇਰੇ 6 ਵਜੇ ਖੋਲ੍ਹੇ ਗਏ। ਇਸ ਮੌਕੇ ਹਜਾਰਾਂ ਦੀ ਗਿਣਤੀ 'ਚ ਸਰਧਾਲੂ ਮੰਦਰ 'ਚ 'ਜੈ ਬਦਰੀ ਵਿਸਾਲ' ਦੇ ਜੈਕਾਰੇ ਲਗਾ ਰਹੇ ਸਨ। ਮੰਦਰ ਨੂੰ 15 ਕੁਇੰਟਲ ਫੁੱਲਾਂ ਨਾਲ ਸਜਾਇਆ ਗਿਆ ਹੈ ਅਤੇ ਦਰਵਾਜੇ ਖੋਲ੍ਹਣ ਤੋਂ ਬਾਅਦ ਵਿਸੇਸ ਪ੍ਰਾਰਥਨਾ ਕੀਤੀ ਗਈ। ਉੱਤਰਾਖੰਡ ਦੇ ਮੁੱਖ ਮੰਤਰੀ ਪੁਸਕਰ ਸਿੰਘ ਧਾਮੀ ਨੇ ਦਰਵਾਜੇ ਖੋਲ੍ਹਣ ਦੇ ਮੌਕੇ 'ਤੇ ਸਮੂਹ ਸਰਧਾਲੂਆਂ ਨੂੰ ਵਧਾਈ ਦਿੱਤੀ ਹੈ। ਬਦਰੀਨਾਥ ਧਾਮ ਦੇ ਦਰਵਾਜੇ ਖੋਲ੍ਹਣ ਦੀ ਪ੍ਰਕਿਰਿਆ ਸਵੇਰੇ 4 ਵਜੇ ਬ੍ਰਹਮ ਮੁਹੂਰਤ 'ਤੇ ਸੁਰੂ ਹੋਈ। ਮੀਂਹ ਦੌਰਾਨ ਆਰਮੀ ਬੈਂਡ ਅਤੇ ਢੋਲ ਦੀ ਧੁਨ 'ਤੇ ਸਥਾਨਕ ਔਰਤਾਂ ਦੇ ਰਵਾਇਤੀ ਸੰਗੀਤ ਅਤੇ ਨਾਚ ਨੇ ਸਰਧਾਲੂਆਂ ਦਾ ਮਨ ਮੋਹ ਲਿਆ। ਸਭ ਤੋਂ ਪਹਿਲਾਂ ਕੁਬੇਰ ਜੀ, ਊਧਵ ਜੀ ਅਤੇ ਗਡੂ ਘੜਾ ਨੂੰ ਦੱਖਣੀ ਗੇਟ ਤੋਂ ਮੰਦਰ ਕੰਪਲੈਕਸ ਲਿਆਂਦਾ ਗਿਆ, ਫਿਰ ਮੰਦਰ ਦੇ ਮੁੱਖ ਪੁਜਾਰੀ ਰਾਵਲ ਈਸਵਰ ਪ੍ਰਸਾਦ ਨੰਬੂਦਰੀ ਅਤੇ ਹੋਰ ਅਧਿਕਾਰੀ, ਮੰਦਰ ਕਮੇਟੀ ਦੇ ਪ੍ਰਧਾਨ ਅਜੇਂਦਰ ਅਜੈ, ਚਮੋਲੀ ਦੇ ਜ਼ਿਲ੍ਹਾ ਮੈਜਿਸਟ੍ਰੇਟ ਹਿਮਾਂਸੂ ਖੁਰਾਣਾ, ਸਰਧਾਲੂਆਂ ਦੀ ਮੌਜੂਦਗੀ ਪੁਜਾਰੀਆਂ ਅਤੇ ਸਰਧਾਲੂਆਂ ਨੇ ਰਸਮਾਂ ਨਾਲ ਮੰਦਰ ਦੇ ਦਰਵਾਜੇ ਖੋਲ੍ਹੇ। ਇਸ ਤੋਂ ਬਾਅਦ ਰਾਵਲ ਨੇ ਪਵਿੱਤਰ ਅਸਥਾਨ 'ਚ ਭਗਵਾਨ ਬਦਰੀਨਾਥ ਦੀ ਵਿਸੇਸ ਪੂਜਾ ਕੀਤੀ। ਮੰਦਰ ਦੇ ਦਰਵਾਜੇ ਖੁੱਲ੍ਹਣ ਤੋਂ ਇਕ ਦਿਨ ਪਹਿਲਾਂ ਬਦਰੀਨਾਥ 'ਚ ਸਰਧਾਲੂਆਂ ਦੀ ਭੀੜ ਇਕੱਠੀ ਹੋਣੀ ਸੂਰੂ ਹੋ ਗਈ ਸੀ। ਗੰਗੋਤਰੀ, ਯਮੁਨੋਤਰੀ ਅਤੇ ਕੇਦਾਰਨਾਥ ਤੋਂ ਬਾਅਦ ਹੁਣ ਬਦਰੀਨਾਥ ਦੇ ਦਰਵਾਜੇ ਖੁੱਲ੍ਹਣ ਨਾਲ ਚਾਰੇ ਧਾਮਾਂ ਦੇ ਦਰਵਾਜੇ ਖੁੱਲ੍ਹ ਗਏ ਹਨ ਅਤੇ ਚਾਰਧਾਮ ਯਾਤਰਾ ਪੂਰੀ ਤਰ੍ਹਾਂ ਸੁਰੂ ਹੋ ਗਈ ਹੈ। ਪਿਛਲੇ ਸਾਲ ਰਿਕਾਰਡ 1839591 ਸਰਧਾਲੂ ਬਦਰੀਨਾਥ ਦੇ ਦਰਸਨਾਂ ਲਈ ਪੁੱਜੇ ਸਨ ਅਤੇ ਲੋਕਾਂ ਦੇ ਉਤਸਾਹ ਨੂੰ ਦੇਖਦਿਆਂ ਸੂਬਾ ਸਰਕਾਰ ਨੂੰ ਇਸ ਵਾਰ ਹੋਰ ਸਰਧਾਲੂਆਂ ਦੇ ਆਉਣ ਦੀ ਉਮੀਦ ਹੈ। ਅਧਿਕਾਰਤ ਅੰਕੜਿਆਂ ਮੁਤਾਬਕ ਸਨੀਵਾਰ ਸਾਮ 4 ਵਜੇ ਤੱਕ ਬਦਰੀਨਾਥ ਲਈ 7 ਲੱਖ 37 ਹਜਾਰ 885 ਸਰਧਾਲੂਆਂ ਨੇ ਆਨਲਾਈਨ ਰਜਿਸਟਰੇਸਨ ਕਰਵਾਈ।

## ਦੁਬਈ 'ਚ ਪੱਤਰਕਾਰ ਰਮਨਦੀਪ ਸਿੰਘ ਸੋਢੀ ਨੂੰ ਮਿਲਿਆ 'ਬੈਸਟ ਜਰਨਲਿਸਟ ਆਫ ਪੰਜਾਬੀ ਡਾਇਸਪੋਰਾ' ਐਵਾਰਡ

**ਏਜੰਸੀਆਂ**

ਜਲੰਧਰ 15 ਮਈ। ਯੂਨਾਈਟਿਡ ਅਰਬ ਅਮੀਰਾਤ ਦੇ ਦੁਬਈ ਵਿਖੇ ਅੱਜ 'ਦੁਬਈ ਇੰਟਰਨੈਸ਼ਨਲ ਬਿਜਨੈਸ ਐਵਾਰਡ' ਪਿਕਸੀ ਜਾਬ ਐਂਡ ਪੰਜ ਦਰਿਆ ਯੂ.ਕੇ. ਵਲੋਂ ਕਰਵਾਇਆ ਗਿਆ, ਜਿਸ ਵਿਚ 'ਜਗ ਬਾਣੀ' ਦੇ ਸੀਨੀਅਰ ਪੱਤਰਕਾਰ ਰਮਨਦੀਪ ਸਿੰਘ ਸੋਢੀ ਨੂੰ 'ਬੈਸਟ ਜਰਨਲਿਸਟ ਆਫ ਪੰਜਾਬੀ ਡਾਇਸਪੋਰਾ' ਦਾ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਇਸ ਤੋਂ ਪਹਿਲਾਂ ਸੋਢੀ ਨੂੰ ਕੈਨੇਡਾ ਵਿਖੇ 'ਗਲੋਬਲ ਪ੍ਰਾਈਡ ਪੰਜਾਬੀ' ਐਵਾਰਡ ਨਾਲ ਵੀ ਨਵਾਜਿਆ ਗਿਆ ਸੀ। ਪੱਤਰਕਾਰ ਰਮਨਦੀਪ ਸਿੰਘ ਸੋਢੀ ਦੁਨੀਆ ਦੇ ਵੱਖ-ਵੱਖ ਦੇਸਾਂ, ਜਿਵੇਂ ਕੈਨੇਡਾ, ਅਮਰੀਕਾ, ਆਸਟ੍ਰੇਲੀਆ, ਯੂਨਾਈਟਿਡ ਕਿੰਗਡਮ, ਦੁਬਈ, ਨਿਊਜੀਲੈਂਡ ਅਤੇ ਹੋਰ ਬਹੁਤ ਸਾਰੇ ਦੇਸਾਂ ਵਿਚ ਪੰਜਾਬੀ ਪੱਤਰਕਾਰੀ ਰਾਹੀਂ ਮਾਂ ਬੋਲੀ ਪੰਜਾਬੀ ਦੀ ਸੇਵਾ ਕਰਦੇ ਆ ਰਹੇ ਹਨ। ਉਨ੍ਹਾਂ ਦੇ ਪ੍ਰਸਿੱਧ ਸੋਅ 'ਨੇਤਾ ਜੀ ਸਤਿ ਸ੍ਰੀ ਅਕਾਲ' ਅਤੇ 'ਜਨਤਾ ਦੀ ਸੱਥ' ਪੰਜਾਬੀ ਡਾਇਸਪੋਰਾ ਵਿਚ ਬਹੁਤ ਜ਼ਿਆਦਾ ਪਸੰਦ ਕੀਤੇ ਜਾਣ ਵਾਲੇ ਪ੍ਰੋਗਰਾਮਾਂ 'ਚੋਂ ਇਕ ਹਨ। ਸੋਢੀ ਆਪਣੀ ਪਾਰਦਰਸੀ, ਦਲੇਰੀ ਅਤੇ ਈਮਾਨਦਾਰ ਪੱਤਰਕਾਰੀ ਲਈ ਪੰਜਾਬੀ ਡਿਜੀਟਲ ਮੀਡੀਆ 'ਚ ਇਕ ਟ੍ਰੈਂਡ ਸੈੱਟਰ ਵੀ ਹਨ। ਇਸ ਲਈ ਪੰਜਾਬੀ ਮਾਂ ਬੋਲੀ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਮੁੱਖ ਰੱਖਦਿਆਂ ਬੈਸਟ ਜਰਨਲਿਸਟ ਆਫ ਪੰਜਾਬੀ ਡਾਇਸਪੋਰਾ ਦੇ ਐਵਾਰਡ ਨਾਲ ਨਿਵਾਜਿਆ ਗਿਆ ਹੈ। ਉਨ੍ਹਾਂ ਨੇ ਐਵਾਰਡ



ਪ੍ਰਾਪਤ ਕਰਨ ਮੌਕੇ ਉਨ੍ਹਾਂ ਕਿਹਾ ਕਿ ਉਹ 'ਪਿਕਸੀਜੌਬ' ਤੇ 'ਪੰਜ ਦਰਿਆ ਯੂਕੇ' ਦੇ ਤਹਿ ਦਿਲੋਂ ਧੰਨਵਾਦੀ ਹਨ। ਮੌਕੇ 'ਤੇ ਮੌਜੂਦ ਮੁੱਖ ਮਹਿਮਾਨਾਂ ਦਾ ਵੀ ਉਨ੍ਹਾਂ ਨੇ ਸ਼ੁਕਰੀਆ ਅਦਾ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਦੁਬਈ ਸ਼ੁਰੂ ਤੋਂ ਹੀ ਉਨ੍ਹਾਂ ਦਾ ਪਸੰਦੀਦਾ ਦੇਸ਼ ਰਿਹਾ ਹੈ। ਇਸ ਤੋਂ ਬਾਅਦ ਉਨ੍ਹਾਂ ਐਵਾਰਡ ਬਾਰੇ ਬੋਲਦਿਆਂ ਕਿਹਾ ਕਿ ਇਹ ਐਵਾਰਡ ਉਨ੍ਹਾਂ ਇਕੱਲਿਆਂ ਦਾ ਨਹੀਂ, ਸਗੋਂ ਪੂਰੇ 'ਪੰਜਾਬ ਕੇਸਰੀ' ਗਰੁੱਪ ਦਾ ਹੈ। ਉਨ੍ਹਾਂ ਕਿਹਾ ਕਿ ਉਹ ਅਜਿਹਾ ਮੌਕਾ ਦੇਣ ਲਈ ਆਪਣੇ ਬੌਸ ਦੇ ਵੀ ਬਹੁਤ ਧੰਨਵਾਦੀ ਹਨ ਉਨ੍ਹਾਂ ਐਵਾਰਡ ਪ੍ਰਾਪਤ ਕਰਨ 'ਤੇ ਆਪਣੇ ਪਰਿਵਾਰ ਨੂੰ ਤੇ ਖਾਸ ਤੌਰ ਆਪਣੀ ਪਤਨੀ ਸੰਦੀਪ ਕੌਰ ਨੂੰ ਵੀ ਧੰਨਵਾਦ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਉਹ ਆਪਣੇ ਮਾਤਾ ਪਿਤਾ ਦੇ ਵੀ ਦਿਲੋਂ ਧੰਨਵਾਦੀ ਹਨ। ਉਨ੍ਹਾਂ ਅੱਗੇ ਕਿਹਾ ਕਿ ਕਿਸੇ ਵਿਅਕਤੀ ਦੀ ਤਰੱਕੀ ਦੇਖ ਕੇ ਉਸ ਦੇ ਮਾਤਾ-ਪਿਤਾ ਤੋਂ ਇਲਾਵਾ ਹੋਰ ਕਿਸੇ ਨੂੰ ਇੰਨੀ ਖ਼ੁਸ਼ੀ ਨਹੀਂ ਹੋ ਸਕਦੀ। ਉਨ੍ਹਾਂ ਕਿਹਾ ਕਿ ਕਿਸੇ ਵਿਅਕਤੀ ਦੀ ਤਰੱਕੀ ਪਿੱਛੇ ਸਭ ਤੋਂ ਵੱਡਾ ਹੱਥ ਮਾਂ-ਬਾਪ ਦਾ ਹੁੰਦਾ ਹੈ। ਦੁਨੀਆ 'ਤੇ ਸਿਰਫ ਮਾਤਾ-ਪਿਤਾ ਹੀ ਅਜਿਹੇ ਲੋਕ ਹੁੰਦੇ ਹਨ, ਜੋ ਤੁਹਾਨੂੰ ਤਰੱਕੀ ਕਰਦੇ ਦੇਖਣਾ ਚਾਹੁੰਦੇ ਹਨ ਤੇ ਉਹੀ ਹੁੰਦੇ ਹਨ ਜੋ ਤੁਹਾਨੂੰ ਖੁਦ ਤੋਂ ਉੱਚਾ ਉੱਠਦਿਆਂ ਦੇਖ ਕੇ ਖੁਸ਼ ਹੁੰਦੇ ਹਨ। ਉਨ੍ਹਾਂ ਦੀ ਔਲਾਦ ਜਦੋਂ ਉਨ੍ਹਾਂ ਤੋਂ ਵੀ ਜ਼ਿਆਦਾ ਸਫਲ ਹੋ ਜਾਂਦੀ ਹੈ ਤਾਂ ਇਕ ਪਿਉ ਦੀ ਖੁਸ਼ੀ ਦਾ ਕੋਈ ਟਿਕਾਣਾ ਨਹੀਂ ਰਹਿੰਦਾ।

## 46 ਡਿਗਰੀ ਤਕ ਪਹੁੰਚੇਗਾ ਪਾਰਾ, ਗਰਮੀ ਦਿਖਾਏਗੀ ਅਸਲੀ ਰੰਗ, ਪੰਜਾਬ 'ਚ ਅਜਿਹਾ ਰਹੇਗਾ ਮੌਸਮ ਦਾ ਹਾਲ

**ਏਜੰਸੀਆਂ**

ਪੰਜਾਬ ਡੈਸਕ 15 ਮਈ। ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਲਈ ਅਲਰਟ ਜਾਰੀ ਕੀਤਾ ਹੈ। ਆਉਣ ਵਾਲੇ 4-5 ਦਿਨਾਂ 'ਚ ਇਨ੍ਹਾਂ ਇਲਾਕਿਆਂ 'ਚ ਅੱਤ ਦੀ ਗਰਮੀ ਤੇ ਹੀਟ ਵੇਵ ਹੋਵੇਗੀ। ਚੰਡੀਗੜ੍ਹ ਮੌਸਮ ਵਿਗਿਆਨ ਕੇਂਦਰ ਨੇ ਇਹ ਐਡਵਾਈਜਰੀ ਜਾਰੀ ਕੀਤੀ ਹੈ। ਮੌਸਮ ਵਿਭਾਗ ਨੇ ਐਡਵਾਈਜਰੀ ਜਾਰੀ ਕਰਦਿਆਂ ਕਿਹਾ ਹੈ ਕਿ ਅਗਲੇ 5 ਦਿਨਾਂ ਤੱਕ ਮੌਸਮ ਖੁਸਕ ਰਹੇਗਾ। ਇਸ ਦੌਰਾਨ ਚੰਡੀਗੜ੍ਹ, ਹਰਿਆਣਾ ਤੇ ਪੰਜਾਬ 'ਚ ਪਾਰਾ 4 ਡਿਗਰੀ ਤੱਕ ਚੜ੍ਹ ਜਾਵੇਗਾ ਤੇ ਅਜਿਹੀ ਸਥਿਤੀ 'ਚ ਦੱਖਣੀ ਹਰਿਆਣਾ, ਪੰਜਾਬ ਤੇ ਚੰਡੀਗੜ੍ਹ 'ਚ ਪਾਰਾ 46 ਡਿਗਰੀ ਤੱਕ ਜਾ ਸਕਦਾ ਹੈ। ਮੌਸਮ ਵਿਭਾਗ ਦਾ ਕਹਿਣਾ ਹੈ ਕਿ 16 ਤੋਂ 18 ਮਈ ਦਰਮਿਆਨ ਗਰਮੀ ਦਾ ਕਹਿਰ ਦੇਖਣ ਨੂੰ ਮਿਲੇਗਾ। ਹਾਲਾਂਕਿ ਉੱਤਰੀ ਹਰਿਆਣਾ, ਚੰਡੀਗੜ੍ਹ ਤੇ ਪੰਜਾਬ 'ਚ ਪਾਰਾ 41 ਤੋਂ 44 ਡਿਗਰੀ ਦੇ ਵਿਚਕਾਰ ਰਹੇਗਾ। ਮੌਸਮ ਵਿਭਾਗ ਨੇ ਲੋਕਾਂ ਨੂੰ ਸਿੱਧੀ ਧੁੱਪ ਤੋਂ ਬਚਣ ਦੀ ਸਲਾਹ ਦਿੱਤੀ ਹੈ। ਖਾਸ ਕਰਕੇ ਦੁਪਹਿਰ ਦੇ ਸਮੇਂ। ਇਸ ਸਮੇਂ ਦੌਰਾਨ ਲੋਕਾਂ ਨੂੰ ਧੁੱਪ ਤੋਂ ਬਚਾਉਣ ਲਈ ਹਲਕੇ ਤੇ ਸੂਤੀ



ਕੱਪੜੇ ਪਾਉਣੇ ਚਾਹੀਦੇ ਹਨ ਤੇ ਆਪਣੇ ਸਿਰ ਨੂੰ ਢੱਕਣਾ ਚਾਹੀਦਾ ਹੈ। ਨਾਲ ਹੀ ਲਗਾਤਾਰ ਪਾਣੀ ਪੀਂਦੇ ਰਹੋ। ਦੂਜੇ ਪਾਸੇ ਮੌਸਮ ਕੇਂਦਰ ਸ਼ਿਮਲਾ ਅਨੁਸਾਰ 16 ਮਈ ਤੱਕ ਸੂਬੇ 'ਚ ਮੌਸਮ ਸਾਫ ਰਹੇਗਾ ਪਰ 17 ਮਈ ਤੋਂ ਸੂਬੇ ਦੇ ਮੱਧ ਪਹਾੜੀ ਤੇ ਉੱਚੇ ਇਲਾਕਿਆਂ 'ਚ ਮੌਸਮ ਫਿਰ ਤੋਂ ਖਰਾਬ ਹੋਣ ਦੀ ਸੰਭਾਵਨਾ ਹੈ। 17 ਮਈ ਤੋਂ ਪੱਛਮੀ ਗੜਬੜੀ ਫਿਰ ਹਿਮਾਚਲ ਵੱਲ ਆਵੇਗੀ ਤੇ ਮੌਸਮ ਬਦਲ ਜਾਵੇਗਾ। ਹਾਲਾਂਕਿ ਹਿਮਾਚਲ 'ਚ ਪਿਛਲੇ 2 ਦਿਨਾਂ ਤੋਂ ਹੋ ਰਹੀ ਬਾਰਿਸ ਕਾਰਨ ਮੌਸਮ ਸੁਹਾਵਣਾ ਬਣਿਆ ਹੋਇਆ ਹੈ।

## ਅੱਜ ਪ੍ਰਭਾਵਿਤ ਰਹਿਣਗੀਆਂ 184 ਟਰੇਨਾਂ, ਕਿਸਾਨਾਂ ਦੇ ਪ੍ਰਦਰਸ਼ਨ ਕਾਰਨ ਰੇਲ ਗੱਡੀਆਂ ਦੀ ਦੇਰੀ ਬਾਦਸਤੂਰ ਜਾਰੀ

ਜਲੰਧਰ 15 ਮਈ। ਕਿਸਾਨਾਂ ਦੇ ਪ੍ਰਦਰਸ਼ਨ ਕਾਰਨ ਸਾਧਾਰਨ ਟਰੇਨਾਂ ਦੇ ਨਾਲ-ਨਾਲ ਸੁਪਰਫਾਸਟ ਟਰੇਨਾਂ ਵੀ ਪ੍ਰਭਾਵਿਤ ਹੋ ਰਹੀਆਂ ਹਨ, ਜਿਸ ਕਾਰਨ ਯਾਤਰੀਆਂ ਦੀਆਂ ਪ੍ਰੇਸ਼ਾਨੀਆਂ ਵਿਚ ਵਾਧਾ ਹੋ ਰਿਹਾ ਹੈ। ਇਸੇ ਲੜੀ ਵਿਚ ਅੱਜ (15 ਮਈ। ) 184 ਦੇ ਕਰੀਬ ਟਰੇਨਾਂ ਪ੍ਰਭਾਵਿਤ ਹੋਣਗੀਆਂ, ਜਿਸ ਵਿਚ ਸ਼ਾਨ-ਏ-ਪੰਜਾਬ ਤੋਂ ਲੈ ਕੇ ਕਈ ਮੁੱਖ ਰੇਲ ਗੱਡੀਆਂ ਸ਼ਾਮਲ ਹਨ। ਪ੍ਰਭਾਵਿਤ ਹੋਈਆਂ ਟਰੇਨਾਂ ਦੀ ਗੱਲ ਕੀਤੀ ਜਾਵੇ ਤਾਂ ਟਰੇਨ ਨੰਬਰ 12203 ਸਵਰਨ ਸ਼ਤਾਬਦੀ 6 ਘੰਟੇ, ਜਦਕਿ ਗਰੀਬ ਰੱਥ 23 ਘੰਟੇ ਦੀ ਦੇਰੀ ਨਾਲ ਸਿਟੀ ਸਟੇਸ਼ਨ 'ਤੇ ਪਹੁੰਚੀਆਂ। ਆਲਮ ਇਹ ਹੈ ਕਿ ਦਿੱਲੀ ਤੋਂ ਆਉਣ ਵਾਲੀਆਂ ਜ਼ਿਆਦਾਤਰ ਐਕਸਪ੍ਰੈੱਸ ਟਰੇਨਾਂ ਦੀ ਦੇਰੀ ਦਾ ਸਿਲਸਿਲਾ ਬਾਦਸਤੂਰ ਜਾਰੀ ਹੈ। ਇਸ ਪੂਰੇ ਘਟਨਾਕ੍ਰਮ ਵਿਚ ਯਾਤਰੀਆਂ ਨੂੰ ਰੇਲਵੇ ਸਟੇਸ਼ਨਾਂ 'ਤੇ ਪ੍ਰੇਸ਼ਾਨ ਹੁੰਦੇ ਦੇਖਿਆ ਜਾ ਰਿਹਾ ਹੈ। ਸ਼ੰਭੂ ਸਟੇਸ਼ਨ 'ਤੇ ਰੋਸ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਕਾਰਨ ਰੇਲ ਟਰੈਕ ਦੇ ਨਾਲ-ਨਾਲ ਸੜਕ ਮਾਰਗ ਵੀ ਰੋਕਿਆ ਗਿਆ ਹੈ। ਇਸ ਕਾਰਨ ਯਾਤਰੀਆਂ ਨੂੰ ਬੱਸਾਂ ਰਾਹੀਂ ਦਿੱਲੀ ਰੂਟ 'ਤੇ ਜਾਣ ਵਿਚ ਕਾਫੀ ਪ੍ਰੇਸ਼ਾਨੀਆਂ ਪੇਸ਼ ਆ ਰਹੀਆਂ ਹਨ। ਰੇਲਵੇ ਵੱਲੋਂ ਇਸ ਪ੍ਰੇਸ਼ਾਨੀ ਕਾਰਨ ਟਰੇਨਾਂ ਦੇ ਰੂਟਾਂ ਨੂੰ ਡਾਇਵਰਟ ਕੀਤਾ ਜਾ ਰਿਹਾ ਹੈ, ਜਿਸ ਕਾਰਨ ਯਾਤਰੀਆਂ ਨੂੰ ਆਪਣੀ ਮੰਜ਼ਿਲ 'ਤੇ ਪਹੁੰਚਣ ਵਿਚ ਦੇਰੀ ਹੋ ਰਹੀ ਹੈ। ਰੇਲਵੇ ਵੱਲੋਂ ਰੋਜਾਨਾ ਕਈ ਟਰੇਨਾਂ ਨੂੰ ਰਸਤੇ ਵਿਚ ਸ਼ਾਰਟ ਟਰਮੀਨੇਟ ਕਰਦਿਆਂ ਵਾਪਸ ਭੇਜਿਆ ਜਾ ਰਿਹਾ ਹੈ। ਇਸੇ ਲੜੀ ਵਿਚ ਵਿਭਾਗ ਵੱਲੋਂ ਜਾਰੀ ਕੀਤੇ ਸ਼ਡਿਊਲ ਮੁਤਾਬਕ 15 ਮਈ। ਨੂੰ 184 ਦੇ ਕਰੀਬ ਟਰੇਨਾਂ ਪ੍ਰਭਾਵਿਤ ਰਹਿਣਗੀਆਂ। ਇਸ ਵਿਚ ਕੁਝ ਟਰੇਨਾਂ ਨੂੰ ਸ਼ਾਰਟ ਟਰਮੀਨੇਟ ਕੀਤਾ ਗਿਆ ਹੈ, ਜਦਕਿ 115 ਤੋਂ ਜ਼ਿਆਦਾ ਟਰੇਨਾਂ ਦੇ ਰੂਟ ਡਾਇਵਰਟ ਕੀਤੇ ਗਏ ਹਨ। ਉਥੇ ਹੀ, 69 ਰੇਲ ਗੱਡੀਆਂ ਰੱਦ ਰਹਿਣਗੀਆਂ। ਇਨ੍ਹਾਂ ਵਿਚ ਦਿੱਲੀ ਜਾਣ ਵਾਲੀਆਂ ਗੱਡੀਆਂ ਦੇ ਨਾਲ-ਨਾਲ ਚੰਡੀਗੜ੍ਹ-ਅੰਮ੍ਰਿਤਸਰ ਰੂਟ ਦੀਆਂ ਕਈ ਗੱਡੀਆਂ ਸ਼ਾਮਲ ਹਨ।

# ਫਰਜੀ ਹਾਲੀਡੇਅ ਪੈਕੇਜ ਦੇ ਨਾਂ 'ਤੇ ਠੱਗੀ ਮਾਰਨ ਵਾਲੇ ਗਿਰੋਹ ਦਾ ਪਰਦਾਫਾਸ਼

**ਸਰਦੂਲ ਸਿੰਘ**

ਜਲੰਧਰ 15 ਮਈ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਵਿਚ ਕਮਿਸ਼ਨਰੇਟ ਪੁਲਸ ਨੇ ਫਰਜੀ ਹਾਲੀਡੇ ਪੈਕੇਜ ਦੇ ਮੱਦੇਨਜਰ ਲੋਕਾਂ ਨਾਲ ਠੱਗੀ ਮਾਰਨ ਵਾਲੇ ਇਕ ਗਿਰੋਹ ਦਾ ਭਾਂਡਾ ਭੰਨਦਿਆਂ 15 ਲੋਕਾਂ ਨੂੰ ਗ੍ਰਿਫਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਅਤੇ ਜੁਆਇੰਟ ਸੀ. ਪੀ. ਸੰਦੀਪ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਨੂੰ ਗੁਰਦੀਪ ਸਿੰਘ ਨਾਂ ਦੇ ਵਿਅਕਤੀ ਨੇ ਦਿੱਤੀ ਸ਼ਿਕਾਇਤ ਵਿਚ ਦੋਸ਼ ਲਾਇਆ ਸੀ ਕਿ 8 ਮਈ ਨੂੰ ਦੁਪਹਿਰ 1 ਵਜੇ ਉਨ੍ਹਾਂ ਨੇ ਵਿਰਾਟ ਨਾਂ ਦੇ ਇਕ ਵਿਅਕਤੀ ਦਾ ਫੋਨ ਆਇਆ, ਜਿਸ ਵਿਚ ਉਸ ਨੇ ਲਾਜਪਤ ਨਗਰ ਨੇੜੇ ਹੋਟਲ ਫਾਰਚਿਊਨ ਵਿਚ ਇਕ ਹਾਲੀਡੇਅ ਪੈਕੇਜ ਦੇ ਸਬੰਧ ਵਿਚ ਨਵੀਂ ਦਿੱਲੀ ਦੀ ਇਕ ਟੀਮ ਨਾਲ ਮੀਟਿੰਗ ਵਿਚ ਹਿੱਸਾ ਲੈਣ ਲਈ ਕਿਹਾ। ਉਨ੍ਹਾਂ ਦੱਸਿਆ ਕਿ 9 ਮਈ ਨੂੰ ਗੁਰਦੀਪ ਆਪਣੇ ਪਰਿਵਾਰ ਨਾਲ ਹੋਟਲ ਫਾਰਚਿਊਨ ਦੀ ਪਹਿਲੀ ਮੰਜ਼ਿਲ ਦੇ ਬੋਰਡ ਰੂਮ ਵਿਚ ਗਏ, ਜਿੱਥੇ ਉਨ੍ਹਾਂ ਦੀ ਮੁਲਾਕਾਤ ਮੁਕੇਸ਼ ਦੂਬੇ, ਮੋਹਿਤ ਸੈਣੀ ਅਤੇ ਅਜੈ ਨਾਲ ਹੋਈ, ਜਿਨ੍ਹਾਂ ਨੇ ਉਨ੍ਹਾਂ ਨੂੰ ਹਾਲੀਡੇ ਪੈਕੇਜ ਬਾਰੇ ਦੱਸਿਆ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਗੁਰਦੀਪ ਨੇ ਅੱਗੇ ਸ਼ਿਕਾਇਤ ਕੀਤੀ ਕਿ ਉਨ੍ਹਾਂ ਨੇ ਇਕ ਪੈਕੇਜ ਚੁਣਿਆ ਅਤੇ ਉਨ੍ਹਾਂ ਨੂੰ 2 ਕ੍ਰੈਡਿਟ ਕਾਰਡ ਰਾਹੀਂ ਕੁੱਲ 1 ਲੱਖ 90 ਹਜਾਰ ਰੁਪਏ ਦਿੱਤੇ। ਸਵਪਨ ਸ਼ਰਮਾ ਨੇ ਦੱਸਿਆ ਕਿ ਬਾਅਦ ਵਿਚ ਕੰਪਨੀ ਦੀ ਐੱਮ. ਜੀ. ਵੀ. ਪੀ. ਐੱਲ. ਦੀ ਵੈੱਬਸਾਈਟ 'ਤੇ ਜਾਣ 'ਤੇ ਪੀੜਤ ਗੁਰਦੀਪ ਨੇ ਪਾਇਆ ਕਿ ਕਾਰਪੈਟ ਪਤਾ ਅਸਥਾਈ ਰੂਪ ਨਾਲ ਬੰਦ ਕਰ ਦਿੱਤਾ ਗਿਆ ਸੀ, ਜਿਸ ਤੋਂ ਬਾਅਦ ਉਸਨੂੰ ਅਹਿਸਾਸ ਹੋਇਆ ਕਿ ਉਹ ਧੋਖਾਧੜੀ ਦਾ ਸ਼ਿਕਾਰ ਹੋਇਆ ਹੈ। ਸੀ. ਪੀ. ਨੇ ਦੱਸਿਆ ਕਿ ਪੁਲਸ ਨੇ ਗੁਰਦੀਪ ਦੀ ਸ਼ਿਕਾਇਤ 'ਤੇ ਮਾਮਲੇ ਦੀ ਜਾਂਚ ਤੋਂ ਬਾਅਦ ਥਾਣਾ ਨੰਬਰ 6 ਵਿਚ 15 ਮੁਲਜਮਾਂ ਖ਼ਿਲਾਫ ਐੱਫ. ਆਈ. ਆਰ. ਨੰਬਰ 89 ਮਿਤੀ 10 ਮਈ ਨੂੰ ਧਾਰਾ 420, 465, 467 ਅਤੇ 471 ਆਈ. ਪੀ. ਸੀ. ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਕਮਿਸ਼ਨਰੇਟ ਪੁਲਸ ਨੇ ਜੈਪ੍ਰਕਾਸ਼ ਯਾਦਵ ਨਿਵਾਸੀ ਮੁਹੱਲਾ ਨੰਬਰ 32 ਈਸਟ ਲਕਸ਼ਮੀ ਮਾਰਕੀਟ (ਨਵੀਂ ਦਿੱਲੀ), ਮੋਹਿਤ ਨਿਵਾਸੀ ਈ-1504 ਗਲੋਬਲ ਸੋਸਾਇਟੀ ਗੁੜਗਾਓਂ (ਹਰਿਆਣਾ), ਦੀਪਕ ਉਰਫ ਨਿਖਿਲ, ਮੁਕੇਸ਼ ਕੌਸ਼ਲ ਨਿਵਾਸੀ ਮਕਾਨ ਨੰਬਰ 03 ਜਵਾਹਰ ਮੁਹੱਲਾ ਦਿੱਲੀ, ਸੰਦੀਪ ਕੁਮਾਰ ਨਿਵਾਸੀ ਸੁੰਦਰ ਸਾਂਵਰੀ ਸੋਨੀਪਤ, ਥਾਣਾ ਸੋਨੀਪਤ (ਹਰਿਆਣਾ), ਅਭਿਸ਼ੇਕ ਨਿਵਾਸੀ ਓਖੋਰਾ ਕਾਲੋਨੀ ਥਾਣਾ ਗਾਜੀਆਬਾਦ (ਯੂ. ਪੀ.), ਮੁਕੇਸ਼ ਦੂਬੇ ਨਿਵਾਸੀ ਪਿੰਡ ਬਸਤਾ ਗੀਬਾ, ਥਾਣਾ ਤਿਓਖਰ ਜ਼ਿਲਾ



ਗੀਬਾ (ਮੱਧ ਪ੍ਰਦੇਸ਼), ਅਮਨ ਸ਼੍ਰੀਵਾਸਤਵ ਨਿਵਾਸੀ ਮਕਾਨ ਨੰਬਰ 23, ਪੂਰਬੀ ਦਿੱਲੀ, ਰਾਮ ਨਗਰ ਦਿੱਲੀ, ਅਜੈ ਪੁੱਤਰ ਕਮਲ ਨਿਵਾਸੀ ਮਕਾਨ ਨੰਬਰ 52-ਏ ਸ਼ਾਮ ਨਗਰ ਦਿੱਲੀ, ਸ਼ਿਵਮ ਪੁੱਤਰ 103 ਜਵਾਹਰ ਮੁਹੱਲਾ ਬਾਜਰੇ ਵਾਲੀ ਗਲੀ ਸ਼ਾਹਦਰਾ (ਦਿੱਲੀ), ਵਿਕਾਸ ਪੁੱਤਰ ਦਇਆਨੰਦ ਕੌਂਸਲਰ ਨਿਵਾਸੀ ਮਕਾਨ ਨੰਬਰ 100 ਸੈਕਟਰ 5, ਆਰ. ਕੇ. ਪੁਰਮ (ਨਵੀਂ ਦਿੱਲੀ), ਆਸ਼ੀਸ਼ ਨੇਗੀ ਨਿਵਾਸੀ ਪਾਲਮ (ਨਵੀਂ ਦਿੱਲੀ), ਅਮਿਤ ਸਿੰਘ ਨਿਵਾਸੀ ਫਰੀਦਾਬਾਦ (ਹਰਿਆਣਾ), ਪ੍ਰਿਯਾ ਨਿਵਾਸੀ 39/1321 ਡੀ. ਡੀ. ਏ. ਫਲੈਟ ਅੰਬੇਡਕਰ ਨਗਰ (ਦਿੱਲੀ), ਖੁਸ਼ਬੂ ਨਿਵਾਸੀ ਗ੍ਰੇਟਰ ਨੋਇਡਾ ਦਿੱਲੀ (ਥਾਣਾ ਗਾਜੀਆਬਾਦ) ਅਤੇ ਮੁਸਕਾਨ ਨਿਵਾਸੀ ਐੱਚ. ਐੱਨ. ਓ. 1882 ਕੋਟਲਾ ਮੁਬਾਰਕਪੁਰ ਦਿੱਲੀ, ਥਾਣਾ ਕੋਟਲਾ ਆਦਿ ਨੂੰ ਗ੍ਰਿਫਤਾਰ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਫਿਲਹਾਲ ਜਾਂਚ ਵਿਚ ਪਤਾ ਲੱਗਾ ਹੈ ਕਿ ਕਾਬੂ ਸਾਰੇ ਮੁਲਜਮਾਂ ਦਾ ਕੋਈ ਅਪਰਾਧਿਕ ਪਿਛੋਕੜ ਨਹੀਂ ਹੈ। ਦੂਜੇ ਪਾਸੇ ਜੁਆਇੰਟ ਕਮਿਸ਼ਨਰ ਸੰਦੀਪ ਸ਼ਰਮਾ ਨੇ ਦੱਸਿਆ ਕਿ ਫਿਲਹਾਲ ਪੁਲਸ ਦੀ ਜਾਂਚ ਵਿਚ ਪਤਾ ਲੱਗਾ ਹੈ ਕਿ ਕਾਬੂ ਮੁਲਜਮ ਪਿਛਲੇ ਲੱਗਭਗ 2 ਦਿਨਾਂ ਤੋਂ ਲਾਜਪਤ ਨਗਰ ਨੇੜੇ ਸਥਿਤ ਹੋਟਲ ਫਾਰਚਿਊਨ ਵਿਚ ਬੋਰਡ ਰੂਮ ਲੈ ਕੇ ਉਥੇ ਫੋਨ ਕਰ ਕੇ ਗਾਹਕਾਂ ਨੂੰ ਬੁਲਾਉਂਦੇ ਸਨ। ਉਨ੍ਹਾਂ ਦੱਸਿਆ ਕਿ ਫਿਲਹਾਲ ਪੁਲਸ ਦੀ ਜਾਂਚ ਵਿਚ 2 ਲੋਕਾਂ ਨਾਲ ਲੱਗਭਗ 3 ਲੱਖ 80 ਹਜਾਰ ਦੀ ਠੱਗੀ ਦੇ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿਚੋਂ ਇਕ ਵਿਅਕਤੀ ਦੀ ਸ਼ਿਕਾਇਤ 'ਤੇ ਪੁਲਸ ਨੇ ਮਾਮਲਾ ਦਰਜ ਕਰ ਲਿਆ। ਉਨ੍ਹਾਂ ਦੱਸਿਆ ਕਿ ਦੂਜੇ ਪੀੜਤ ਦੀ ਸ਼ਿਕਾਇਤ ਵੀ ਉਨ੍ਹਾਂ ਕੋਲ ਆ ਰਹੇ ਹਨ। ਫਿਲਹਾਲ ਪੁਲਸ ਕਾਬੂ ਮੁਲਜਮਾਂ ਤੋਂ ਪੁੱਛਗਿੱਛ ਕਰ ਰਹੀ ਹੈ। ਜੁਆਇੰਟ ਕਮਿਸ਼ਨਰ ਸੰਦੀਪ ਸ਼ਰਮਾ ਨੇ ਦੱਸਿਆ ਕਿ ਪੁਲਸ ਜਾਂਚ ਵਿਚ ਪਤਾ ਲੱਗਾ ਕਿ ਚਲਾਕ ਗਿਰੋਹ ਦੇ ਮੈਂਬਰ ਸਸਤੇ ਪੈਕੇਜ ਦੇਣ ਦਾ ਕਹਿ ਕੇ ਲੋਕਾਂ ਨੂੰ ਫੋਨ ਕਰਕੇ ਹੋਟਲ ਵਿਚ ਬੁਲਾਉਂਦੇ ਸਨ। ਉਹ ਲੋਕਾਂ ਨੂੰ 4 ਲੱਖ ਵਾਲਾ ਪੈਕੇਜ ਪੌਣੇ 2 ਲੱਖ ਵਿਚ ਅਤੇ 20 ਹਜਾਰ ਵਾਲਾ ਹੋਟਲ ਸਿਰਫ 4 ਹਜਾਰ ਵਿਚ ਦਿਵਾਉਣ ਵਰਗੀਆਂ ਗੱਲਾਂ ਕਰ ਕੇ ਆਪਣੇ ਜਾਲ ਵਿਚ ਫਸਾਉਂਦੇ ਸਨ। ਕਈ ਲੋਕ ਇਨ੍ਹਾਂ ਦੇ ਝਾਂਸੇ ਵਿਚ ਆ ਜਾਂਦੇ ਸਨ। ਪੁਲਸ ਇਸ ਗੱਲ ਦਾ ਵੀ ਪਤਾ ਲਾ ਰਹੀ ਹੈ ਕਿ ਕਾਬੂ ਗਿਰੋਹ ਦੇ ਮੈਂਬਰ ਲੋਕਾਂ ਨੂੰ ਫੋਨ ਕਰਨ ਲਈ ਉਨ੍ਹਾਂ ਦੇ ਨਾਂ ਅਤੇ ਪਤੇ ਕਿਥੋਂ ਅਤੇ ਕਿਵੇਂ ਲੈਂਦੇ ਸਨ। ਪੁਲਸ ਇਸ ਗੱਲ ਦੀ ਵੀ ਜਾਂਚ ਕਰ ਰਹੀ ਹੈ ਕਿ ਕਾਬੂ ਗਿਰੋਹ ਦੇ ਮੈਂਬਰ ਜਲੰਧਰ ਤੋਂ ਇਲਾਵਾ ਕਿਥੇ-ਕਿਥੇ ਜਾ ਕੇ ਲੋਕਾਂ ਨੂੰ ਆਪਣੇ ਜਾਲ ਵਿਚ ਫਸਾਉਂਦੇ ਸਨ। ਫਿਲਹਾਲ ਪੁਲਸ ਕਾਬੂ ਲੋਕਾਂ ਕੋਲੋਂ ਪੁੱਛਗਿੱਛ ਕਰ ਰਹੀ ਹੈ।